ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 26 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੦ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਪੰਜਾਬ 'ਚ ਚਿੱਟੇ ਦੇ ਦੈਂਤ ਨੇ ਇੱਕ ਹੋਰ ਨੌਜਵਾਨ ਨਿਗਲਿਆ, ਬੈਲ ਖੇਡਾਂ ਦਾ ਪ੍ਰਮੋਟਰ ਸੀ 24 ਸਾਲਾ ਨੌਜਵਾਨ

**ਜਗਰਾਉਂ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਤੜਕਸਾਰ ਜਗਰਾਓਂ ਨੇੜਲੇ ਪਿੰਡ ਹਠੂਰ ਦੇ ਬੈਲ ਖੇਡਾਂ ਦੇ ਪ੍ਰਮੋਟਰ 24 ਸਾਲਾ ਨੌਜਵਾਨ ਬਲਕਰਨ ਸਿੰਘ ਪੁੱਤਰ ਬਲਜੀਤ ਸਿੰਘ ਦੀ ਮੌਤ ਚਿੱਟੇ ਨਾਲ ਹੋਣ ਸੰਬੰਧੀ ਜਾਣਕਾਰੀ ਪ੍ਰਾਪਤ ਹੋਈ ਹੈ। ਮ੍ਰਿਤਕ ਦੇ ਪਿਤਾ ਬਲਜੀਤ ਸਿੰਘ, ਚਾਚਾ ਸੁਖਦੇਵ ਸਿੰਘ ਤੇ ਹੋਰਨਾਂ ਪਿੰਡ ਵਾਸੀਆਂ ਨੇ ਕਿਹਾ ਕਿ ਮ੍ਰਿਤਕ ਨੌਜਵਾਨ ਦੀ ਜੇਬ 'ਚੋਂ ਪ੍ਰਾਪਤ ਹੋਇਆ ਚਿੱਟਾ ਤੇ ਪ੍ਰੈਗਾ ਕੈਪਸੂਲ ਦਿਖਾਉਂਦੇ ਹੋਏ ਦੱਸਿਆ ਕਿ ਹਠੂਰ, ਰਾਏਕੋਟ ਅਤੇ ਜਗਰਾਓਂ ਇਲਾਕੇ ਵਿੱਚ ਸ਼ਰੇਆਮ ਚਿੱਟਾ ਵਿਕਦਾ ਹੈ। ਮ੍ਰਿਤਕ ਕਰਨ ਬੁੱਟਰ ਨੂੰ ਕੁੱਝ ਮਹੀਨੇ ਪਹਿਲਾਂ ਹੀ ਨਸ਼ਾ ਛੁਡਾਊ ਕੇਂਦਰ ਵਿਚ ਭਰਤੀ ਕੀਤਾ ਗਿਆ ਸੀ, ਪਰ ਉਹ ਆਪਣੇ ਇਸ ਚਿੱਟੇ ਦੇ ਨਸ਼ੇ ਤੋਂ ਛੁਟਕਾਰਾ ਨਹੀਂ ਪਾ ਸਕਿਆ ਅਤੇ ਬੀਤੀ ਕੱਲ ਰਾਏਕੋਟ ਨੂੰ ਗਿਆ ਅਤੇ ਉਥੋਂ ਚਿੱਟਾ ਖਰੀਦ ਕੇ ਵਾਪਸ ਪਰਤਿਆ। ਸਵੇਰੇ ਜਦੋਂ ਮ੍ਰਿਤਕਾ ਦੀ ਦਾਦੀ ਗੁਰਦੁਆਰਾ ਸਾਹਿਬ ਤੋਂ ਵਾਪਸ ਪਰਤੀ ਤਾਂ ਸਵੇਰੇ 6 ਵਜੇ ਦੇ ਕਰੀਬ ਬਲਕਰਨ ਮ੍ਰਿਤਕ ਹਾਲਤ ਵਿੱਚ ਪਾਇਆ ਗਿਆ। ਉਧਰ, ਮੌਕੇ 'ਤੇ ਸੂਚਨਾ ਮਿਲਣ 'ਤੇ ਪਹੁੰਚ ਗਈ ਅਤੇ ਜਾਂਚ ਕੀਤੀ ਜਾ ਰਹੀ ਹੈ। ਹਠੂਰ ਥਾਣਾ ਦੇ ਏ.ਐਸ.ਆਈ. ਮਨੋਹਰ ਲਾਲ ਨੇ ਮਾਮਲੇ ਦੀ ਜਾਂਚ ਪਿੱਛੋਂ ਅਸਲ ਜਾਣਕਾਰੀ ਸਾਹਮਣੇ ਆਉਣ ਬਾਰੇ ਕਿਹਾ ਹੈ।



# ਪੰਜਾਬ ਕੈਮਿਸਟ ਐਸੋਸੀਏਸ਼ਨ ਦਾ ਵੱਡਾ ਫ਼ੈਸਲਾ

# 27,000 ਮੈਡੀਕਲ ਸਟੋਰਾਂ 'ਤੇ ਬੰਦ ਹੋਵੇਗੀ ਆਦਤ ਪਾਉਣ ਵਾਲੀਆਂ ਦਵਾਈਆਂ ਦੀ ਵਿਕਰੀ

**ਚੰਡੀਗੜ੍ਹ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਵਿੱਚ ਨਸ਼ਾ ਵਿਰੋਧੀ ਆਗੂ ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਪੰਜਾਬ ਸਰਕਾਰ ਅਤੇ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਵੱਲੋਂ ਮੈਡੀਕਲ ਸਟੋਰਾਂ 'ਤੇ ਕੀਤੀ ਜਾ ਰਹੀ ਸਖ਼ਤ ਕਾਰਵਾਈ ਅਤੇ ਛਾਪੇਮਾਰੀ ਕਾਰਨ ਪੰਜਾਬ ਕੈਮਿਸਟ ਐਸੋਸੀਏਸ਼ਨ ਅਤੇ ਸਰਕਾਰ ਵਿਚਾਲੇ ਤਣਾਅ ਵਧ ਗਿਆ ਹੈ। ਐਸੋਸੀਏਸ਼ਨ ਨੇ ਪ੍ਰਸ਼ਾਸਨ 'ਤੇ ਕੈਮਿਸਟਾਂ ਨੂੰ ਤੰਗ-ਪ੍ਰੇਸ਼ਾਨ ਕਰਨ ਦਾ ਦੋਸ਼ ਲਾਉਂਦਿਆਂ ਸੂਬੇ ਭਰ ਵਿੱਚ ਆਦਤ ਪਾਉਣ ਵਾਲੀਆਂ (Habit-forming drugs/Psychotropic drugs) ਦਵਾਈਆਂ ਦੀ ਵਿਕਰੀ ਪੂਰੀ ਤਰ੍ਹਾਂ ਬੰਦ ਕਰਨ ਦਾ ਐਲਾਨ ਕਰ ਦਿੱਤਾ ਹੈ। ਐਸੋਸੀਏਸ਼ਨ ਦੇ ਇਸ ਫ਼ੈਸਲੇ ਨਾਲ ਪੰਜਾਬ ਦੇ ਲਗਭਗ 27,000 ਤੋਂ ਵੱਧ ਮੈਡੀਕਲ ਸਟੋਰਾਂ 'ਤੇ ਇਨ੍ਹਾਂ ਦਵਾਈਆਂ ਦੀ ਸਪਲਾਈ ਠੱਪ ਹੋ ਜਾਵੇਗੀ। ਕੈਮਿਸਟਾਂ ਨੇ ਫ਼ੈਸਲਾ ਕੀਤਾ ਹੈ ਕਿ ਉਹ ਪ੍ਰੈਗਾਬਾਲਿਨ ਅਤੇ ਟ੍ਰਾਮਾਡੋਲ ਵਰਗੀਆਂ ਦਵਾਈਆਂ ਦੇ ਮੌਜੂਦਾ ਸਟਾਕ ਨੂੰ ਸਪਲਾਇਰਾਂ/ਕੰਪਨੀਆਂ ਨੂੰ ਵਾਪਸ ਕਰ ਦੇਣਗੇ ਅਤੇ ਭਵਿੱਖ ਵਿੱਚ ਨਵੇਂ ਆਰਡਰ ਨਹੀਂ ਦੇਣਗੇ। ਇਸ ਕਦਮ ਨਾਲ ਦਿਮਾਗੀ ਬੀਮਾਰੀਆਂ, ਜੋੜਾਂ ਦੇ ਦਰਦ, ਡਿਪਰੈਸ਼ਨ, ਸ਼ੂਗਰ ਅਤੇ ਅਧਰੰਗ ਤੋਂ ਪੀੜਤ ਉਨ੍ਹਾਂ ਮਰੀਜ਼ਾਂ ਲਈ ਵੱਡੀ ਮੁਸ਼ਕਿਲ ਖੜ੍ਹੀ ਹੋ ਸਕਦੀ ਹੈ ਜੋ ਨਿਯਮਤ ਤੌਰ 'ਤੇ ਡਾਕਟਰ ਦੀ ਸਲਾਹ ਨਾਲ ਇਹ ਦਵਾਈਆਂ ਲੈਂਦੇ ਹਨ। ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਆਗੂ ਸੰਜੀਵ ਚੌਧਰੀ ਨੇ ਪੁਲਿਸ ਅਤੇ ਪ੍ਰਸ਼ਾਸਨ ਦੀ ਕਾਰਜਪ੍ਰਣਾਲੀ 'ਤੇ ਗੰਭੀਰ ਸਵਾਲ ਚੁੱਕਦਿਆਂ ਕਿਹਾ ਕਿ ਕੁਝ ਗ਼ਲਤ ਅਨਸਰਾਂ ਦੀ ਵਜ੍ਹਾ ਕਰਕੇ ਪੂਰੇ ਕੈਮਿਸਟ ਭਾਈਚਾਰੇ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਡਰੱਗ ਇੰਸਪੈਕਟਰਾਂ ਦੀ ਥਾਂ ਪੁਲਿਸ ਵੱਲੋਂ ਮੈਡੀਕਲ ਸਟੋਰਾਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਬਿਲਿੰਗ ਜਾਂ ਰਿਕਾਰਡ ਵਿੱਚ ਮਾਮੂਲੀ ਅੰਤਰ ਹੋਣ 'ਤੇ ਵੀ ਕੈਮਿਸਟਾਂ 'ਤੇ NDPS ਐਕਟ ਵਰਗੇ ਗੰਭੀਰ ਮਾਮਲੇ ਦਰਜ ਕਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਐਸੋਸੀਏਸ਼ਨ ਨੇ ਸਾਫ਼ ਕੀਤਾ ਕਿ ਉਹ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਦੇ ਸਮਰਥਨ ਵਿੱਚ ਹਨ, ਪਰ ਅਸਲੀ ਪਰਚੀ 'ਤੇ ਕਾਨੂੰਨੀ ਤੌਰ 'ਤੇ ਦਵਾਈਆਂ ਵੇਚਣ ਵਾਲੇ ਦੁਕਾਨਦਾਰਾਂ ਦੀ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਪ੍ਰਸ਼ਾਸਨਿਕ ਕਾਰਵਾਈ ਦੇ ਇਸ ਰੁਖ਼ ਨਾਲ ਆਉਣ ਵਾਲੇ ਦਿਨਾਂ ਵਿੱਚ ਮਰੀਜ਼ਾਂ ਨੂੰ ਆਪਣੀ ਜ਼ਰੂਰੀ ਦਵਾਈ ਪ੍ਰਾਪਤ ਕਰਨ ਲਈ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ।



## ਪਰਵਿੰਦਰ ਝੋਟੇ ਦੇ ਇਨਸਾਫ਼ ਲਈ ਦੁਨੀਆ ਭਰ 'ਚ ਹੋਵੇਗੀ ਅਰਦਾਸ ! ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੰਦੇਸ਼ ਜਾਰੀ

**ਅੰਮ੍ਰਿਤਸਰ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅੰਦਰ ਨਸ਼ਿਆਂ ਦਾ ਵਿਰੋਧ ਕਰਦਿਆਂ ਬੀਤੇ ਦਿਨੀਂ ਸ਼ਹੀਦ ਹੋਣ ਵਾਲੇ ਪਰਮਿੰਦਰ ਸਿੰਘ ਦੇ ਮਾਮਲੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਮੂਹ ਗੁਰੂ ਖ਼ਾਲਸਾ ਪੰਥ ਨੂੰ ਸੰਦੇਸ਼ ਦਿੱਤਾ ਹੈ ਕਿ 28 ਅਕਤੂਬਰ ਨੂੰ ਦੇਸ਼ ਵਿਦੇਸ਼ ਵਿੱਚ ਗੁਰਦੁਆਰਾ ਸਾਹਿਬਾਨ ਵਿਖੇ ਉਨ੍ਹਾਂ ਦੇ ਪਰਿਵਾਰ ਨੂੰ ਇਨਸਾਫ਼ ਲਈ ਅਤੇ ਪੰਜਾਬ ਦੇ ਨੌਜਵਾਨਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਨਸ਼ਿਆਂ ਦਾ ਵਰਤਾਰਾ ਘੁਣ ਵਾਂਗ ਪੰਜਾਬ ਦੀ ਜਵਾਨੀ ਨੂੰ ਖਾ ਰਿਹਾ ਹੈ, ਜੇਕਰ ਮੈਡੀਕਲ ਨਸ਼ਿਆਂ ਦੀ ਲੜੀ ਅਤੇ ਸੰਥੈਟਿਕ ਨਸ਼ਿਆਂ ਦਾ ਨੈਟਵਰਕ ਸਰਕਾਰਾਂ ਨੇ ਨਾ ਤੋੜਿਆ ਤਾਂ ਆਉਣ ਵਾਲੇ ਸਮੇਂ ਅੰਦਰ ਇਸ ਦੇ ਜਵਾਨੀ ਲਈ ਬਹੁਤ ਭੈੜੇ ਨਤੀਜੇ ਹੋ ਸਕਦੇ ਹਨ। ਉਨ੍ਹਾਂ ਨੇ ਸਮਾਜ ਦੇ ਹਰ ਵਰਗ ਨੂੰ ਪਰਮਿੰਦਰ ਸਿੰਘ ਦੇ ਪਰਿਵਾਰ ਨਾਲ ਇਨਸਾਫ ਦੀ ਲੜਾਈ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਗੱਲ ਆਖੀ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਭਾਵੇਂ ਕਿ ਨਸ਼ੇ ਦੀ ਸਮੱਸਿਆ ਵਿਸ਼ਵ ਪੱਧਰ ਦੀ ਹੈ ਪਰ ਗੁਰੂ ਸਾਹਿਬਾਨ ਨੇ ਸਿੱਖ ਨੂੰ ਕਿਸੇ ਵੀ ਤਰ੍ਹਾਂ ਦੇ ਨਸ਼ਿਆਂ ਤੋਂ ਵਰਜਿਆ ਹੈ ਅਤੇ ਗੁਰਮਤਿ ਅਨੁਸਾਰੀ ਇੱਕ ਸੱਚਾ ਤੇ ਸੁੱਚਾ ਜੀਵਨ ਬਤੀਤ ਕਰਨ ਸਿੱਖਿਆ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜਿਹੜੇ ਵੀ ਨੌਜਵਾਨ ਨਸ਼ਿਆਂ ਦੀ ਦਲਦਲ ਵਿੱਚ ਫਸੇ ਹਨ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਨਾਲ ਜੁੜ ਕੇ ਆਪਣੀ ਦ੍ਰਿੜ੍ਹ ਇੱਛਾ ਸ਼ਕਤੀ ਨਾਲ ਨਸ਼ੇ ਨੂੰ ਛੱਡ ਸਕਦੇ ਹਨ ਅਤੇ ਆਪਣੇ ਜੀਵਨ ਦੀ ਨਵੀਂ ਸ਼ੁਰੂਆਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਾਹਰ ਕੱਢਣ ਅਤੇ ਮੁੱਖ ਧਾਰਾ ਵਿੱਚ ਜੋੜਨ ਲਈ ਵੀ ਵਿਸ਼ੇਸ਼ ਉਪਰਾਲੇ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਸਮਾਜ ਅੰਦਰ ਨਸ਼ਾ ਵੇਚ ਰਹੇ ਹਨ ਉਨ੍ਹਾਂ ਦਾ ਪੂਰਨ ਬਾਈਕਾਟ ਹੋਵੇ ਤੇ ਉਨ੍ਹਾਂ ਉੱਤੇ ਸਖ਼ਤ ਕਾਰਵਾਈ ਹੋਵੇ।



## ਚਿੱਟਾ ਹੀ ਚਿੱਟਾ... ! ਪੰਜਾਬ 'ਚ ਨਸ਼ਿਆਂ ਨੂੰ ਉਜਾਗਰ ਕਰਦੀ ਤਸਵੀਰ, ਬਠਿੰਡਾ 'ਚ ਕੰਧਾਂ 'ਤੇ ਲਿਖੇ ਗਏ ਨਾਅਰੇ

**ਬਠਿੰਡਾ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਜ਼ਿਲ੍ਹੇ ਦੇ ਪੰਜਾਬ-ਹਰਿਆਣਾ ਸਰਹੱਦ 'ਤੇ ਸਥਿਤ ਡੂੰਮਵਾਲੀ ਪਿੰਡ ਦੀ ਨਰਸਿੰਘ ਕਲੋਨੀ ਵਿੱਚ ਲਗਭਗ 450 ਪੁਲਿਸ ਮੁਲਾਜ਼ਮਾਂ ਵੱਲੋਂ ਘੇਰਾਬੰਦੀ ਅਤੇ ਸਰਚ ਆਪ੍ਰੇਸ਼ਨ ਕਰਨ ਤੋਂ ਦੋ ਹਫ਼ਤਿਆਂ ਬਾਅਦ ਹੀ, ਹੈਰੋਇਨ ਦੀ ਕਥਿਤ ਤੌਰ 'ਤੇ ਆਸਾਨੀ ਨਾਲ ਉਪਲਬਧਤਾ ਦਾ ਮਾਮਲਾ ਫਿਰ ਤੋਂ ਸਾਹਮਣੇ ਆਇਆ ਹੈ। ਸ਼ਨੀਵਾਰ ਦੇਰ ਰਾਤ ਅਣਪਛਾਤੇ ਵਿਅਕਤੀਆਂ ਨੇ ਇੱਕ ਕੰਧ 'ਤੇ "ਚਿੱਟਾ ਹੀ ਚਿੱਟਾ" ਲਿਖਿਆ ਹੈ। ਕੰਧ 'ਤੇ ਲਿਖੇ ਨਾਅਰੇ ਵਿੱਚ ਇੱਕ ਤੀਰ ਦਾ ਨਿਸ਼ਾਨ ਵੀ ਬਣਾਇਆ ਗਿਆ, ਜਿਸ ਨੂੰ ਉਸ ਪਾਸੇ ਨਸ਼ਾ ਮਿਲਣ ਬਾਰੇ ਦਰਸਾਇਆ ਗਿਆ ਜਾਪਦਾ ਹੈ। ਇਲਾਕੇ ਦੀ ਇੱਕ ਔਰਤ ਨੇ ਦੋਸ਼ ਲਗਾਇਆ ਕਿ ਉਸਦਾ ਪੁੱਤਰ ਨਸ਼ੇ ਦਾ ਆਦੀ ਹੈ ਅਤੇ ਦਾਅਵਾ ਕੀਤਾ ਕਿ ਇਲਾਕੇ ਵਿੱਚ 'ਚਿੱਟਾ' ਆਸਾਨੀ ਨਾਲ ਉਪਲਬਧ ਸੀ। ਉਸਨੇ ਦੋਸ਼ ਲਗਾਇਆ ਕਿ ਜਦੋਂ ਪੁਲਿਸ ਨੇ ਜਾਣਕਾਰੀ ਮਿਲਣ ਤੋਂ ਬਾਅਦ ਛਾਪੇਮਾਰੀ ਕੀਤੀ, ਤਾਂ ਕੁਝ ਕਰਮਚਾਰੀਆਂ ਨੇ ਸ਼ੱਕੀ ਨਸ਼ਾ ਤਸਕਰਾਂ ਨੂੰ ਪਹਿਲਾਂ ਹੀ ਸੂਚਿਤ ਕਰ ਦਿੱਤਾ। ਹਾਲਾਂਕਿ, ਉਸਨੇ ਨਸ਼ੀਲੇ ਪਦਾਰਥਾਂ ਦੇ ਖਤਰੇ ਨਾਲ ਨਜਿੱਠਣ ਲਈ ਕੁਝ ਪੁਲਿਸ ਕਰਮਚਾਰੀਆਂ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ। ਕੁਝ ਲੋਕਾਂ ਨੇ ਕੰਧ ਤੋਂ ਲਿਖਤ ਮਿਟਾਉਣ ਦੀ ਵੀ ਕੋਸ਼ਿਸ਼ ਕੀਤੀ। ਪੁਲਿਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਦੱਸ ਦਈਏ ਕਿ 10 ਅਕਤੂਬਰ ਨੂੰ ਬਠਿੰਡਾ ਰੇਂਜ ਦੇ ਡੀਆਈਜੀ ਹਰਜੀਤ ਸਿੰਘ ਨੇ ਐਸਐਸਪੀ ਸੁਹੇਲ ਕਾਸਿਮ ਮੀਰ ਅਤੇ ਵਧੀਕ ਡਿਪਟੀ ਕਮਿਸ਼ਨਰ ਕੰਚਨ ਦੇ ਨਾਲ ਸੰਗਤ ਪੁਲਿਸ ਸਟੇਸ਼ਨ ਦੇ ਅਧਿਕਾਰ ਖੇਤਰ ਵਿੱਚ ਆਉਣ ਵਾਲੀ ਨਰਸਿੰਘ ਕਲੋਨੀ ਵਿੱਚ ਇੱਕ ਤਲਾਸ਼ੀ ਮੁਹਿੰਮ ਦੀ ਅਗਵਾਈ ਵੀ ਕੀਤੀ ਸੀ। ਪਿਛਲੇ ਸਾਲ ਨਵੰਬਰ ਵਿੱਚ, ਮੌੜ ਕਲਾਂ ਪਿੰਡ ਦੇ ਕੁਝ ਵਸਨੀਕਾਂ ਨੇ ਕੰਧਾਂ 'ਤੇ "ਐਧਰ ਚਿੱਟਾ ਸ਼ਰੀਅਮ ਮਿਲਦਾ ਹੈ (ਇੱਥੇ ਚਿੱਟਾ ਖੁੱਲ੍ਹੇਆਮ ਵਿਕਦਾ ਹੈ)" ਲਿਖਿਆ ਸੀ, ਜੋ ਕਥਿਤ ਨਸ਼ਾ ਤਸਕਰਾਂ ਦੇ ਘਰਾਂ ਵੱਲ ਇਸ਼ਾਰਾ ਕਰਦੇ ਸਨ। ਇਹ ਵਿਰੋਧ ਪ੍ਰਦਰਸ਼ਨ ਇੱਕ ਨੌਜਵਾਨ ਦੀ ਮੌਤ ਤੋਂ ਬਾਅਦ ਹੋਇਆ ਸੀ, ਜਿਸਦੀ ਮੌਤ ਨਸ਼ੇ ਦੀ ਓਵਰਡੋਜ਼ ਨਾਲ ਹੋਣ ਦਾ ਸ਼ੱਕ ਹੈ। ਇਸ ਤੋਂ ਪਹਿਲਾਂ, ਪਿਛਲੇ ਸਾਲ ਜੂਨ ਵਿੱਚ, ਇੱਕ ਕਿਸਾਨ ਨੇ ਭਾਈ ਬਖਤੌਰ ਪਿੰਡ ਵਿੱਚ "ਸਾਡਾ ਪਿੰਡ ਵਿਕਾਸ ਹੈ" (ਸਾਡਾ ਪਿੰਡ ਵਿਕਾਊ ਹੈ) ਲਿਖਿਆ ਬੈਨਰ ਲਗਾ ਕੇ ਨਸ਼ੇ ਦੀ ਸਮੱਸਿਆ ਵੱਲ ਧਿਆਨ ਖਿੱਚਿਆ ਸੀ।




## ਮਹਿੰਗਾਈ ਦੀ ਮਾਰ ! ਫ਼ਰਾਂਸ 'ਚ ਹਿੰਸਕ ਪ੍ਰਦਰਸ਼ਨ, ਯੂਰਪ 'ਚ ਲੱਖਾਂ ਲੋਕ ਸੜਕਾਂ 'ਤੇ ਉਤਰੇ

**ਪੈਰਿਸ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਫਰਾਂਸ ਵਿੱਚ ਵਧਦੀ ਮਹਿੰਗਾਈ, ਘੱਟਦੀਆਂ ਤਨਖਾਹਾਂ ਅਤੇ ਸਰਕਾਰੀ ਨੀਤੀਆਂ ਦੇ ਖ਼ਿਲਾਫ਼ ਵਿਰੋਧ ਪ੍ਰਦਰਸ਼ਨਾਂ ਦਾ ਦੌਰ ਲਗਾਤਾਰ ਜਾਰੀ ਹੈ। ਲੰਘੇ ਸ਼ਨੀਵਾਰ ਨੂੰ ਫਰਾਂਸ ਭਰ ਵਿੱਚ ਇੱਕ ਵਾਰ ਫਿਰ ਵੱਡੇ ਪੱਧਰ 'ਤੇ ਪ੍ਰਦਰਸ਼ਨ ਹੋਏ, ਜਿਨ੍ਹਾਂ ਵਿੱਚ ਦੇਸ਼ ਭਰ ਵਿੱਚੋਂ ਲਗਭਗ 4 ਲੱਖ 10 ਹਜ਼ਾਰ ਲੋਕਾਂ ਨੇ ਹਿੱਸਾ ਲਿਆ। ਇਕੱਲੇ ਰਾਜਧਾਨੀ ਪੈਰਿਸ ਵਿੱਚ ਹੀ 1 ਲੱਖ 10 ਹਜ਼ਾਰ ਦੇ ਲਗਭਗ ਪ੍ਰਦਰਸ਼ਨਕਾਰੀ ਸੜਕਾਂ 'ਤੇ ਉਤਰੇ। ਇਸ ਦੌਰਾਨ ਦੇਸ਼ ਭਰ ਵਿੱਚੋਂ 1,000 ਤੋਂ ਵੱਧ ਪ੍ਰਦਰਸ਼ਨਕਾਰੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਲਗਭਗ 2,400 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਦੋਂ ਕਿ ਲਗਭਗ 1,000 ਸੁਰੱਖਿਆ ਕਰਮਚਾਰੀ ਜ਼ਖਮੀ ਹੋਏ ਹਨ। ਇਸ ਤੋਂ ਇਲਾਵਾ, ਇਕੱਲੇ ਪੈਰਿਸ ਵਿੱਚ 100 ਪ੍ਰਦਰਸ਼ਨਕਾਰੀ ਅਤੇ ਸਥਾਨਕ ਨਿਵਾਸੀ ਵੀ ਜ਼ਖਮੀ ਹੋਏ ਹਨ। ਫਰਾਂਸ ਅਤੇ ਸਪੇਨ ਵਿੱਚ ਸ਼ਨੀਵਾਰ ਨੂੰ ਸਰਕਾਰ ਵਿਰੋਧੀ ਪ੍ਰਦਰਸ਼ਨ ਹਿੰਸਕ ਹੋ ਗਏ, ਪ੍ਰਦਰਸ਼ਨਕਾਰੀਆਂ ਅਤੇ ਪੁਲਿਸ ਵਿਚਕਾਰ ਝੜਪਾਂ ਹੋਈਆਂ, ਦੁਕਾਨਾਂ ਲੁੱਟੀਆਂ ਗਈਆਂ ਅਤੇ ਜਨਤਕ ਜਾਇਦਾਦ ਨੂੰ ਨੁਕਸਾਨ ਪਹੁੰਚਿਆ। ਸਪੇਨ ਦੇ ਬਾਰਸੀਲੋਨਾ ਵਿੱਚ ਅਧਿਕਾਰੀਆਂ ਨੇ ਨਕਾਬਪੋਸ਼ ਪ੍ਰਦਰਸ਼ਨਕਾਰੀਆਂ ਵੱਲੋਂ ਦੁਕਾਨਾਂ ਦੀ ਭੰਨਤੋੜ ਕਰਨ ਤੋਂ ਬਾਅਦ 100 ਲੋਕਾਂ ਨੂੰ ਗ੍ਰਿਫਤਾਰ ਕੀਤਾ, ਜਦੋਂ ਕਿ ਫਰਾਂਸੀਸੀ ਪੁਲਿਸ ਨੇ ਮਹਿੰਗਾਈ ਅਤੇ ਸਕੂਲ ਫੰਡਿੰਗ ਨੂੰ ਲੈ ਕੇ ਪ੍ਰਦਰਸ਼ਨਾਂ ਦੌਰਾਨ ਲਗਭਗ 1,000 ਨੂੰ ਗ੍ਰਿਫਤਾਰ ਕੀਤਾ। ਪੈਰਿਸ ਵਿੱਚ ਪ੍ਰਦਰਸ਼ਨ ਦੀ ਸ਼ੁਰੂਆਤ ਸ਼ਾਂਤਮਈ ਢੰਗ ਨਾਲ ਹੋਈ ਸੀ, ਪਰ ਬਾਅਦ ਵਿੱਚ ਸਥਿਤੀ ਤਣਾਅਪੂਰਨ ਹੋ ਗਈ। ਪੁਲਿਸ ਨੇ ਭੀੜ ਨੂੰ ਕੰਟਰੋਲ ਕਰਨ ਲਈ ਅੱਥਰੂ ਗੈਸ ਦੇ ਗੋਲੇ ਛੱਡੇ ਅਤੇ ਪਾਣੀ ਦੀਆਂ ਵਾਛੜਾਂ (ਵਾਟਰ ਕੈਨਨ) ਦੀ ਵਰਤੋਂ ਕੀਤੀ। ਪੈਰਿਸ ਤੋਂ ਇਲਾਵਾ ਲਿਓਨ, ਕਲੇਰਮੋਂਟ-ਫੇਰਾ, ਸਟ੍ਰਾਸਬੁਰਗ, ਨੀਸ, ਨਾਂਤੇਸ ਅਤੇ ਮਾਰਸੇਈ ਵਰਗੇ ਸ਼ਹਿਰਾਂ ਵਿੱਚ ਵੀ ਪੁਲਿਸ ਅਤੇ ਪ੍ਰਦਰਸ਼ਨਕਾਰੀਆਂ ਵਿਚਾਲੇ ਝੜਪਾਂ ਹੋਈਆਂ। ਥਿਤੀ ਵਿਗੜਨ ਤੋਂ ਰੋਕਣ ਲਈ ਫ਼ਰਾਂਸ ਦੇ ਗ੍ਰਹਿ ਮੰਤਰੀ ਲੌਰੈਂਟ ਨੂਨੇਜ਼ ਨੇ ਦੇਸ਼ ਭਰ ਵਿੱਚ 70 ਹਜ਼ਾਰ ਪੁਲਸ ਕਰਮਚਾਰੀਆਂ ਦੀ ਤਾਇਨਾਤੀ ਕੀਤੀ ਸੀ। ਸੁਰੱਖਿਆ ਲਈ ਹੈਲੀਕਾਪਟਰ, ਬਖ਼ਤਰਬੰਦ ਵਾਹਨ ਅਤੇ ਵਾਟਰ ਕੈਨਨ ਵੀ ਮੈਦਾਨ ਵਿੱਚ ਉਤਾਰੇ ਗਏ ਸਨ। ਜ਼ਿਕਰਯੋਗ ਹੈ ਕਿ ਇਸ ਤੋਂ ਪਿਛਲੇ ਹਫ਼ਤੇ ਵੀ 5 ਲੱਖ ਤੋਂ ਵੱਧ ਲੋਕ ਸੜਕਾਂ 'ਤੇ ਉਤਰੇ ਸਨ, ਜਿਸ ਦੌਰਾਨ ਦੇਸ਼ ਭਰ ਵਿੱਚ ਲਗਭਗ 3,000 ਦੁਕਾਨਾਂ ਦੀ ਭੰਨਤੋੜ ਅਤੇ ਲੁੱਟ-ਖੋਹ ਹੋਈ ਸੀ। ਇਸ ਅੰਦੋਲਨ ਦੀ ਸ਼ੁਰੂਆਤ ਪਿਛਲੇ ਮਹੀਨੇ ਪੈਰਿਸ ਦੇ ਦੱਖਣ-ਪੂਰਬੀ ਇੱਕ ਹਾਈ ਸਕੂਲ ਵਿੱਚ ਸਟਾਫ਼ ਦੀ ਘਾਟ ਦੇ ਵਿਰੋਧ ਨਾਲ ਹੋਈ ਸੀ, ਜੋ ਹੁਣ ਪੂਰੇ ਦੇਸ਼ ਵਿੱਚ ਫੈਲ ਚੁੱਕਾ ਹੈ। ਅਧਿਆਪਕਾਂ ਅਤੇ ਕਰਮਚਾਰੀਆਂ ਦੀ ਮੰਗ : ਉਹ ਵਧਦੀ ਮਹਿੰਗਾਈ ਦੇ ਮੱਦੇਨਜ਼ਰ ਵਧੀਆ ਤਨਖਾਹਾਂ, ਬਿਹਤਰ ਪੈਨਸ਼ਨ ਅਤੇ ਸਿੱਖਿਆ ਖੇਤਰ ਵਿੱਚ ਵੱਧ ਬਜਟ ਦੀ ਮੰਗ ਕਰ ਰਹੇ ਹਨ।



## ਸਾਊਦੀ ਅਰਬ ਜਾਣ ਵਾਲੀਆਂ ਏਅਰ ਇੰਡੀਆ ਦੀਆਂ ਉਡਾਣਾਂ ਵੀ ਰੱਦ, ਰਿਫੰਡ ਲਈ ਹੈਲਪਲਾਈਨ ਨੰਬਰ ਜਾਰੀ

**ਨਵੀਂ ਦਿੱਲੀ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਾਊਦੀ ਅਰਬ ਵਿੱਚ ਹੂਤੀ ਬਾਗੀਆਂ ਦੇ ਹਮਲਿਆਂ ਦੇ ਵਿਚਕਾਰ, ਏਅਰ ਇੰਡੀਆ ਗਰੁੱਪ ਨੇ ਵੀ ਆਪਣੀਆਂ ਉਡਾਣਾਂ ਰੱਦ ਕਰ ਦਿੱਤੀਆਂ ਹਨ। ਰਿਫੰਡ ਅਤੇ ਫਲਾਈਟ ਸਟੇਟਸ ਚੈੱਕ ਲਈ ਹੈਲਪਲਾਈਨ ਨੰਬਰ ਜਾਰੀ ਕੀਤੇ ਗਏ ਹਨ। ਰਿਆਦ ਅਤੇ ਦਮਾਮ ਲਈ ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ ਦੀਆਂ ਉਡਾਣਾਂ 7 ਨਵੰਬਰ ਤੱਕ ਰੱਦ ਰਹਿਣਗੀਆਂ। ਜੇਦਾਹ ਲਈ ਉਡਾਣਾਂ 31 ਅਕਤੂਬਰ, 2026 ਤੱਕ ਰੱਦ ਰਹਿਣਗੀਆਂ। ਇੰਡੀਗੋ ਏਅਰਲਾਈਨਜ਼ ਨੇ ਰਿਆਦ, ਜੇਦਾਹ, ਦਮਾਮ ਅਤੇ ਮਦੀਨਾ ਲਈ ਉਡਾਣਾਂ 31 ਅਕਤੂਬਰ ਤੱਕ ਰੱਦ ਕਰ ਦਿੱਤੀਆਂ ਹਨ। ਅਕਾਸਾ ਏਅਰ ਨੇ 10 ਨਵੰਬਰ ਤੱਕ ਜੇਦਾਹ ਲਈ ਉਡਾਣਾਂ ਰੱਦ ਕਰ ਦਿੱਤੀਆਂ ਹਨ। ਰਿਆਦ ਲਈ ਉਡਾਣਾਂ 30 ਨਵੰਬਰ, 2026 ਤੱਕ ਰੱਦ ਰਹਿਣਗੀਆਂ, ਅਤੇ ਯਾਤਰੀਆਂ ਦੇ ਸਹਿਯੋਗ ਦੀ ਉਮੀਦ ਹੈ। ਕੈਲੰਡਰਦੇਖੋ ਹੂਤੀ ਬਾਗੀਆਂ ਦੇ ਹਮਲਿਆਂ ਕਾਰਨ ਸਾਊਦੀ ਅਰਬ ਵਿੱਚ ਸਥਿਤੀ ਵਿਗੜ ਗਈ ਹੈ ਅਤੇ ਮੱਧ ਪੂਰਬ ਵਿੱਚ ਇੱਕ ਨਵਾਂ ਯੁੱਧ ਸ਼ੁਰੂ ਹੋ ਗਿਆ ਹੈ। ਏਅਰਲਾਈਨ ਨੇ ਯਾਤਰੀ ਸੁਰੱਖਿਆ ਨੂੰ ਦੇਖਦੇ ਹੋਏ ਉਡਾਣਾਂ ਰੱਦ ਕਰਨ ਦਾ ਫੈਸਲਾ ਕੀਤਾ ਹੈ। ਕਿਉਂਕਿ ਹੂਤੀ ਬਾਗੀਆਂ ਨੇ ਸਾਊਦੀ ਅਰਬ ਦੇ ਹਵਾਈ ਅੱਡਿਆਂ ਨੂੰ ਨਿਸ਼ਾਨਾ ਬਣਾਇਆ ਹੈ, ਇਸ ਲਈ ਸਾਊਦੀ ਅਰਬ ਤੋਂ ਆਉਣਾ-ਜਾਣਾ ਖ਼ਤਰਨਾਕ ਹੋ ਸਕਦਾ ਹੈ। ਸਾਊਦੀ ਹਵਾਈ ਅੱਡਿਆਂ 'ਤੇ ਹਮਲਿਆਂ ਕਾਰਨ, ਕਈ ਦੇਸ਼ਾਂ ਦੀਆਂ ਏਅਰਲਾਈਨਾਂ ਨੇ ਉਡਾਣਾਂ ਰੱਦ ਕਰ ਦਿੱਤੀਆਂ ਹਨ। ਭਾਰਤ ਦੀਆਂ ਅਕਾਸਾ ਏਅਰਲਾਈਨਜ਼, ਇੰਡੀਗੋ ਏਅਰਲਾਈਨਜ਼, ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ ਨੇ ਉਡਾਣਾਂ ਰੱਦ ਕਰ ਦਿੱਤੀਆਂ ਹਨ, ਅਤੇ ਯਾਤਰੀਆਂ ਨੂੰ 24 ਅਕਤੂਬਰ ਤੋਂ ਪਹਿਲਾਂ ਪੁਸ਼ਟੀ ਕੀਤੀਆਂ ਟਿਕਟਾਂ ਲਈ ਰਿਫੰਡ ਪ੍ਰਾਪਤ ਹੋਣਗੇ।

ਏਅਰ ਇੰਡੀਆ ਐਕਸਪ੍ਰੈਸ ਆਪਣੇ ਯਾਤਰੀਆਂ ਨੂੰ ਸਾਊਦੀ ਅਰਬ, ਬਹਿਰੀਨ ਜਾਂ ਭਾਰਤ ਦੇ ਅੰਦਰ ਕਿਸੇ ਵੀ ਓਪਰੇਟਿੰਗ ਸਟੇਸ਼ਨ ਤੋਂ ਬੁੱਕ ਕੀਤੀਆਂ ਟਿਕਟਾਂ ਦੀ ਇੱਕ ਵਾਰ, ਮੁਫ਼ਤ ਰੀਬੁਕਿੰਗ ਦੀ ਪੇਸ਼ਕਸ਼ ਵੀ ਕਰੇਗੀ।

ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ ਹੈਲਪਲਾਈਨਾਂ
ਏਅਰ ਇੰਡੀਆ - +91 11 69329333 / +91 11 69329999
ਏਅਰ ਇੰਡੀਆ ਐਕਸਪ੍ਰੈਸ - +91 124 6935600



ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ

# ਸਲਾਨਾ ਗੁਰਮਤਿ ਸਮਾਗਮ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137



ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

**ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।**

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

**ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਆਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

DHAN DHAN SRI GURU NANAK DEV JI
PARKASH PURAB

SANDWELL

# NAGAR KIRTAN

# ਨਗਰ ਕੀਰਤਨ



## SUNDAY 1ST NOVEMBER 2026

| | | | |
|---|---|---|---|
| **GURDWARA GURU HAR RAI SAHIB JI**<br>George Street, West Bromwich | START 9:00AM | ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ<br>ਜਰੋਜ ਸਟਰੀਟ, ਵੈਸਟ ਬ੍ਰਮਮਿਚ | ਅਰੰਭਤਾ: ੯:੦੦ ਵਜੇ |
| **GURU NANAK GURDWARA**<br>Edward Street, West Bromwich | 11:00AM | ਗੁਰੂ ਨਾਨਕ ਗੁਰਦੁਆਰਾ<br>ਏਡਵਰਡ ਸਟਰੀਟ, ਵੈਸਟ ਬ੍ਰਮਮਿਚ | ੧੧:੦੦ ਵਜੇ |
| **GURDWARA AMRIT PARCHAR DHARMIK DIWAN**<br>Birmingham Road, Oldbury | 1:00PM | ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ<br>ਬ੍ਰਮਿੰਘਮ ਰੋਡ, ਓਲਡਬਰੀ | ੧:੦੦ ਵਜੇ |
| **GURDWARA GURU MANEYO GRANTH**<br>Popes Lane, Oldbury | 2:00PM | ਗੁਰਦੁਆਰਾ ਗੁਰੂ ਮਾਨਯੋ ਗ੍ਰੰਥ<br>ਪੋਪਸ ਲੇਨ, ਓਲਡਬਰੀ | ੨:੦੦ ਵਜੇ |
| **GURDWARA BABA SANG**<br>St. Paul's Road, Smethwick | 3:15PM | ਗੁਰਦੁਆਰਾ ਬਾਬਾ ਸੰਗ ਜੀ<br>ਸਟ, ਪੋਲਜ਼ ਰੋਡ, ਸਮੇਦਿਕ | ੩:੧੫ ਵਜੇ |
| **GURU NANAK GURDWARA SMETHWICK**<br>High Street, Smethwick | 4:00PM | ਗੁਰੂ ਨਾਨਕ ਗੁਰਦੁਆਰਾ<br>ਸਮੇਦਿਕ | ੪:੦੦ ਵਜੇ |

**GURDWARA GURU HAR RAI SAHIB - 0121 553 7219**
**GURU NANAK GURDWARA SMETHWICK - 0121 558 2527**

ਆਵਾਜ਼ਿ ਕੌਮ
AWAZE QAUM
International Newspaper & WEB TV


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar




### ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਸਭਾ ਦੇ ਮਰਹੂਮ ਅਹੁਦੇਦਾਰਾਂ ਦੀ ਯਾਦ ਨੂੰ ਸਮਰਪਿਤ ਸਾਹਿਤਕ ਸਮਾਗਮ

# ਸਤਿਬੀਰ ਸਿੰਘ ਨੂੰ 'ਪੰਜਾਬੀ ਮਾਂ ਬੋਲੀ ਦਾ ਮਾਣ ਐਵਾਰਡ' ਨਾਲ ਸਨਮਾਨਿਤ

### ਪ੍ਰਿੰ: ਕੌੜਾ, ਪ੍ਰਵਾਨਾ, ਬਾਬੁਲ, ਬੁਤਾਲਵੀ, ਫੁੱਲ, ਪ੍ਰੀਤਮ ਯਾਦਗਾਰੀ ਐਵਾਰਡ ਵਿੱਲੋਂ, ਕੰਵਰ ਇਕਬਾਲ, ਕਮਲ, ਸ਼ੁਕਰਗੁਜਾਰ, ਡਾ: ਗਗਨ ਅਤੇ ਗਾਖਲ ਨੂੰ ਦੇ ਕੇ ਕੀਤਾ ਸਨਮਾਨਿਤ



**ਚੌਕ ਮਹਿਤਾ,25 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁਟੀ ਸੰਸਥਾ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਪਿਛਲੇ ਸਮੇਂ ਦੌਰਾਨ ਸਭਾ ਤੋਂ ਵਿਛੜੇ ਸਾਥੀ ਅਹੁਦੇਦਾਰਾਂ ਦੀ ਯਾਦ ਨੂੰ ਸਮਰਪਿਤ ਇਕ ਸਾਹਿਤਕ ਸਮਾਗਮ ਕਰਵਾਇਆ ਗਿਆ ।ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਟੀ ਦੇ ਫਾਊਂਡਰ ਰਜਿਸਟਰਾਰ ਡਾ: ਸ਼ਿੰਦਰਪਾਲ ਸਿੰਘ ਦੇ ਸਪੁੱਤਰ ਸ: ਸ਼ਰਨਜੀਤ

ਆਵਾਜ਼ਿ ਕੌਮ AWAZE QAUM International Newspaper & WEB TV

ਸਿੰਘ ਜਿੰਮੀ, ਗੁਰਨਾਮ ਸਿੰਘ ਢਿੱਲੋਂ, ਸ਼੍ਰੋਮਣੀ ਸ਼ਾਇਰ ਅਜਾਇਬ ਸਿੰਘ ਹੁੰਦਲ ਦੀ ਮੌਤ 'ਤੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਉਨ੍ਹਾਂ ਨੂੰ ਸ਼ਰਧਾਂਜ਼ਲੀ ਭੇਟ ਕੀਤੀ ਗਈ ।ਇਸ ਮੌਕੇ ਸਮਾਗਮ ਦੇ ਮੁੱਖ ਮਹਿਮਾਨ ਸਿਫਰ ਸਤਿਬੀਰ ਸਿੰਘ (ਪੰਜਾਬ ਪ੍ਰਧਾਨ ਵਿਸ਼ਵ ਪੰਜਾਬੀ ਸਭਾ ਕੈਨੇਡਾ) ਸਨ, ਜਦਕਿ ਪ੍ਰਧਾਨਗੀ ਮੰਡਲ ਵਿੱਚ ਸਰਵ ਸ੍ਰੀ ਮੱਖਣ ਕੁਹਾੜ, ਡਾ: ਸੁਹਿੰਦਰਬੀਰ ਸਿੰਘ, ਸ਼ੇਲਿੰਦਰਜੀਤ ਸਿੰਘ ਰਾਜਨ, ਦੀਪ ਦਵਿੰਦਰ ਸਿੰਘ, ਗੁਰਮੀਤ ਸਿੰਘ ਬਾਜਵਾ, ਗਿ: ਗੁਲਜ਼ਾਰ ਸਿੰਘ ਖੈੜਾ, ਹਰਭਜਨ ਸਿੰਘ ਭੱਗਰੱਥ, ਐਸ. ਪ੍ਰਸ਼ੋਤਮ, ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਸੰਤੋਖ ਸਿੰਘ ਗੁਰਾਇਆ, ਮਾ: ਮਨਜੀਤ ਸਿੰਘ ਵੱਸੀ ਅਤੇ ਮੱਖਣ ਭੈਣੀਵਾਲਾ ਸ਼ਸ਼ੋਭਿਤ ਹੋਏ ।ਇਸ ਮੌਕੇ ਸਭਾ ਵੱਲੋਂ ਸਾਭ ਦੇ ਮਰਹੂਮ ਸਰਪ੍ਰਸਤ ਪ੍ਰਿੰਸੀਪਲ ਸੇਵਾ ਸਿੰਘ ਕੌੜਾ ਯਾਦਗਾਰੀ ਐਵਾਰਡ ਸ: ਜਸਵਿੰਦਰ ਸਿੰਘ ਢਿੱਲੋਂ (ਪ੍ਰਧਾਨ ਪੰਜਾਬੀ ਸਾਹਿਤ ਸਭਾ ਅਤੇ ਸਭਿਆਚਾਰਕ ਕੇਂਦਰ ਤਰਨ ਤਾਰਨ) ਨੂੰ, ਸਭਾ ਦੇ ਮਰਹੂਮ ਸਰਪ੍ਰਸਤ ਸ: ਸ਼ੰਕਰ ਸਿੰਘ ਪ੍ਰਵਾਨਾ ਯਾਦਗਾਰੀ ਐਵਾਰਡ ਸ: ਕੰਵਰ ਇਕਬਾਲ ਸਿੰਘ (ਪ੍ਰਧਾਨ ਸਿਰਜਣਾ ਕੇਂਦਰ ਕਪੂਰਥਲਾ) ਨੂੰ, ਮਰਹੂਮ ਪ੍ਰਧਾਨ ਸ: ਬਲਬੀਰ ਸਿੰਘ ਫੁੱਲ ਯਾਦਗਾਰੀ ਐਵਾਰਡ ਡਾ: ਗਗਨਦੀਪ ਸਿੰਘ (ਪ੍ਰਧਾਨ ਮਝੈਲਾਂ ਦੀ ਸੱਥ) ਨੂੰ, ਮਰਹੂਮ ਪ੍ਰਧਾਨ ਸ: ਬਚਨ ਸਿੰਘ ਪ੍ਰੀਤਮ ਯਾਦਗਾਰੀ ਐਵਾਰਡ ਸ: ਕੁਲਵਿੰਦਰ ਸਿੰਘ ਗਾਖਲ (ਪ੍ਰਧਾਨ ਪੰਜਾਬ ਸਾਹਿਤਕ ਮੰਚ ਜਲੰਧਰ) ਨੂੰ, ਮਰਹੂਮ ਮੀਤ ਪ੍ਰਧਾਨ ਸ: ਰਣਜੀਤ ਸਿੰਘ ਬਾਬੁਲ ਯਾਦਗਾਰੀ ਐਵਾਰਡ ਸ: ਹਰਦਰਸ਼ਨ ਸਿੰਘ ਕਮਲ (ਜਨਰਲ ਸਕੱਤਰ ਮਜਲਸ) ਨੂੰ, ਮਰਹੂਮ ਸਕੱਤਰ ਸ: ਅਰਜਿੰਦਰ ਸਿੰਘ ਬੁਤਾਲਵੀ ਯਾਦਗਾਰੀ ਐਵਾਰਡ ਸ: ਸ਼ੁਕਰਗੁਜਾਰ ਸਿੰਘ (ਪ੍ਰਧਾਨ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ) ਨੂੰ ਦੇ ਕੇ ਸਨਮਾਨਿਤ ਕੀਤਾ ਗਿਆ, ਜਦਕਿ ਮੁੱਖ ਮਹਿਮਾਨ ਸ: ਸਿਫਰ ਸਤਿਬੀਰ ਸਿੰਘ (ਪ੍ਰਧਾਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਭਾਰਤ) ਨੂੰ 'ਪੰਜਾਬੀ ਮਾਂ ਬੋਲੀ ਦਾ ਮਾਣ ਐਵਾਰਡ' ਦੇਕੇ ਸਨਮਾਨਿਤ ਕੀਤਾ ਗਿਆ ।ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ ।ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ (ਮਹਿਲਾ ਵਿੰਗ) ਦੂ ਪ੍ਰਦਾਨ ਮੈਡਮ ਸੁਖਵੰਤ ਕੌਰ ਵੱਸੀ, ਜਤਿੰਦਰਪਾਲ ਕੌਰ ਭਿੰਡਰ, ਅਨੂਪਮਾ ਸਠਿਆਲਾ, ਪਵਨਦੀਪ ਕੌਰ ਸਿੱਧੂ, ਰਾਜਵਿੰਦਰ ਕੌਰ ਰਾਜ, ਗੁਰਮੀਤ ਕੌਰ ਬੱਲ ਜੋਧੇ, ਹਰਵਿੰਦਰਜੀਤ ਕੌਰ ਬਾਠ, ਸਿਮਰਨਜੀਤ ਕੌਰ ਮਾਹਲਾ, ਸੁਖਵਿੰਦਰ ਕੌਰ ਬਟਾਲਾ, ਸੁਰਿੰਦਰ ਖਿਲਚੀਆਂ, ਬਲਜਿੰਦਰ ਕੌਰ ਬੱਲ ਸਠਿਆਲਾ, ਜਸਵਿੰਦਰ ਕੌਰ ਬਟਾਲਾ, ਸੁਰਜੀਤ ਸਾਜਨ, ਨਵਦੀਪ ਸਿੰਘ ਬਦੇਸ਼ਾ, ਮੁਖਤਾਰ ਸਿੰਘ ਗਿੱਲ, ਡਾ: ਸਰਬਜੀਤ ਸਿੰਘ ਬਿੱਲਾ, ਸਤਰਾਜ ਜਲਾਲਾਂਬਾਦੀ, ਜਗਦੀਸ਼ ਸਿੰਘ ਬਮਰਾਹ, ਸੁਖਦੇਵ ਸਿੰਘ ਗੰਡਵਾਂ, ਮਲਕੀਅਤ ਸਿੰਘ, ਡਾ: ਕੁਲਵੰਤ ਸਿੰਘ ਬਾਠ, ਸਤਰਾਜ ਜਲਾਲਾਂਬਾਦੀ, ਜਰਨੈਲ ਸਿੰਘ ਸਾਖੀ, ਅਮਨਦੀਪ ਸਿੰਘ ਬੁਤਾਲਵੀ, ਅਜੀਤ ਸਿੰਘ ਸਠਿਆਲਵੀ, ਸੁਰਜੀਤ ਸਿੰਘ ਫੇਰੂਮਾਨ, ਡਾ: ਅਮਨਦੀਪ ਸਿੰਘ ਬਿਆਸ, ਮਲਕੀਤ ਸਿੰਘ ਮੀਤ, ਤੇਜਬੀਰ ਸਿੰਘ, ਗੁਰਦੀਪ ਗਿੱਲ, ਗੁਰਭੇਜ ਸਿੰਘ, ਮਨਦੀਪ ਬੋਪਾਰਾਏ, ਜਸਮੇਲ ਸਿੰਘ ਜੋਧੇ, ਡਾ: ਗਗਨਦੀਪ ਸਿੰਘ ਸਠਿਆਲਾ ਸਕੱਤਰ ਸਿੰਘ ਪੁਰੇਵਾਲ, ਜਸਵੰਤ ਸਿੰਘ ਗਿੱਲ, ਅਜੈਬ ਸਿੰਘ ਬੋਦੂਵਾਲ, ਦਵਿੰਦਰ ਸਿੰਘ ਭੋਲਾ, ਸਰਬਜੀਤ ਸਿੰਘ ਪੱਡਾ, ਬਲਵਿੰਦਰ ਸਿੰਘ ਅਠੌਲਾ, ਕੈਪਟਨ ਸਿੰਘ, ਜਤਿੰਦਰ ਸਿੰਘ ਮਹਿਤਾ, ਜਗਜੀਤ ਸਿੰਘ ਆਦਿ ਨੇ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਕਾਵਿ ਰਚਾਨਵਾਂ ਪੇਸ਼ ਕੀਤੀਆਂ ।

ਜੇਹਾ ਚੀਰੀ ਲਿਖਿਆ ਤੇਹਾ ਹੁਕਮ ਕਮਾਹਿ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥

# ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਅਤੇ ਅੰਤਿਮ ਅਰਦਾਸ



# ਸਰਦਾਰਨੀ ਹਰਦੀਪ ਕੌਰ ਜੀ

## ਧਰਮ ਪਤਨੀ ਸ਼ਹੀਦ ਸ: ਜਗੀਰ ਸਿੰਘ ਜੀ

ਮਾਤਾ ਜੀ ਦੇ ਨਿਮਿੱਤ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕੀਰਤਨ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਅਟਾਰੀ ਸਾਹਿਬ ਸੁਲਤਾਨਵਿੰਡ ਅੰਮ੍ਰਿਤਸਰ ਵਿਖੇ 28 ਅਕਤੂਬਰ 2026 ਦਿਨ ਬੁੱਧਵਾਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 01 ਵਜੇ ਤੱਕ ਹੋਵੇਗੀ। ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਵਿਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ।

**ਆਪ ਜੀ ਨੇ ਅੰਤਿਮ ਅਰਦਾਸ ਵਿਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ।**

ਗੁਰੂ ਦੇ ਭਾਣੇ 'ਚ

**ਭਾਈ ਮੋਹਕਮ ਸਿੰਘ**
(ਦਮਦਮੀ ਟਕਸਾਲ)

ਬੇਟੇ: ਸਵਰਗੀ ਸ. ਮੇਜਰ ਸਿੰਘ ਵਿਰਕ
ਸ. ਨਿਸ਼ਾਨ ਸਿੰਘ ਵਿਰਕ
ਸ. ਕਰਨਜੀਤ ਸਿੰਘ ਵਿਰਕ

ਦਾਮਾਦ: ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ
(ਉਰਫ਼ ਮੁਸੀਬਤ ਸਿੰਘ ਵੈਰੜ)
ਸ. ਮਨਜੀਤ ਸਿੰਘ ਕੋਟਲਾ

ਆਵਾਜ਼ਿ ਕੌਮ
AWAZE QAUM
International Newspaper & WEB TV

ਸੰਪਰਕ ਨੰਬਰ: +91 97797-50126, +91 99149-07973

ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੀ ਸੰਪੂਰਨਤਾ ਨੂੰ ਸਮਰਪਿਤ

# ਮੈਰਾਥਨ ’ਚ ਹਜ਼ਾਰਾਂ ਨੌਜਵਾਨਾਂ ਨੇ ਲਿਆ ਹਿੱਸਾ







**ਨਵੀਂ ਦਿੱਲੀ, 25 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਨਾਲ ਸ਼ਹੀਦ ਹੋਏ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੀ ਸੰਪੂਰਨਤਾ ਨੂੰ ਸਮਰਪਿਤ ਮੈਰਾਥਨ ਕਰਵਾਈ ਗਈ। ਇਸ ਮੈਰਾਥਨ ਵਿੱਚ ਹਜ਼ਾਰਾਂ ਨੌਜਵਾਨਾਂ ਸਮੇਤ ਹਰ ਉਮਰ ਵਰਗ ਦੇ ਲੋਕਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਮੈਰਾਥਨ ਦੀ ਸ਼ੁਰੂਆਤ ਕਰਤੱਵਯ ਪਥ ਤੋਂ ਹੋਈ ਅਤੇ ਵੱਖ-ਵੱਖ ਮਾਰਗਾਂ ਤੋਂ ਹੁੰਦੀ ਹੋਈ ਇਹ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਵਿਖੇ ਸੰਪੰਨ ਹੋਈ। ਉਨ੍ਹਾਂ ਦੱਸਿਆ ਕਿ ਮੈਰਾਥਨ ਵਿੱਚ ਬੱਚਿਆਂ, ਨੌਜਵਾਨਾਂ ਅਤੇ ਬਜ਼ੁਰਗਾਂ ਸਮੇਤ ਹਰ ਉਮਰ ਵਰਗ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਭਾਗੀਦਾਰਾਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਸ਼ਰਧਾ ਨਾਲ ਦੌੜ ਵਿੱਚ ਹਿੱਸਾ ਲੈਂਦਿਆਂ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਸਾਥੀ ਸਿੰਘਾਂ ਦੀ ਮਹਾਨ ਸ਼ਹਾਦਤ ਨੂੰ ਸਿਜਦਾ ਕੀਤਾ। ਇਸ ਮੌਕੇ ਮੈਰਾਥਨ ਵਿੱਚ ਭਾਗ ਲੈਣ ਵਾਲੇ ਜੇਤੂਆਂ ਨੂੰ ਇਨਾਮ ਅਤੇ ਸਰਟੀਫਿਕੇਟ ਵੀ ਪ੍ਰਦਾਨ ਕੀਤੇ ਗਏ। ਕਮੇਟੀ ਦੇ ਅਹੁਦੇਦਾਰਾਂ ਨੇ ਮੈਰਾਥਨ ਵਿੱਚ ਸ਼ਾਮਲ ਹੋਏ ਸਮੂਹ ਭਾਗੀਦਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਅਤੇ ਖ਼ਾਸ ਕਰਕੇ ਨੌਜਵਾਨਾਂ ਦੀ ਵੱਡੀ ਸ਼ਮੂਲੀਅਤ ਨੇ ਇਸ ਮੈਰਾਥਨ ਨੂੰ ਇਤਿਹਾਸਕ ਅਤੇ ਯਾਦਗਾਰੀ ਬਣਾ ਦਿੱਤਾ ਹੈ। ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਪਿਛਲੇ ਇੱਕ ਸਾਲ ਤੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਨਾਲ ਸ਼ਹੀਦ ਹੋਏ ਸਿੰਘਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮਾਂ ਦੀ ਲੜੀ ਚੱਲ ਰਹੀ ਹੈ, ਜਿਸ ਦੀ ਸੰਪੂਰਨਤਾ ਦਸੰਬਰ ਮਹੀਨੇ ਵਿੱਚ ਗੁਰੂ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਅਗਲੇ ਦੋ ਮਹੀਨਿਆਂ ਦੌਰਾਨ ਲਾਲ ਕਿਲ੍ਹੇ ਸਮੇਤ ਦਿੱਲੀ ਦੇ ਵੱਖ-ਵੱਖ ਸਥਾਨਾਂ ’ਤੇ ਹੋਣਗੇ ਵੱਡੇ ਸਮਾਗਮ: ਕਾਲਕਾ, ਕਾਹਲੋਂ

ਉਨ੍ਹਾਂ ਦੱਸਿਆ ਕਿ ਅਗਲੇ ਦੋ ਮਹੀਨਿਆਂ ਦੌਰਾਨ ਸ਼ਹੀਦੀ ਦਿਹਾੜਿਆਂ ਦੀ ਸੰਪੂਰਨਤਾ ਨੂੰ ਸਮਰਪਿਤ ਦਿੱਲੀ ਦੇ ਵੱਖ-ਵੱਖ ਸਥਾਨਾਂ ’ਤੇ ਵੱਡੇ ਪੱਧਰ ’ਤੇ ਸਮਾਗਮ ਕਰਵਾਏ ਜਾਣਗੇ। ਇਨ੍ਹਾਂ ਸਮਾਗਮਾਂ ਤਹਿਤ ਲਾਲ ਕਿਲ੍ਹੇ ਸਮੇਤ ਕੌਮੀ ਰਾਜਧਾਨੀ ਦੇ ਵੱਖ-ਵੱਖ ਹਿੱਸਿਆਂ ਵਿੱਚ ਕੀਰਤਨ ਸਮਾਗਮ ਅਤੇ ਹੋਰ ਯਾਦਗਾਰੀ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਇਹਨਾਂ ਇਤਿਹਾਸਕ ਸਮਾਗਮਾਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇ, ਤਾਂ ਜੋ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ ਦੀ ਯਾਦ ਵਿੱਚ ਕਰਵਾਏ ਜਾ ਰਹੇ ਇਹ ਸਮਾਗਮ ਵੀ ਪਹਿਲਾਂ ਹੋਏ ਸਮਾਗਮਾਂ ਵਾਂਗ ਯਾਦਗਾਰੀ ਬਣ ਸਕਣ। ਮੈਰਾਥਨ ਦੀ ਸ਼ੁਰੂਆਤ ਮੌਕੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਰਣਜੀਤ ਸਿੰਘ ਵੱਲੋਂ ਅਰਦਾਸ ਕੀਤੀ ਗਈ। ਅਰਦਾਸ ਉਪਰੰਤ ਹਜ਼ਾਰਾਂ ਭਾਗੀਦਾਰਾਂ ਨੇ ਮੈਰਾਥਨ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ, ਮੈਂਬਰ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਨਲਾਈਨ ਗੇਮਿੰਗ ਦੇ ਜਾਲ ਖ਼ਿਲਾਫ਼ ਨੈਸ਼ਨਲ ਅਕਾਲੀ ਦਲ ਦੀ ਗੂੰਜਦਾਰ ਮੁਹਿੰਮ

# ‘ਮੋਬਾਈਲ ਛੱਡੋ, ਮੈਦਾਨ ਨਾਲ ਨਾਤਾ ਜੋੜੋ’

**ਨਵੀਂ ਦਿੱਲੀ 25 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਬੱਚਿਆਂ ਨੂੰ ਮੋਬਾਈਲ ਅਤੇ ਆਨਲਾਈਨ ਗੇਮਿੰਗ ਦੀ ਵਧ ਰਹੀ ਲਤ ਦੇ ਸੰਭਾਵਿਤ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਨ ਅਤੇ ਉਨ੍ਹਾਂ ਨੂੰ ਖੇਡਾਂ ਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਨ ਲਈ ਨੈਸ਼ਨਲ ਅਕਾਲੀ ਦਲ ਦੀ ਸੋਸ਼ਲ ਵਿੰਗ ਵੱਲੋਂ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਸੋਸ਼ਲ ਵਿੰਗ ਦੀ ਕੌਮੀ ਪ੍ਰਧਾਨ ਰਸ਼ਮੀਤ ਕੌਰ ਬਿੰਦਰਾ ਦੀ ਅਗਵਾਈ ਹੇਠ ਹੋਏ ਪ੍ਰੋਗਰਾਮ ਵਿੱਚ ਦਲ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਬੱਚਿਆਂ ਨੂੰ ਖੇਡ ਸਮੱਗਰੀ, ਪੇਂਟਿੰਗ ਦਾ ਸਾਮਾਨ ਅਤੇ ਹੋਰ ਲੋੜੀਂਦੀਆਂ ਵਸਤਾਂ ਵੰਡੀਆਂ ਗਈਆਂ। ਬੱਚਿਆਂ ਨੂੰ ਰੇਸ, ਖੋ-ਖੋ, ਲੂਡੋ, ਸ਼ਤਰੰਜ ਅਤੇ ਪੇਂਟਿੰਗ ਵਰਗੀਆਂ ਗਤੀਵਿਧੀਆਂ ਨਾਲ ਜੋੜਦਿਆਂ ‘ਮੋਬਾਈਲ ਛੱਡੋ, ਮੈਦਾਨ ਨਾਲ ਨਾਤਾ ਜੋੜੋ’ ਅਤੇ ‘ਖੇਡੋ ਇੰਡੀਆ, ਸਿਹਤਮੰਦ ਇੰਡੀਆ’ ਦਾ ਸੁਨੇਹਾ ਦਿੱਤਾ ਗਿਆ। ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੇ ਸਿਹਤਮੰਦ ਤੇ ਉੱਜਵਲ ਭਵਿੱਖ ਲਈ ਪਰਿਵਾਰ, ਸਮਾਜ ਅਤੇ ਸੰਸਥਾਵਾਂ ਨੂੰ ਮਿਲ ਕੇ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਤਕਨਾਲੋਜੀ ਤੋਂ ਪੂਰੀ ਤਰ੍ਹਾਂ ਦੂਰ ਕਰਨ ਦੀ ਬਜਾਏ ਇਸ ਦੀ ਸੰਤੁਲਿਤ ਵਰਤੋਂ ਸਿਖਾਉਣ ਦੇ ਨਾਲ ਖੇਡਾਂ ਅਤੇ ਰਚਨਾਤਮਕ ਗਤੀਵਿਧੀਆਂ ਵੱਲ ਲਿਜਾਣਾ ਜ਼ਰੂਰੀ ਹੈ। ਰਸ਼ਮੀਤ ਕੌਰ ਬਿੰਦਰਾ ਨੇ ਕਿਹਾ ਕਿ ਬੱਚਿਆਂ ਨੂੰ ਮੋਬਾਈਲ ਸਕਰੀਨ ਦੀ ਥਾਂ ਖੇਡਾਂ, ਕਲਾ ਅਤੇ ਹੋਰ ਸਕਾਰਾਤਮਕ ਗਤੀਵਿਧੀਆਂ ਲਈ ਵੱਧ ਮੌਕੇ ਮਿਲਣੇ ਚਾਹੀਦੇ ਹਨ। ਇਸ ਮੌਕੇ ਵਿਕਰਾਂਤ ਮੋਹਨ, ਭਾਵਨਾ ਧਵਨ, ਤ੍ਰਿਲੋਚਨ ਸਿੰਘ ਕੁੰਡਲ, ਅਵਤਾਰ ਸਿੰਘ ਭੁਰਜੀ, ਬਲਬੀਰ ਸਿੰਘ ਨਾਮਧਾਰੀ, ਜਗਜੀਤ ਸਿੰਘ, ਸੁਨੀਤਾ ਅਰੋੜਾ, ਰਿਦਮ ਚੱਢਾ, ਪ੍ਰਦੀਪ ਸਿੰਘ, ਜਸਬੀਰ ਸਿੰਘ ਕਾਲਸੀ, ਹਰਪ੍ਰੀਤ ਸਿੰਘ ਅਤੇ ਗੁਰਜੀਤ ਸਿੰਘ ਸਮੇਤ ਹੋਰ ਆਗੂ ਹਾਜ਼ਰ ਸਨ। ਆਗੂਆਂ ਨੇ ਆਨਲਾਈਨ ਗੇਮਿੰਗ ਦੇ ਮਾੜੇ ਪ੍ਰਭਾਵਾਂ ਤੋਂ ਬੱਚਿਆਂ ਨੂੰ ਬਚਾਉਣ ਲਈ ਆਨਲਾਈਨ ਗੇਮਿੰਗ ’ਤੇ ਪਾਬੰਦੀ ਲਗਾਉਣ ਦੀ ਮੰਗ ਵੀ ਕੀਤੀ। ਅੰਤ ਵਿਚ ਪੰਮਾ ਨੇ ਸੁਨੇਹਾ ਦੇਂਦਿਆ ਕਿਹਾ ਬੱਚਿਆਂ ਨੂੰ ਸਿਰਫ਼ ਮੋਬਾਈਲ ਤੋਂ ਦੂਰ ਕਰਨ ਦੀ ਗੱਲ ਕਰਨਾ ਕਾਫ਼ੀ ਨਹੀਂ, ਸਗੋਂ ਉਨ੍ਹਾਂ ਨੂੰ ਖੇਡਣ, ਸਿੱਖਣ ਅਤੇ ਆਪਣੀ ਪ੍ਰਤਿਭਾ ਨਿਖਾਰਨ ਦੇ ਬਿਹਤਰ ਮੌਕੇ ਦੇਣੇ ਵੀ ਜ਼ਰੂਰੀ ਹਨ। ਮਾਪੇ ਬੱਚਿਆਂ ਨੂੰ ਸਮਾਂ ਦੇਣ ਅਤੇ ਉਨ੍ਹਾਂ ਨਾਲ ਮੈਦਾਨੀ ਖੇਡਾਂ ਤੇ ਰਚਨਾਤਮਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ। ਮੋਬਾਈਲ ਦੀ ਸਕਰੀਨ ਨਹੀਂ, ਮੈਦਾਨ ਦੀ ਜ਼ਿੰਦਗੀ ਬੱਚਿਆਂ ਦਾ ਭਵਿੱਖ ਸੰਵਾਰ ਸਕਦੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# 1 ਨਵੰਬਰ ਨੂੰ ਦਿੱਲੀ ਚ ਰੈਲੀ ਕਰਨ ਤੋਂ ਗੁਰੇਜ਼ ਕਰੇ ਕਾਂਗਰਸ ਕਿਉਂਕਿ ਇਸ ਦਿਨ ਸਿੱਖਾਂ ਦੇ ਜਖਮ ਹੁੰਦੇ ਨੇ ਅੱਲ੍ਹੇ- ਐਡਵੋਕੇਟ ਧਾਮੀ



**ਤਲਵੰਡੀ ਸਾਬੋ 25 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਕਾਂਗਰਸ ਪਾਰਟੀ ਵੱਲੋਂ 1 ਨਵੰਬਰ ਨੂੰ ਰਾਹੁਲ ਗਾਂਧੀ ਦੀ ਅਗਵਾਈ ਹੇਠ ਦੇਸ਼ ਦੀ ਰਾਜਧਾਨੀ ਦਿੱਲੀ ਵਿਖੇ ਇੱਕ ਸਿਆਸੀ ਰੈਲੀ ਕਰਨ ਦੀਆਂ ਸਾਹਮਣੇ ਆ ਰਹੀਆਂ ਖਬਰਾਂ ਤੇ ਪ੍ਰਤੀਕਰਮ ਪ੍ਰਗਟ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਕਾਂਗਰਸ ਪਾਰਟੀ ਨੂੰ ਇਸ ਦਿਨ ਰੈਲੀ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਕਿਉਂਕਿ ਇਸ ਦਿਨ ਸਿੱਖਾਂ ਦੇ ਜਖਮ ਅੱਲ੍ਹੇ ਹੁੰਦੇ ਹਨ। ਤਖਤ ਸ੍ਰੀ ਦਮਦਮਾ ਸਾਹਿਬ ਪੁੱਜੇ ਐਡਵੋਕੇਟ ਧਾਮੀ ਨੇ ਪੱਤਰਕਾਰ ਵਾਰਤਾ ਦੌਰਾਨ ਇੱਕ ਸਵਾਲ ਦੇ ਜਵਾਬ ’ਚ ਕਿਹਾ ਕਿ ਜਿਵੇਂ ਕੋਈ ਵੀ ਸਿੱਖ ਜੂਨ 1984 ਚ ਤਤਕਾਲੀ ਕਾਂਗਰਸ ਸਰਕਾਰ ਵੱਲੋਂ ਵਰਤਾਏ ਸਾਕਾ ਨੀਲਾ ਤਾਰਾ ਨੂੰ ਨਹੀ ਭੁੱਲ ਸਕਦਾ ਉਸੇ ਤਰ੍ਹਾਂ ਨਵੰਬਰ 1984 ਸਿੱਖ ਕਤਲੇਆਮ ਜਿਸ ਵਿੱਚ ਦਿੱਲੀ ਅਤੇ ਕਾਨਪੁਰ ਸਮੇਤ ਦੇਸ਼ ਦੇ ਹੋਰਨਾਂ ਹਿੱਸਿਆਂ ਚ ਕਾਂਗਰਸ ਦੇ ਆਗੂਆਂ ਦੀ ਅਗਵਾਈ ਵਾਲੀਆਂ ਭੀੜਾਂ ਨੇ ਸਿੱਖ ਨੂੰ ਚੁਣ ਚੁਣ ਕੇ ਕਤਲ ਕੀਤਾ ਨੂੰ ਵੀ ਸਿੱਖ ਕਦੇ ਭੁਲਾ ਨਹੀ ਸਕਣਗੇ ਉਨਾਂ ਕਿਹਾ ਕਿ 31 ਅਕਤੂਬਰ ਅਤੇ 1 ਨਵੰਬਰ 1984 ਨੂੰ ਵਾਪਰੀਆਂ ਘਟਨਾਵਾਂ ਕਾਰਣ ਹੁਣ ਵੀ ਇੰਨਾਂ ਦਿਨਾਂ ਚ ਸਿੱਖਾਂ ਦੇ ਜਖਮ ਹਰੇ ਹੋ ਜਾਂਦੇ ਹਨ ਇਸਲਈ ਕਾਂਗਰਸ ਨੂੰ ਚਾਹੀਦਾ ਹੈ ਕਿ ਉਹ ਇੰਨ੍ਹਾਂ ਦਿਨਾਂ ਤੇ ਰੈਲੀਆਂ ਕਰਨ ਤੋਂ ਗੁਰੇਜ਼ ਕਰੇ ਭਾਂਵੇਕਿ ਇਹ ਵੀ ਸੱਚ ਹੈ ਕਿ ਕਾਂਗਰਸ ਪਾਰਟੀ ਨੇ ਕਦੇ ਸਿੱਖ ਭਾਵਨਾਵਾਂ ਦੀ ਕਦਰ ਨਹੀ ਕੀਤੀ। ਇਸ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਮੋਹਣ ਸਿੰਘ ਬੰਗੀ ਸਮੇਤ ਸ਼੍ਰੋਮਣੀ ਕਮੇਟੀ ਮੈਂਬਰ ਤੇ ਅਧਿਕਾਰੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਪੈਸ਼ਲ ਸਮਰੀ ਰਿਵੀਜਨ (ਐਸ.ਐਸ.ਆਰ): ਪੋਲਿੰਗ ਬੂਥਾਂ ’ਤੇ ਲਗਾਏ ਗਏ ਵਿਸ਼ੇਸ਼ ਕੈਂਪ

### ਬੀ.ਐਲ.ਓਜ਼ ਵਲੋਂ ਆਮ ਲੋਕਾਂ ਨੂੰ ਵੋਟਰ ਸੂਚੀ ਵਿੱਚ ਵੇਰਵੇ ਤੇ ਨਵੀਂ ਵੋਟ ਬਣਾਉਣ ਲਈ ਕੀਤੀ ਗਈ ਮਦਦ: ਜ਼ਿਲ੍ਹਾ ਚੋਣ ਅ.ਫਸਰ





ਬਠਿੰਡਾ, 25 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ’ਤੇ ਸਪੈਸ਼ਲ ਸਮਰੀ ਰਿਵੀਜਨ (ਐਸ.ਐਸ.ਆਰ) ਤਹਿਤ ਪ੍ਰਕਿਰਿਆ ਤਹਿਤ ਵੋਟਰ ਸੂਚੀਆਂ ਨੂੰ ਸਹੀ, ਪਾਰਦਰਸ਼ੀ ਅਤੇ ਤਰੁਟੀ-ਰਹਿਤ ਬਣਾਉਣ ਲਈ ਜ਼ਿਲ੍ਹੇ ਭਰ ’ਚ ਵਿਸ਼ੇਸ਼ ਕੈਂਪ ਲਗਾਏ ਗਏ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਸ਼ਨੀਵਾਰ ਨੂੰ ਜਿਲ੍ਹੇ ਦੇ ਹਰ ਇਕ ਬੂਥ ’ਤੇ ਸ਼ਾਮ 3 ਤੋਂ 5 ਵਜੇ ਤੱਕ ਬੀ.ਐਲ.ਓਜ਼ ਹਾਜ਼ਰ ਰਹੇ ਅਤੇ ਆਮ ਲੋਕਾਂ ਨੂੰ ਵੋਟਰ ਸੂਚੀ ਵਿੱਚ ਵੇਰਵੇ ਤੇ ਨਵੀਂ ਵੋਟ ਬਣਾਉਣ ਲਈ ਮਦਦ ਕੀਤੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਇਹਨਾਂ ਵਿਸ਼ੇਸ਼ ਕੈਂਪਾਂ ਦੌਰਾਨ ਯੋਗ ਨੌਜਵਾਨਾਂ, ਖ਼ਾਸ ਕਰਕੇ 1 ਜਨਵਰੀ 2027 ਨੂੰ 18 ਸਾਲ ਦੀ ਉਮਰ ਪੂਰੀ ਕਰਨ ਵਾਲੇ ਨਾਗਰਿਕਾਂ ਦੇ ਨਵੀਂ ਵੋਟ ਬਣਾਉਣ ਲਈ ਫਾਰਮ ਭਰਾਏ ਗਏ। ਇਸੇ ਤਰ੍ਹਾਂ ਹੀ ਵੋਟਰਾਂ ਦਾ ਆਪਣਾ ਨਾਮ, ਪਤਾ ਅਤੇ ਹੋਰ ਵੇਰਵੇ ਵੋਟਰ ਸੂਚੀ ਵਿੱਚ ਚੈਕ ਕਰਨ ਅਤੇ ਜੇਕਰ ਕੋਈ ਗਲਤੀ ਪਾਈ ਜਾਂਦੀ ਹੈ ਤਾਂ ਉਸ ਨੂੰ ਦਰੁਸਤ ਕਰਵਾਉਣ ਲਈ ਵੀ ਮੱਦਦ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਅਤੇ ਬੀ.ਐਲ.ਓਜ ਦਾ ਇਸ ਕੰਮ ਵਿੱਚ ਸਹਿਯੋਗ ਕਰਨ ਲਈ ਧੰਨਵਾਦ ਕੀਤਾ ਅਤੇ ਅਪੀਲ ਕੀਤੀ ਕਿ ਅੱਗੇ ਤੋਂ ਵੀ ਉਹ ਇਸੇ ਤਰ੍ਹਾਂ ਹੀ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਦਿੰਦੇ ਰਹਿਣ।

ਆਵਾਜ਼ਿ ਕੌਮ AWAZE QAUM International Newspaper & WEB TV

**ਕੋਟਬਖਤੂ ਵਿੱਚ ਅਕਾਲੀ ਦਲ ਦੇ ਐੱਸ.ਸੀ. ਵਿੰਗ ਦੀ ਰੈਲੀ ਵਿੱਚ ਉਮੜਿਆ ਲੋਕਾਂ ਦਾ ਇਕੱਠ**

# 2027 ਵਿੱਚ ਸਰਕਾਰ ਬਣਨ 'ਤੇ ਧੀਆਂ ਦੇ ਵਿਆਹ ਲਈ ਮਿਲੇਗਾ ਇੱਕ ਲੱਖ ਰੁਪਏ ਸ਼ਗਨ



ਤਲਵੰਡੀ ਸਾਬੋ, 25 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਤਲਵੰਡੀ ਸਾਬੋ ਵਿਧਾਨ ਸਭਾ ਹਲਕੇ ਦੇ ਪਿੰਡ ਕੋਟਬਖਤੂ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਐੱਸ.ਸੀ. ਵਿੰਗ ਵੱਲੋਂ ਵਿਸ਼ਾਲ ਰੈਲੀ ਕੀਤੀ ਗਈ। ਇਹ ਰੈਲੀ ਤਲਵੰਡੀ ਸਾਬੋ ਤੋਂ ਪਾਰਟੀ ਦੇ ਹਲਕਾ ਇੰਚਾਰਜ ਅਤੇ ਵਿਧਾਨ ਸਭਾ ਉਮੀਦਵਾਰ ਰਵੀਪ੍ਰੀਤ ਸਿੰਘ ਸਿੱਧੂ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਈ ਗਈ। ਐੱਸ.ਸੀ. ਵਿੰਗ ਦੇ ਸੂਬਾ ਪ੍ਰਧਾਨ ਅਤੇ ਸਾਬਕਾ ਕੈਬਨਿਟ ਮੰਤਰੀ ਗੁਲਜ਼ਾਰ ਸਿੰਘ ਰਣੀਕੇ ਦੀ ਅਗਵਾਈ ਹੇਠ ਹੋਈ ਇਸ ਰੈਲੀ ਵਿੱਚ ਪਾਰਟੀ ਦੇ ਸੀਨੀਅਰ ਆਗੂਆਂ, ਅਹੁਦੇਦਾਰਾਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਰੈਲੀ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਦੀ ਮੌਜੂਦਗੀ ਦੇਖਣ ਨੂੰ ਮਿਲੀ। ਰੈਲੀ ਨੂੰ ਸੰਬੋਧਨ ਕਰਦਿਆਂ ਸਾਬਕਾ ਕੈਬਨਿਟ ਮੰਤਰੀ ਗੁਲਜ਼ਾਰ ਸਿੰਘ ਰਣੀਕੇ ਨੇ ਐਲਾਨ ਕੀਤਾ ਕਿ ਜੇਕਰ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਦੀ ਹੈ ਤਾਂ ਧੀਆਂ ਦੇ ਵਿਆਹ ਲਈ ਇੱਕ ਲੱਖ ਰੁਪਏ ਸ਼ਗਨ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਹਰ ਪਰਿਵਾਰ ਨੂੰ 50 ਕਿਲੋ ਕਣਕ ਮੁਹੱਈਆ ਕਰਵਾਈ ਜਾਵੇਗੀ ਅਤੇ ਬੇਘਰੇ ਲੋਕਾਂ ਨੂੰ ਪਲਾਟ ਤੇ ਮਕਾਨ ਦੇਣ ਸਮੇਤ ਹੋਰ ਕਈ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪਾਰਟੀ ਆਪਣੇ ਚੋਣ ਮਨੋਰਥ ਪੱਤਰ ਦੇ ਆਧਾਰ 'ਤੇ ਲੋਕ ਭਲਾਈ ਦੀਆਂ ਯੋਜਨਾਵਾਂ ਲਾਗੂ ਕਰੇਗੀ। ਰਣੀਕੇ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਮਰਹੂਮ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਦਲ ਦੀ ਸਰਕਾਰ ਸਮੇਂ ਅਨੁਸੂਚਿਤ ਜਾਤੀਆਂ ਸਮੇਤ ਸਮਾਜ ਦੇ ਵੱਖ-ਵੱਖ ਵਰਗਾਂ ਦੀ ਭਲਾਈ ਲਈ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ ਸਨ। ਹਾਲਾਂਕਿ, ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਸਰਕਾਰਾਂ ਨੇ ਇਨ੍ਹਾਂ ਯੋਜਨਾਵਾਂ ਨੂੰ ਅੱਗੇ ਵਧਾਉਣ ਦੀ ਬਜਾਏ ਬੰਦ ਕਰ ਦਿੱਤਾ। ਗੁਲਜ਼ਾਰ ਸਿੰਘ ਰਣੀਕੇ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਦੇ ਵਾਅਦੇ ਕੀਤੇ ਗਏ ਸਨ, ਪਰ ਉਨ੍ਹਾਂ ਅਨੁਸਾਰ ਸੂਬੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਚਿੰਤਾਜਨਕ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਲੋਕਾਂ ਦੇ ਹਿੱਤਾਂ ਦੀ ਰਾਖੀ ਅਤੇ ਸੂਬੇ ਦੇ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਚੋਣ ਨਿਸ਼ਾਨ 'ਤੱਕੜੀ' 'ਤੇ ਮੋਹਰ ਲਗਾ ਕੇ ਰਵੀਪ੍ਰੀਤ ਸਿੰਘ ਸਿੱਧੂ ਨੂੰ ਜਿਤਾਇਆ ਜਾਵੇ। ਰੈਲੀ ਦੌਰਾਨ ਅਨੁਸੂਚਿਤ ਜਾਤੀ ਭਾਈਚਾਰੇ ਦੇ ਹੱਕਾਂ, ਭਲਾਈ ਯੋਜਨਾਵਾਂ ਅਤੇ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਰੈਲੀ ਨੂੰ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਸਾਬਕਾ ਪ੍ਰਮੁੱਖ ਸਕੱਤਰ ਦਰਬਾਰਾ ਸਿੰਘ ਗੁਰੂ ਸਮੇਤ ਐੱਸ.ਸੀ. ਵਿੰਗ ਦੇ ਕਈ ਅਹੁਦੇਦਾਰਾਂ ਨੇ ਵੀ ਸੰਬੋਧਨ ਕੀਤਾ। ਇਨ੍ਹਾਂ ਵਿੱਚ ਗੁਰਜੀਤ ਸਿੰਘ ਕੋਟਬਖਤੂ, ਸਾਬਕਾ ਚੇਅਰਮੈਨ, ਦਵਿੰਦਰ ਸਿੰਘ ਕੋਟਬਖਤੂ, ਬਲਕਰਨ ਸਿੰਘ ਸਾਬਕਾ ਸਰਪੰਚ ਪੱਕਾ ਕਲਾਂ, ਜਸਵਿੰਦਰ ਸਿੰਘ ਜੈਲਦਾਰ, ਰਾਜਵੰਤ ਸਿੰਘ ਕੋਟਭਾਰਾ, ਜਗਦੀਪ ਸਿੰਘ ਗਹਿਰੀ, ਜਗੀਰ ਸਿੰਘ ਅਤੇ ਭੋਲਾ ਸਿੰਘ ਸੇਖੂ ਸ਼ਾਮਲ ਸਨ। ਇਸ ਮੌਕੇ ਰਵੀਪ੍ਰੀਤ ਸਿੰਘ ਸਿੱਧੂ ਨੇ ਰੈਲੀ ਵਿੱਚ ਪਹੁੰਚੇ ਪਾਰਟੀ ਦੇ ਅਹੁਦੇਦਾਰਾਂ ਅਤੇ ਲੋਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਵਿਧਾਇਕ ਚੁਣੇ ਜਾਣ 'ਤੇ ਉਹ ਹਲਕੇ ਦੇ ਲੋਕਾਂ ਦੇ ਕੰਮ ਕਰਵਾਉਣ ਅਤੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਲਈ ਹਮੇਸ਼ਾ ਤਤਪਰ ਰਹਿਣਗੇ।

## ਹਰ ਪਰਿਵਾਰ ਨੂੰ 50 ਕਿਲੋ ਕਣਕ ਅਤੇ ਬੇਘਰੇ ਲੋਕਾਂ ਨੂੰ ਪਲਾਟ ਤੇ ਮਕਾਨ ਦੇਣ ਦਾ ਵਾਅਦਾ- ਗੁਲਜ਼ਾਰ ਸਿੰਘ ਰਣੀਕੇ



# ਪਰਵਿੰਦਰ ਝੋਟਾ ਹੱਤਿਆਕਾਂਡ ਦੇ ਵਿਰੋਧ ਵਿੱਚ ਅਕਾਲੀ ਦਲ ਨੇ ਸਾੜੇ ਝਾੜੂ, ਰਵੀਪ੍ਰੀਤ ਸਿੰਘ ਸਿੱਧੂ ਦੀ ਅਗਵਾਈ ਹੇਠ ਕੀਤਾ ਪ੍ਰਦਰਸ਼ਨ

## ਝੋਟਾ ਦੇ ਪਰਿਵਾਰ ਅਤੇ ਇਨਸਾਫ਼ ਕਮੇਟੀ ਦੇ ਸੱਦੇ ਦਾ ਕੀਤਾ ਸਮਰਥਨ, ਧਰਨੇ 'ਤੇ ਬੈਠੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਉਠਾਈ ਮੰਗ



**ਤਲਵੰਡੀ ਸਾਬੋ, 25 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਪਰਵਿੰਦਰ ਸਿੰਘ ਝੋਟਾ ਹੱਤਿਆਕਾਂਡ ਦੇ ਵਿਰੋਧ ਵਿੱਚ ਆਮ ਆਦਮੀ ਪਾਰਟੀ ਦੇ ਚੋਣ ਨਿਸ਼ਾਨ ਝਾੜੂ ਨੂੰ ਪਿੰਡਾਂ ਅਤੇ ਸ਼ਹਿਰਾਂ ਵਿੱਚ ਸਾੜ ਕੇ ਰੋਸ ਪ੍ਰਗਟਾਉਣ ਸਬੰਧੀ ਪੀੜਤ ਪਰਿਵਾਰ ਅਤੇ ਇਨਸਾਫ਼ ਕਮੇਟੀ ਵੱਲੋਂ ਦਿੱਤੇ ਸੱਦੇ ਦਾ ਸਮਰਥਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਵੀ ਰੋਸ ਪ੍ਰਦਰਸ਼ਨ ਕੀਤਾ ਗਿਆ। ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਦੀ ਅਗਵਾਈ ਹੇਠ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੇ ਇਕੱਠੇ ਹੋ ਕੇ ਝਾੜੂ ਸਾੜੇ ਅਤੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਉਠਾਈ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਧਰਨੇ 'ਤੇ ਬੈਠੇ ਝੋਟਾ ਦੇ ਪਰਿਵਾਰ ਅਤੇ ਉਨ੍ਹਾਂ ਦੇ ਸਮਰਥਕਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਮੰਗ ਕੀਤੀ। ਪ੍ਰਦਰਸ਼ਨ ਦੌਰਾਨ ਰਵੀਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਕਿਸੇ ਵੀ ਪਰਿਵਾਰ ਲਈ ਆਪਣੇ ਮੈਂਬਰ ਨੂੰ ਗੁਆਉਣ ਦਾ ਦੁੱਖ ਅਸਹਿਣਯੋਗ ਹੁੰਦਾ ਹੈ। ਅਜਿਹੇ ਵਿੱਚ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣਾ ਅਤੇ ਮਾਮਲੇ ਦੀ ਨਿਰਪੱਖ ਜਾਂਚ ਯਕੀਨੀ ਬਣਾਉਣਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੀ ਮੌਤ ਦੇ ਮਾਮਲੇ ਵਿੱਚ ਪਰਿਵਾਰ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ ਜਾਣਾ ਚਾਹੀਦਾ ਹੈ ਅਤੇ ਜਾਂਚ ਦੇ ਆਧਾਰ 'ਤੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਸਿੱਧੂ ਨੇ ਕਿਹਾ ਕਿ ਜਦੋਂ ਤੱਕ ਪੀੜਤ ਪਰਿਵਾਰ ਨੂੰ ਇਨਸਾਫ਼ ਮਿਲਣ ਸਬੰਧੀ ਤਸੱਲੀਬਖ਼ਸ਼ ਕਾਰਵਾਈ ਨਹੀਂ ਹੁੰਦੀ, ਉਦੋਂ ਤੱਕ ਉਨ੍ਹਾਂ ਦੀ ਆਵਾਜ਼ ਨੂੰ ਅਣਗੌਲਿਆ ਨਹੀਂ ਕੀਤਾ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਦੇ ਨਾਲ ਖੜ੍ਹਾ ਹੈ ਅਤੇ ਇਨਸਾਫ਼ ਦੀ ਮੰਗ ਲਈ ਆਵਾਜ਼ ਉਠਾਉਂਦਾ ਰਹੇਗਾ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਲੋੜੀਂਦੇ ਕਦਮ ਚੁੱਕੇ ਜਾਣ। ਪ੍ਰਦਰਸ਼ਨ ਵਿੱਚ ਸ਼ਾਮਲ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਨੇ ਵੀ ਪਰਿਵਾਰ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਕਿਹਾ ਕਿ ਇਨਸਾਫ਼ ਮਿਲਣ ਤੱਕ ਇਸ ਮਾਮਲੇ ਵਿੱਚ ਆਵਾਜ਼ ਬੁਲੰਦ ਰੱਖੀ ਜਾਵੇਗੀ।

# ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਬਠਿੰਡਾ ਵੱਲੋਂ ਅੰਤਰ ਸਕੂਲ ਯੁਵਕ ਮੇਲਾ 2026 ਕਰਵਾਇਆ

ਬਠਿੰਡਾ, 25 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਗੋਬਿੰਦ ਸਿੰਘ ਸਰਕਲ ਸਟੱਡੀ ਬਠਿੰਡਾ ਵੱਲੋਂ ਅੰਤਰ ਸਕੂਲ ਯੁਵਕ ਮੇਲਾ ਲਿਟਲ ਫਲਾਵਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਵਿਖੇ ਕਰਵਾਇਆ ਗਿਆ। ਜਿਸ ਵਿਚ 30 ਵੱਖ-ਵੱਖ ਸਕੂਲਾਂ ਲੱਗਭਗ 325 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੇਲੇ ਵਿੱਚ ਕਵਿਸ਼ਰੀ, ਕਵਿਤਾਵਾਂ, ਕੁਇਜ਼ ਅਤੇ ਦਸਤਾਰਾਂ ਦੇ ਮੁਕਾਬਲੇ ਕਰਵਾਏ ਗਏ। ਸਕੂਲਾਂ ਦੇ ਵਿਦਿਆਰਥੀਆਂ ਨੇ ਇਹਨਾਂ ਮੁਕਾਬਲਿਆਂ 'ਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਕਵੀਸ਼ਰੀ ਮੁਕਾਬਲੇ ਵਿੱਚ ਦਮਨਜੋਤ ਕੌਰ, ਗੁਰਸਾਂਝ ਕੌਰ ਤੇ ਅਮਾਨਤ ਕੌਰ ਗੁਰੂ ਨਾਨਕ ਦੇਵ ਪਬਲਿਕ ਸਕੂਲ, ਕਮਲਾ ਨਹਿਰੂ ਕਲੋਨੀ ਬਠਿੰਡਾ ਪਹਿਲੇ, ਸੰਜਮਪ੍ਰੀਤ ਕੌਰ, ਸਮਰੀਤ ਕੌਰ ਤੇ ਪ੍ਰਨੀਤ ਕੌਰ ਸੰਤ ਕਬੀਰ ਕਨਵੈਂਟ ਸਕੂਲ ਭੁੱਚੋ ਦੂਜੇ, ਹਰਨਿਵਰਨ ਕੌਰ, ਖੁਸ਼ਪ੍ਰੀਤ ਕੌਰ ਤੇ ਕਮਲਦੀਪ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਮਾ ਸਰਜਾ ਤੀਜੇ ਸਥਾਨ 'ਤੇ ਰਹੇ। ਕਵਿਤਾ ਦੇ ਮੁਕਾਬਲੇ ਵਿੱਚ ਏਕਮਜੋਤ ਕੌਰ ਗੁਰੂ ਨਾਨਕ ਦੇਵ ਪਬਲਿਕ ਸਕੂਲ, ਕਮਲਾ ਨਹਿਰੂ ਕਲੋਨੀ ਬਠਿੰਡਾ ਪਹਿਲੇ, ਗੁਰਨੂਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿਵੀਆਂ ਦੂਜੇ, ਈਸਾ ਨੂਰੁਲਾ ਬਾਬਾ ਫਰੀਦ ਸਕੂਲ ਦਿਉਣ ਤੀਜੇ ਸਥਾਨ 'ਤੇ ਰਹੇ। ਕੁਇਜ਼ ਮੁਕਾਬਲੇ ਵਿਚ ਹਰਸਿਮਰਤ ਕੌਰ, ਕਿਰਨਦੀਪ ਕੌਰ ਸੰਤ ਕਬੀਰ ਕਨਵੈਂਟ ਸਕੂਲ ਭੁੱਚੋ ਨੇ ਪਹਿਲਾ, ਹਰਸਿਮਰਨ ਕੌਰ, ਮਨਿੰਦਰ ਕੌਰ ਗੁਰੂ ਨਾਨਕ ਦੇਵ ਪਬਲਿਕ ਸਕੂਲ, ਕਮਲਾ ਨਹਿਰੂ ਕਲੋਨੀ ਬਠਿੰਡਾ ਨੇ ਦੂਜਾ, ਖੁਸ਼ੀ ਕੌਰ, ਸੁਖਪ੍ਰੀਤ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਘੁੱਦਾ ਨੇ ਤੀਜਾ ਸਥਾਨ ਹਾਸਲ ਕੀਤਾ। ਦਸਤਾਰ ਮੁਕਾਬਲਾ ਲੜਕੀਆਂ 'ਚ ਪਹਿਲਾ ਸਥਾਨ ਅਨੰਤਜੋਤ ਕੌਰ ਸੰਤ ਬਾਬਾ ਫਤਿਹ ਸਿੰਘ ਪਬਲਿਕ ਸਕੂਲ ਬੱਲੋ, ਦੂਜਾ ਸਥਾਨ ਨਿਮਰਤਪਾਲ ਕੌਰ ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਨਥਾਣਾ, ਤੀਜਾ ਸਥਾਨ ਰਮਨਦੀਪ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਘੁੱਦਾ ਨੇ ਪ੍ਰਾਪਤ ਕੀਤਾ। ਇਸੇ ਤਰ੍ਹਾਂ ਹੀ ਦਸਤਾਰ ਮੁਕਾਬਲਾ (ਸੀਨੀਅਰ ਗਰੁੱਪ) ਲੜਕਿਆਂ 'ਚ ਗੁਰਜੋਤ ਸਿੰਘ ਸਮਰਹਿਲ ਕਨਵੈਂਟ ਸਕੂਲ ਬਠਿੰਡਾ ਨੇ ਪਹਿਲਾ, ਅਮਰੀਕ ਸਿੰਘ ਲਿਟਲ ਫਲਾਵਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਨੇ ਦੂਜਾ, ਖੇਮਨਜੋਤ ਸਿੰਘ ਗੁਰੂ ਕਾਸ਼ੀ ਪਬਲਿਕ ਸਕੂਲ ਬਠਿੰਡਾ ਨੇ ਤੀਜਾ ਸਥਾਨ ਹਾਸਲ ਕੀਤਾ। ਦਸਤਾਰ ਮੁਕਾਬਲਾ (ਜੂਨੀਅਰ ਗਰੁੱਪ) ਲੜਕਿਆਂ 'ਚ ਵਿਸ਼ਵਜੋਤ ਸਿੰਘ ਅਤੇ ਕਰਨਵੀਰ ਸਿੰਘ ਬਾਹੀਆ ਗੁਰੂ ਰਾਮਦਾਸ ਪਬਲਿਕ ਸਕੂਲ ਲਹਿਰਾ ਮੁਹੱਬਤ ਨੇ ਕਰਮਵਾਰ ਪਹਿਲਾ ਤੇ ਦੂਜਾ ਅਤੇ ਅਭੀਜੋਤ ਸਿੰਘ ਡਾਕਟਰ ਹੋਮਜ਼ ਅਕੈਡਮੀ ਜੀਦਾ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਯੁਵਕ ਮੇਲੇ 'ਚ ਨੈਤਿਕ ਸਿੱਖਿਆ ਇਮਤਿਹਾਨ 2026 ਦੇ 10 ਜੇਤੂ ਵਿਦਿਆਰਥੀਆਂ ਨੂੰ ਨਗਦ ਇਨਾਮ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਲਗਭਗ 55 ਵਿਦਿਆਰਥੀਆਂ ਨੂੰ ਮੈਰਿਟ ਟਰਾਫੀਆਂ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਯੁਵਕ ਮੇਲੇ ਦੇ ਮੁੱਖ ਮਹਿਮਾਨ ਇੰਜ. ਹਰਦੀਪਕ ਸਿੰਘ ਖਾਲਸਾ, ਪ੍ਰਧਾਨ ਖਾਲਸਾ ਦੀਵਾਨ ਸ੍ਰੀ ਗੁਰੂ ਸਿੰਘ ਸਭਾ ਬਠਿੰਡਾ ਨੇ ਵਿਦਿਆਰਥੀਆਂ ਨੂੰ ਦੁਨਿਆਵੀ ਵਿੱਦਿਆ ਦੇ ਨਾਲ ਨਾਲ ਨੈਤਿਕ ਵਿੱਦਿਆ ਲੈਣ ਲਈ ਵੀ ਪ੍ਰੇਰਿਆ। ਉਹਨਾਂ ਕਿਹਾ ਕਿ ਇੱਕ ਚੰਗਾ ਇਨਸਾਨ ਹੀ ਚੰਗੇ ਸਮਾਜ ਦੀ ਨੀਂਹ ਬਣ ਸਕਦਾ ਹੈ। ਇਸ ਯੁਵਕ ਮੇਲੇ ਦੀ ਸਫ਼ਲ ਸੰਪੂਰਨਤਾ ਲਈ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਬਠਿੰਡਾ ਖੇਤਰ ਦੇ ਪ੍ਰਧਾਨ ਬਲਵੰਤ ਸਿੰਘ ਕਾਲਚਰਾਣੀ, ਸਕੱਤਰ ਡਾ. ਗੁਰਜਿੰਦਰ ਸਿੰਘ ਰੋਮਾਣਾ, ਸਮਾਜਿਕ ਵਿੰਗ ਦੇ ਇੰਚਾਰਜ ਸੁਰਿੰਦਰਪਾਲ ਸਿੰਘ, ਰਮਨਦੀਪ ਸਿੰਘ, ਇੰਜ. ਕੁਲਵਿੰਦਰ ਸਿੰਘ, ਗੁਰਸੇਵਕ ਸਿੰਘ, ਜਸਵੀਰ ਸਿੰਘ, ਊਧਮ ਸਿੰਘ, ਇਸਤਰੀ ਵਿੰਗ ਦੇ ਇੰਚਾਰਜ ਭੈਣ ਪਵਿੱਤਰ ਕੌਰ, ਦਸਤਾਰ ਕੋਚ ਰਣਬੀਰ ਸਿੰਘ ਤੇ ਸੁਖਮਨਪ੍ਰੀਤ ਕੌਰ ਦਾ ਖ਼ਾਸ ਯੋਗਦਾਨ ਰਿਹਾ। ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਸ.ਅਵਤਾਰ ਸਿੰਘ ਨੇ ਮੁੱਖ ਮਹਿਮਾਨ, ਸਾਰੇ ਅਧਿਆਪਕ ਸਹਿਬਾਨ, ਵਿਦਿਆਰਥੀਆਂ ਅਤੇ ਸਟੱਡੀ ਸਰਕਲ ਦੀ ਟੀਮ ਦਾ ਧੰਨਵਾਦ ਕੀਤਾ।









## ਬਾਬਾ ਬੰਦਾ ਸਿੰਘ ਬਹਾਦਰ ਦੇ ਜਨਮ ਦਿਹਾੜੇ 'ਤੇ ਵਿਸ਼ੇਸ਼

# ਸਿੱਖ ਇਤਿਹਾਸ ਦਾ ਮਹਾਂ ਨਾਇਕ: ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ

- ਪ੍ਰੋ. ਸਰਚਾਂਦ ਸਿੰਘ ਖਿਆਲਾ



ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਦਾ ਨਾਮ ਸਿੱਖ ਇਤਿਹਾਸ, ਭਾਰਤੀ ਇਤਿਹਾਸ ਅਤੇ ਮਨੁੱਖੀ ਮੁਕਤੀ ਦੇ ਸੰਘਰਸ਼ ਵਿੱਚ ਅਦੁੱਤੀ ਸਨਮਾਨ ਨਾਲ ਲਿਆ ਜਾਂਦਾ ਹੈ। ਉਹ ਕੇਵਲ ਇੱਕ ਮਹਾਨ ਯੋਧੇ ਹੀ ਨਹੀਂ ਸਨ, ਸਗੋਂ ਅਜਿਹੇ ਇਨਕਲਾਬੀ ਆਗੂ ਸਨ, ਜਿਨ੍ਹਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਿਸ਼ਨ ਨੂੰ ਅੱਗੇ ਵਧਾਉਂਦਿਆਂ ਜ਼ੁਲਮ, ਜਾਗੀਰਦਾਰੀ ਅਤੇ ਸਮਾਜਿਕ ਅਸਮਾਨਤਾ ਨੂੰ ਸਿੱਧੀ ਚੁਣੌਤੀ ਦਿੱਤੀ। ਉਨ੍ਹਾਂ ਨੇ ਜਾਤ-ਪਾਤ ਅਤੇ ਉੱਚ-ਨੀਚ ਦੇ ਭੇਦਭਾਵ ਨੂੰ ਰੱਦ ਕਰਦਿਆਂ ਸਮਾਜ ਦੇ ਹੇਠਲੇ ਸਮਝੇ ਜਾਂਦੇ ਵਰਗਾਂ ਨੂੰ ਵੀ ਇੱਜ਼ਤ, ਅਧਿਕਾਰ ਅਤੇ ਸੱਤਾ ਵਿੱਚ ਹਿੱਸੇਦਾਰੀ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਦੀ ਸਭ ਤੋਂ ਵੱਡੀ ਦੇਣ ਸਮਾਜਿਕ ਕ੍ਰਾਂਤੀ ਸੀ। ਉਨ੍ਹਾਂ ਨੇ ਜਾਗੀਰਦਾਰੀ ਪ੍ਰਣਾਲੀ ਨੂੰ ਚੁਣੌਤੀ ਦਿੰਦਿਆਂ ਜ਼ਮੀਨਾਂ ਦਾ ਮਾਲਕਾਨਾ ਹੱਕ ਉਨ੍ਹਾਂ ਕਿਸਾਨਾਂ ਨੂੰ ਦਿਵਾਇਆ, ਜੋ ਪੀੜ੍ਹੀਆਂ ਤੋਂ ਉਨ੍ਹਾਂ ਜ਼ਮੀਨਾਂ 'ਤੇ ਮਿਹਨਤ ਕਰਦੇ ਅਤੇ ਹਲ ਵਾਹੁੰਦੇ ਆ ਰਹੇ ਸਨ। ਇਹ ਭਾਰਤੀ ਉਪ-ਮਹਾਂਦੀਪ ਦੇ ਇਤਿਹਾਸ ਵਿੱਚ ਪੱਛਮ ਤੋਂ ਵੀ ਪਹਿਲਾਂ ਦਾ ਇੱਕ ਵਿਲੱਖਣ ਅਤੇ ਕ੍ਰਾਂਤੀਕਾਰੀ ਕਦਮ ਸੀ।

ਉਹ ਅਜਿਹੇ ਮਹਾਨ ਆਗੂ ਵਜੋਂ ਉੱਭਰੇ, ਜਿਨ੍ਹਾਂ ਨੇ ਮੁਗ਼ਲ ਸਾਮਰਾਜ ਵਿਰੁੱਧ ਖ਼ਾਲਸਾ ਫ਼ੌਜ ਦੀ ਅਗਵਾਈ ਕਰਦਿਆਂ ਉਸ ਦੀਆਂ ਜੜ੍ਹਾਂ ਹਿਲਾ ਦਿੱਤੀਆਂ ਅਤੇ ਕੁਝ ਹੀ ਸਾਲਾਂ ਵਿੱਚ ਪੰਜਾਬ ਦੇ ਆਮ ਲੋਕਾਂ ਦਾ ਪਹਿਲਾ ਖ਼ਾਲਸਾਈ ਰਾਜ ਸਥਾਪਿਤ ਕੀਤਾ। ਇਹ ਪੰਜਾਬ ਦੀ ਧਰਤੀ 'ਤੇ ਸਮਾਜਿਕ ਨਿਆਂ, ਲੋਕ-ਕਲਿਆਣ ਅਤੇ ਬਰਾਬਰੀ ਦੇ ਸਿਧਾਂਤਾਂ 'ਤੇ ਆਧਾਰਿਤ ਪਹਿਲੇ ਖ਼ਾਲਸਾ ਰਾਜ ਦੀ ਸਥਾਪਨਾ ਸੀ। ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਆਪਣੇ ਨਾਮ ਦੀ ਬਜਾਏ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਮ 'ਤੇ ਸਿੱਕੇ ਚਲਾਏ ਜਾਣਾ ਇਹ ਸਪੱਸ਼ਟ ਕਰਦਾ ਹੈ ਕਿ ਉਹ ਆਪਣੇ ਆਪ ਨੂੰ ਕਿਸੇ ਰਾਜਵੰਸ਼ ਦਾ ਸੰਸਥਾਪਕ ਨਹੀਂ, ਸਗੋਂ ਗੁਰੂ ਸਾਹਿਬਾਨ ਦੇ ਮਿਸ਼ਨ ਦਾ ਸੇਵਕ ਮੰਨਦੇ ਸਨ।

ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ 27 ਅਕਤੂਬਰ 1670 ਨੂੰ ਰਾਜੌਰੀ, ਮੌਜੂਦਾ ਜੰਮੂ-ਕਸ਼ਮੀਰ, ਵਿਖੇ ਇੱਕ ਰਾਜਪੂਤ ਕਿਸਾਨ ਪਰਿਵਾਰ ਵਿੱਚ ਹੋਇਆ ਮੰਨਿਆ ਜਾਂਦਾ ਹੈ। ਉਨ੍ਹਾਂ ਦਾ ਮੁੱਢਲਾ ਨਾਮ ਲਛਮਣ ਦਾਸ ਸੀ। ਸ਼ਿਕਾਰ ਦੌਰਾਨ ਵਾਪਰੀ ਇੱਕ ਘਟਨਾ ਨੇ ਉਨ੍ਹਾਂ ਦੇ ਮਨ 'ਤੇ ਡੂੰਘਾ ਪ੍ਰਭਾਵ ਪਾਇਆ ਅਤੇ ਉਹ ਸੰਸਾਰਕ ਜੀਵਨ ਤੋਂ ਵਿਰਕਤ ਹੋ ਗਏ। ਬਾਅਦ ਵਿੱਚ ਉਨ੍ਹਾਂ ਨੇ ਤਿਆਗੀ ਜੀਵਨ ਅਪਣਾਇਆ ਅਤੇ ਮਾਧੋ ਦਾਸ ਵਜੋਂ ਜਾਣੇ ਜਾਣ ਲੱਗੇ। ਉਹ ਦੱਖਣ ਦੇ ਨਾਸਿਕ ਵਿਖੇ ਇੱਕ ਜੋਗੀ ਦੇ ਚੇਲੇ ਬਣੇ ਅਤੇ ਗੋਦਾਵਰੀ ਨਦੀ ਦੇ ਕੰਢੇ, ਨਾਂਦੇੜ ਵਿਖੇ, ਆਪਣਾ ਡੇਰਾ ਸਥਾਪਿਤ ਕੀਤਾ।

ਸੰਨ 1708 ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਉਨ੍ਹਾਂ ਦਾ ਮਿਲਾਪ ਕੇਵਲ ਦੋ ਵਿਅਕਤੀਆਂ ਦੀ ਮੁਲਾਕਾਤ ਨਹੀਂ ਸੀ, ਸਗੋਂ ਇਤਿਹਾਸ ਦੀ ਦਿਸ਼ਾ ਬਦਲਣ ਵਾਲਾ ਮਹੱਤਵਪੂਰਨ ਪਲ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਅੰਮ੍ਰਿਤ ਛਕਿਆ ਅਤੇ ਗੁਰਬਖ਼ਸ਼ ਸਿੰਘ ਨਾਮ ਧਾਰਨ ਕੀਤਾ। ਪਰ ਇਤਿਹਾਸ ਵਿੱਚ ਬੰਦਾ ਸਿੰਘ ਬਹਾਦਰ ਦੇ ਨਾਮ ਨਾਲ ਪ੍ਰਸਿੱਧ ਹੋਏ।

ਗੁਰੂ ਸਾਹਿਬ ਨੇ ਉਨ੍ਹਾਂ ਨੂੰ ਮੁਗ਼ਲ ਸ਼ਾਸਨ ਦੇ ਅੱਤਿਆਚਾਰਾਂ ਵਿਰੁੱਧ ਸੰਘਰਸ਼ ਕਰਨ ਅਤੇ ਲੋਕਾਂ ਨੂੰ ਨਿਆਂ ਦਿਵਾਉਣ ਲਈ ਪੰਜਾਬ ਭੇਜਿਆ। ਇਸ ਮਿਸ਼ਨ ਲਈ ਉਨ੍ਹਾਂ ਨੂੰ ਪੰਜ ਤੀਰ, ਨਿਸ਼ਾਨ ਸਾਹਿਬ, ਨਗਾਰਾ ਅਤੇ ਸਿੱਖ ਸੰਗਤਾਂ ਨੂੰ ਉਨ੍ਹਾਂ ਦੀ ਅਗਵਾਈ ਹੇਠ ਇਕੱਠੇ ਹੋਣ ਦਾ ਸੰਦੇਸ਼ ਦੇਣ ਵਾਲੇ ਹੁਕਮਨਾਮੇ ਸੌਂਪੇ ਗਏ।

ਬਾਬਾ ਬੰਦਾ ਸਿੰਘ ਬਹਾਦਰ ਦੀ ਮੁਗ਼ਲ ਸ਼ਾਸਨ ਵਿਰੁੱਧ ਲੜਾਈ ਅੱਜ ਦੇ ਪੰਜਾਬ, ਹਰਿਆਣਾ ਅਤੇ ਨੇੜਲੇ ਖੇਤਰਾਂ ਵਿੱਚ ਕੇਂਦਰਿਤ ਸੀ। ਉਨ੍ਹਾਂ ਨੇ ਸਮਾਣਾ, ਸਢੌਰਾ, ਕਪੂਰੀ, ਥਾਨੇਸਰ, ਕੁਰੂਕਸ਼ੇਤਰ ਅਤੇ ਸੋਨੀਪਤ ਵਰਗੇ ਖੇਤਰਾਂ ਨੂੰ ਮੁਗ਼ਲਾਂ ਤੋਂ ਆਜ਼ਾਦ ਕਰਵਾਇਆ। ਇਹੀ ਕਾਰਨ ਹੈ ਕਿ ਹਰਿਆਣਾ ਸਰਕਾਰ ਬੰਦਾ ਸਿੰਘ ਬਹਾਦਰ ਨੂੰ ਉਨ੍ਹਾਂ ਦੀ ਧਾਰਮਿਕ ਪਛਾਣ ਤੋਂ ਉੱਪਰ ਇੱਕ ਲੋਕ ਨਾਇਕ, ਸੰਯੁਕਤ ਸਭਿਆਚਾਰਕ ਪ੍ਰਤੀਕ ਅਤੇ ਰਾਸ਼ਟਰੀ ਨੇਤਾ ਵਜੋਂ ਦੇਖਦੀ ਹੈ। ਉਨ੍ਹਾਂ ਦੀਆਂ ਜਿੱਤਾਂ ਨੇ ਆਮ ਲੋਕਾਂ ਵਿੱਚ ਜ਼ੁਲਮ ਵਿਰੁੱਧ ਲੜਨ ਦਾ ਹੌਸਲਾ ਪੈਦਾ ਕੀਤਾ। ਇਸੇ ਲਈ ਉਹ ਵਿਆਪਕ ਭਾਰਤੀ ਇਤਿਹਾਸ ਵਿੱਚ ਵੀ ਜ਼ੁਲਮ ਵਿਰੁੱਧ ਸੰਘਰਸ਼ ਦੇ ਪ੍ਰਤੀਕ ਵਜੋਂ ਯਾਦ ਕੀਤੇ ਜਾਂਦੇ ਹਨ।

ਸੰਨ 1710 ਵਿੱਚ ਉਨ੍ਹਾਂ ਨੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਿਹ ਸਿੰਘ ਨੂੰ ਸ਼ਹੀਦ ਕਰਵਾਉਣ ਵਾਲੇ ਸਰਹਿੰਦ ਦੇ ਸੂਬੇਦਾਰ ਵਜ਼ੀਰ ਖ਼ਾਨ ਨੂੰ ਚੱਪੜਚਿੜੀ ਦੇ ਮੈਦਾਨ ਵਿੱਚ ਹਰਾ ਕੇ ਸਿੱਖ ਇਤਿਹਾਸ ਦਾ ਇੱਕ ਨਵਾਂ ਅਧਿਆਇ ਲਿਖਿਆ। ਸਰਹਿੰਦ ਦੀ ਜਿੱਤ ਕੇਵਲ ਇੱਕ ਸੈਨਿਕ ਜਿੱਤ ਨਹੀਂ ਸੀ, ਸਗੋਂ ਨਿਆਂ ਦੀ ਜਿੱਤ ਸੀ। ਬਾਅਦ ਵਿੱਚ ਉਹ ਜਲਾਲਾਬਾਦ, ਜਲੰਧਰ ਅਤੇ ਹੁਸ਼ਿਆਰਪੁਰ ਹੀ ਨਹੀਂ, ਸਗੋਂ ਖ਼ਾਲਸਾਈ ਝੰਡਾ ਲਾਹੌਰ ਦੀਆਂ ਦੀਵਾਰਾਂ ਤੱਕ ਲਿਜਾਣ ਵਿੱਚ ਵੀ ਸਫਲ ਹੋਏ।

ਉਨ੍ਹਾਂ ਦੀ ਅਗਵਾਈ ਹੇਠ ਖ਼ਾਲਸਾਈ ਤਾਕਤ ਨੇ ਦੁਆਬੇ ਅਤੇ ਚੰਬੇ ਤੱਕ ਦੇ ਪਹਾੜੀ ਖੇਤਰਾਂ ਵਿੱਚ ਆਪਣਾ ਪ੍ਰਭਾਵ ਵਧਾਇਆ। ਬਾਬਾ ਜੀ ਨੂੰ ਰਾਜ ਕਰਨ ਲਈ ਬਹੁਤਾ ਸਮਾਂ ਨਹੀਂ ਮਿਲਿਆ, ਪਰ ਆਪਣੇ ਸੱਤ-ਅੱਠ ਸਾਲਾਂ ਦੇ ਸੰਘਰਸ਼ ਦੌਰਾਨ ਉਨ੍ਹਾਂ ਨੇ ਤੂਫ਼ਾਨ ਵਾਂਗ ਮੁਗ਼ਲ ਹਕੂਮਤ ਨੂੰ ਗੰਭੀਰ ਚੁਣੌਤੀ ਦਿੱਤੀ। ਉਨ੍ਹਾਂ ਦੀ ਫ਼ੌਜ ਵਿੱਚ ਆਮ ਲੋਕਾਂ ਦੀ ਵੱਡੀ ਭੂਮਿਕਾ ਸੀ। ਉਨ੍ਹਾਂ ਨੇ ਸੀਮਤ ਸਾਧਨਾਂ ਦੇ ਬਾਵਜੂਦ ਸਿਖਲਾਈ ਪ੍ਰਾਪਤ ਫ਼ੌਜਾਂ 'ਤੇ ਜਿੱਤਾਂ ਹਾਸਲ ਕੀਤੀਆਂ ਅਤੇ ਜ਼ੁਲਮ ਦਾ ਸਾਹਮਣਾ ਕਰਨ ਵਾਲਿਆਂ ਨੂੰ ਨਵੀਂ ਉਮੀਦ ਦਿੱਤੀ।

ਲੰਮੇ ਸੰਘਰਸ਼ ਤੋਂ ਬਾਅਦ ਬਾਬਾ ਬੰਦਾ ਸਿੰਘ ਬਹਾਦਰ ਅਤੇ ਉਨ੍ਹਾਂ ਦੇ ਸਾਥੀ ਗੁਰਦਾਸ ਨੰਗਲ ਦੀ ਗੜ੍ਹੀ (ਜ਼ਿਲ੍ਹਾ ਗੁਰਦਾਸਪੁਰ) ਵਿੱਚ ਸ਼ਾਹੀ ਫ਼ੌਜਾਂ ਵੱਲੋਂ ਘੇਰ ਲਏ ਗਏ। ਲੰਮੀ ਘੇਰਾਬੰਦੀ ਅਤੇ ਭਾਰੀ ਮੁਸ਼ਕਲਾਂ ਤੋਂ ਬਾਅਦ, ਇੱਕ ਸਾਜ਼ਿਸ਼ ਤਹਿਤ ਬਾਬਾ ਜੀ ਨੂੰ ਗੜ੍ਹੀ ਵਿੱਚੋਂ ਬਾਹਰ ਕੱਢਿਆ ਗਿਆ। ਇਸ ਘਟਨਾ ਦੀ ਤੁਲਨਾ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਣ ਤੋਂ ਬਾਅਦ ਸ੍ਰੀ ਗੁਰੂ ਗੋਬਿੰਦ ਸਿੰਘ ਜੀ 'ਤੇ ਹੋਏ ਹਮਲਿਆਂ ਨਾਲ ਕੀਤੀ ਜਾਂਦੀ ਹੈ। ਬਾਬਾ ਬੰਦਾ ਸਿੰਘ ਬਹਾਦਰ ਅਤੇ ਉਨ੍ਹਾਂ ਦੇ ਸੈਂਕੜੇ ਸਾਥੀਆਂ ਨੂੰ ਗ੍ਰਿਫ਼ਤਾਰ ਕਰਕੇ ਦਿੱਲੀ ਲਿਜਾਇਆ ਗਿਆ। ਇਸ ਕਾਫ਼ਲੇ ਵਿੱਚ ਵੱਖ-ਵੱਖ ਥਾਵਾਂ ਤੋਂ ਗ੍ਰਿਫ਼ਤਾਰ ਕੀਤੇ ਹੋਰ ਸਿੱਖ ਵੀ ਸ਼ਾਮਲ ਸਨ। ਸੰਨ 1716 ਵਿੱਚ ਦਿੱਲੀ ਦੀ ਧਰਤੀ 'ਤੇ ਸਿੱਖਾਂ ਦੀ ਸ਼ਹਾਦਤ ਦਾ ਇੱਕ ਅਜਿਹਾ ਖ਼ੂਨੀ ਅਧਿਆਇ ਲਿਖਿਆ ਗਿਆ, ਜਿਸ ਦੀ ਕਲਪਨਾ ਮਾਤਰ ਨਾਲ ਹਿਰਦਾ ਕੰਬ ਉੱਠਦਾ ਹੈ। ਬਾਬਾ ਬੰਦਾ ਸਿੰਘ ਬਹਾਦਰ ਨੂੰ ਸ਼ਹੀਦ ਕਰਨ ਤੋਂ ਪਹਿਲਾਂ ਪੁਰਾਣੀ ਦਿੱਲੀ ਵਿਚ ਕੋਤਵਾਲੀ ਚੌਕ ਅਤੇ ਮਹਿਰੌਲੀ ਖੇਤਰ ਨਾਲ ਜੁੜੀਆਂ ਥਾਵਾਂ 'ਤੇ ਉਨ੍ਹਾਂ ਦੇ ਗ੍ਰਿਫ਼ਤਾਰ ਸਾਥੀ ਸਿੰਘਾਂ ਵਿੱਚੋਂ ਰੋਜ਼ਾਨਾ ਸੌ-ਸੌ ਸਿੰਘਾਂ ਨੂੰ ਕਈ ਦਿਨਾਂ ਤੱਕ ਜਨਤਕ ਤੌਰ 'ਤੇ ਕਤਲ ਕੀਤਾ ਗਿਆ। ਫਿਰ ਉਨ੍ਹਾਂ ਦੇ ਸਿਰ ਕੱਟ ਕੇ ਸੜਕਾਂ ਦੇ ਮੋੜਾਂ 'ਤੇ ਟੰਗੇ ਗਏ। ਮੁਗ਼ਲ ਹਕੂਮਤ ਦਾ ਮਕਸਦ ਦਹਿਸ਼ਤ ਫੈਲਾਉਣਾ ਅਤੇ ਲੋਕਾਂ ਨੂੰ ਇਹ ਚੇਤਾਵਨੀ ਦੇਣਾ ਸੀ ਕਿ ਸਾਮਰਾਜ ਵਿਰੁੱਧ ਖੜ੍ਹੇ ਹੋਣ ਵਾਲਿਆਂ ਦਾ ਅੰਜਾਮ ਕੀ ਹੋਵੇਗਾ। ਪਰ ਇਹ ਦਹਿਸ਼ਤ ਸਿੱਖਾਂ ਦੇ ਸਿਦਕ ਨੂੰ ਨਾ ਡੁਲਾ ਸਕੀ। ਇੱਕ-ਇੱਕ ਕਰਕੇ ਸਿੰਘ ਸ਼ਹਾਦਤ ਦਾ ਜਾਮ ਪੀਂਦੇ ਗਏ, ਪਰ ਕਿਸੇ ਨੇ ਈਨ ਨਾ ਮੰਨੀ। ਨਾ ਜ਼ੁਲਮ ਉਨ੍ਹਾਂ ਦੇ ਵਿਸ਼ਵਾਸ ਨੂੰ ਖ਼ਰੀਦ ਸਕਿਆ ਅਤੇ ਨਾ ਹੀ ਮੌਤ ਦਾ ਡਰ ਉਨ੍ਹਾਂ ਨੂੰ ਝੁਕਾ ਸਕਿਆ।

ਇਸ ਦਰਦਨਾਕ ਗਾਥਾ ਦਾ ਸਭ ਤੋਂ ਵੱਧ ਹਿਰਦੇ-ਵੇਧਕ ਅਤੇ ਵੈਰਾਗਮਈ ਪੱਖ ਬਾਬਾ ਬੰਦਾ ਸਿੰਘ ਬਹਾਦਰ ਦੇ ਮਾਸੂਮ ਪੁੱਤਰ, ਬਾਬਾ ਅਜੈ ਸਿੰਘ ਦੀ ਕੁਰਬਾਨੀ ਹੈ। ਮੁਗ਼ਲ ਹਾਕਮਾਂ ਨੇ ਬਾਬਾ ਜੀ ਦੇ ਅਡੋਲ ਸਿਦਕ ਨੂੰ ਤੋੜਨ ਲਈ ਉਨ੍ਹਾਂ ਦੇ ਮਾਸੂਮ ਪੁੱਤਰ ਨੂੰ ਪਿਤਾ ਦੇ ਸਾਹਮਣੇ ਸ਼ਹੀਦ ਕਰ ਦਿੱਤਾ। ਉਪਰੰਤ ਬਾਲਕ ਦਾ ਦਿਲ ਕੱਢ ਕੇ ਬਾਬਾ ਬੰਦਾ ਸਿੰਘ ਬਹਾਦਰ ਦੇ ਮੂੰਹ ਵਿੱਚ ਤੁੰਨਿਆ ਗਿਆ। ਇਹ ਬੇਰਹਿਮੀ ਮਨੁੱਖਤਾ ਦੇ ਇਤਿਹਾਸ ਦਾ ਅਤਿ ਦਰਦਨਾਕ ਅਧਿਆਇ ਹੈ।

ਇੱਕ ਪਿਤਾ ਦੇ ਸਾਹਮਣੇ ਉਸ ਦੇ ਨਿੱਕੇ ਜਿਹੇ ਲਾਡਲੇ ਪੁੱਤਰ ਨੂੰ ਕਤਲ ਕਰ ਦੇਣਾ ਅਤੇ ਉਸ ਦਾ ਦਿਲ ਕੱਢ ਕੇ ਮੂੰਹ ਵਿੱਚ ਪਾ ਦੇਣਾ—ਇਸ ਤੋਂ ਵੱਡੀ ਮਾਨਸਿਕ ਪੀੜ ਦੀ ਕਲਪਨਾ ਕਰਨੀ ਵੀ ਔਖੀ ਹੈ। ਪਰ ਬਾਬਾ ਬੰਦਾ ਸਿੰਘ ਬਹਾਦਰ ਨੇ ਆਪਣੇ ਪੁੱਤਰ ਦੀ ਸ਼ਹਾਦਤ ਅਤੇ ਅੰਤਾਂ ਦੇ ਤਸੀਹਿਆਂ ਦੇ ਬਾਵਜੂਦ ਸਿਦਕ ਨਹੀਂ ਛੱਡਿਆ। ਉਨ੍ਹਾਂ ਦੀ ਚੁੱਪ ਵਿੱਚ ਇੱਕ ਪਿਤਾ ਦਾ ਅਥਾਹ ਦਰਦ ਵੀ ਸੀ ਅਤੇ ਗੁਰੂ-ਭਾਣੇ ਵਿੱਚ ਅਟੱਲ ਭਰੋਸਾ ਵੀ। ਉਨ੍ਹਾਂ ਦੀ ਅਡੋਲਤਾ ਨੇ ਜ਼ਾਲਮਾਂ ਦੀ ਤਾਕਤ ਨੂੰ ਨੈਤਿਕ ਤੌਰ 'ਤੇ ਬੌਣਾ ਕਰ ਦਿੱਤਾ। ਉਹ ਆਪਣੇ ਸਰੀਰ 'ਤੇ ਹੋ ਰਹੇ ਜ਼ੁਲਮ ਨੂੰ ਸਹਿੰਦੇ ਰਹੇ, ਪਰ ਆਪਣੇ ਵਿਸ਼ਵਾਸ ਅਤੇ ਅਸੂਲਾਂ ਤੋਂ ਇੱਕ ਕਦਮ ਵੀ ਪਿੱਛੇ ਨਾ ਹਟੇ। ਅੰਤ ਵਿੱਚ, ਜੂਨ 1716 ਵਿੱਚ ਬਾਬਾ ਬੰਦਾ ਸਿੰਘ ਬਹਾਦਰ ਨੇ ਅੰਤਾਂ ਦੇ ਤਸੀਹੇ ਸਹਿੰਦਿਆਂ ਅਦੁੱਤੀ ਸ਼ਹਾਦਤ ਪ੍ਰਾਪਤ ਕੀਤੀ ਅਤੇ ਸਿੱਖ ਇਤਿਹਾਸ ਵਿੱਚ ਸਿਦਕ, ਸੂਰਮਗਤੀ ਤੇ ਕੁਰਬਾਨੀ ਦਾ ਅਮਿੱਟ ਅਧਿਆਇ ਲਿਖ ਦਿੱਤਾ। ਸਿੱਖ ਇਤਿਹਾਸ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਦੇ ਮੁੱਢਲੇ ਜੀਵਨ ਬਾਰੇ ਸਮਕਾਲੀ ਅਤੇ ਵਿਸਤ੍ਰਿਤ ਜਾਣਕਾਰੀ ਦੇਣ ਵਾਲੀਆਂ ਲਿਖਤਾਂ ਬਹੁਤ ਘੱਟ ਮਿਲਦੀਆਂ ਹਨ। ਉਨ੍ਹਾਂ ਦੇ ਜੀਵਨ ਬਾਰੇ ਵਧੇਰੇ ਜਾਣਕਾਰੀ 1708 ਵਿੱਚ ਨਾਂਦੇੜ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਮਿਲਾਪ ਅਤੇ ਉਸ ਤੋਂ ਬਾਅਦ ਪੰਜਾਬ ਵਿੱਚ ਬਿਤਾਏ ਲਗਭਗ ਸੱਤ-ਅੱਠ ਸਾਲਾਂ ਨਾਲ ਸਬੰਧਤ ਹੈ। ਉਨ੍ਹਾਂ ਬਾਰੇ ਇਤਿਹਾਸਕ ਖੋਜ ਲਈ ਫ਼ਾਰਸੀ ਸਰੋਤਾਂ ਵਿੱਚ 'ਅਖ਼ਬਾਰ-ਏ-ਦਰਬਾਰ-ਏ-ਮੁਅੱਲਾ', ਮੁਹੰਮਦ ਕਾਸਿਮ ਦਾ 'ਇਬਰਤਨਾਮਾ', ਮਿਰਜ਼ਾ ਮੁਹੰਮਦ ਦਾ 'ਇਬਰਤਨਾਮਾ', ਹਾਜੀ ਕਾਮਵਰ ਖ਼ਾਨ ਦੀ 'ਤਜ਼ਿਕਰਾਤ-ਉਲ-ਸਲਾਤੀਨ ਚੁਗ਼ਤਾ' ਅਤੇ ਖ਼ਾਫ਼ੀ ਖ਼ਾਨ ਦੀ 'ਮੁਨਤਖ਼ਬ-ਉਲ-ਲੁਬਾਬ' ਵਰਗੀਆਂ ਰਚਨਾਵਾਂ ਹਨ। ਜਿਨਾਂ ਵਿੱਚ ਦਰਜ ਬਾਬਾ ਜੀ ਦੇ ਸੰਘਰਸ਼, ਗ੍ਰਿਫ਼ਤਾਰੀ ਅਤੇ ਸ਼ਹਾਦਤ ਨਾਲ ਸਬੰਧਤ ਵੇਰਵਿਆਂ ਨੂੰ ਲੇਖਕਾਂ ਦੇ ਸਮੇਂ, ਰਾਜਨੀਤਿਕ ਮਾਹੌਲ ਅਤੇ ਦ੍ਰਿਸ਼ਟੀਕੋਣ ਨੂੰ ਧਿਆਨ ਵਿੱਚ ਰੱਖ ਕੇ ਵਾਚਣ ਦੀ ਲੋੜ ਹੈ।

ਪੰਜਾਬੀ ਇਤਿਹਾਸਕ ਲਿਖਤਾਂ ਵਿੱਚ ਕੇਸਰ ਸਿੰਘ ਛਿੱਬਰ ਦੀ 'ਬੰਸਾਵਲੀਨਾਮਾ ਦਸਾਂ ਪਾਤਸ਼ਾਹੀਆਂ ਕਾ' ਵਿਸ਼ੇਸ਼ ਮਹੱਤਵ ਰੱਖਦੀ ਹੈ, ਜੋ ਲਗਭਗ 1769 ਵਿੱਚ ਲਿਖੀ ਗਈ ਮੰਨੀ ਜਾਂਦੀ ਹੈ। ਇਸ ਤੋਂ ਇਲਾਵਾ ਢਾਡੀ ਨੱਥ ਮੱਲ ਦਾ ਫ਼ਾਰਸੀ 'ਅਮਰਨਾਮਾ' ਵੀ ਇੱਕ ਮਹੱਤਵਪੂਰਨ ਸਰੋਤ ਹੈ। ਕੋਇਰ ਸਿੰਘ ਦੀ 'ਗੁਰ ਬਿਲਾਸ ਪਾਤਸ਼ਾਹੀ ਦਸਵੀਂ', ਸਰੂਪ ਸਿੰਘ ਕੌਸ਼ਿਸ਼ ਦੀ 'ਗੁਰੂ ਕੀਆਂ ਸਾਖੀਆਂ', ਰਤਨ ਸਿੰਘ ਭੰਗੂ ਦੀ 'ਪ੍ਰਾਚੀਨ ਪੰਥ ਪ੍ਰਕਾਸ਼', ਕਵੀ ਸੰਤੋਖ ਸਿੰਘ ਦੀ 'ਸੂਰਜ ਪ੍ਰਕਾਸ਼ ਗ੍ਰੰਥ', ਗਿਆਨੀ ਗਿਆਨ ਸਿੰਘ ਦੀ 'ਸ੍ਰੀ ਗੁਰ ਪੰਥ ਪ੍ਰਕਾਸ਼' ਅਤੇ ਸਰੂਪ ਦਾਸ ਭੱਲਾ ਦੀ 'ਮਹਿਮਾ ਪ੍ਰਕਾਸ਼' ਵੀ ਸਿੱਖ ਇਤਿਹਾਸ ਦੀਆਂ ਚਰਚਾਵਾਂ ਵਿੱਚ ਹਵਾਲਿਆਂ ਵਜੋਂ ਵਰਤੀਆਂ ਜਾਂਦੀਆਂ ਹਨ। ਹਾਲਾਂਕਿ, ਇਨ੍ਹਾਂ ਰਚਨਾਵਾਂ ਦੇ ਲਿਖੇ ਜਾਣ ਦੇ ਸਮੇਂ, ਉਦੇਸ਼ ਅਤੇ ਆਪਸੀ ਸਰੋਤ-ਸਬੰਧਾਂ ਦੀ ਜਾਂਚ ਕਰਨੀ ਜ਼ਰੂਰੀ ਹੈ।

ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਖ਼ਸੀਅਤ ਬਾਰੇ ਪੁਰਾਣੀਆਂ ਲਿਖਤਾਂ ਅਤੇ ਬਾਅਦ ਦੇ ਬਿਰਤਾਂਤਾਂ ਵਿੱਚ ਵੱਖ-ਵੱਖ ਧਾਰਨਾਵਾਂ ਮਿਲਦੀਆਂ ਹਨ। ਗੁਰੂ ਗੋਬਿੰਦ ਸਿੰਘ ਜੀ ਨਾਲ ਉਨ੍ਹਾਂ ਦੇ ਸਬੰਧਾਂ, ਰਹਿਤ-ਮਰਿਆਦਾ ਅਤੇ ਜੀਵਨ ਦੀਆਂ ਕੁਝ ਘਟਨਾਵਾਂ ਬਾਰੇ ਵੀ ਮਤਭੇਦ ਹਨ। ਕੁਝ ਲਿਖਤਾਂ ਉਨ੍ਹਾਂ ਨੂੰ ਗੁਰੂ ਸਾਹਿਬ ਦੇ ਹੁਕਮਾਂ ਤੋਂ ਵੱਖ ਹੋਇਆ ਦਰਸਾਉਂਦੀਆਂ ਹਨ, ਜਦਕਿ ਹੋਰ ਬਿਰਤਾਂਤ ਉਨ੍ਹਾਂ ਦੀ ਗੁਰੂ-ਨਿਸ਼ਠਾ ਅਤੇ ਕੁਰਬਾਨੀ ਨੂੰ ਉਭਾਰਦੇ ਹਨ।

ਇਨ੍ਹਾਂ ਮਤਭੇਦਾਂ ਦੇ ਨਿਰਪੱਖ ਮੁਲਾਂਕਣ ਲਈ ਡਾ. ਸੁਖਦਿਆਲ ਸਿੰਘ ਦੀ ਪੁਸਤਕ 'ਬੰਦਾ ਸਿੰਘ ਬਹਾਦਰ: ਇਤਿਹਾਸਕ ਅਧਿਐਨ' ਵੀ ਜ਼ਿਕਰਯੋਗ ਹੈ, ਜੋ ਬਾਬਾ ਜੀ ਦੀ ਸ਼ਖ਼ਸੀਅਤ ਅਤੇ ਉਨ੍ਹਾਂ ਬਾਰੇ ਪ੍ਰਚਲਿਤ ਇਤਿਹਾਸਕ ਧਾਰਨਾਵਾਂ ਨੂੰ ਸਮਝਣ ਲਈ ਖੋਜ-ਆਧਾਰਿਤ ਦ੍ਰਿਸ਼ਟੀ ਪ੍ਰਦਾਨ ਕਰਦੀ ਹੈ।

ਅੰਗਰੇਜ਼ ਇਤਿਹਾਸਕਾਰ ਵਿਲੀਅਮ ਇਰਵਨ ਨੇ ਆਪਣੀ ਪੁਸਤਕ 'ਲੇਟਰ ਮੁਗਲਜ਼' ਵਿੱਚ ਇਸ ਸਮਾਜਿਕ ਤਬਦੀਲੀ ਦਾ ਜ਼ਿਕਰ ਕੀਤਾ ਹੈ। ਉਨ੍ਹਾਂ ਦੇ ਵਰਣਨ ਅਨੁਸਾਰ, ਬਾਬਾ ਜੀ ਦੀ ਫ਼ੌਜ ਵਿੱਚ ਸ਼ਾਮਲ ਹੋਣ ਵਾਲੇ ਹੇਠਲੇ ਸਮਝੇ ਜਾਂਦੇ ਵਰਗਾਂ ਦੇ ਲੋਕ ਆਪਣੇ ਘਰਾਂ ਨੂੰ ਹਾਕਮ ਬਣ ਕੇ ਮੁੜਦੇ ਸਨ ਅਤੇ ਸਮਾਜ ਦੇ ਧਨਾਢ ਲੋਕ ਵੀ ਉਨ੍ਹਾਂ ਦਾ ਸਵਾਗਤ ਕਰਦੇ ਸਨ। ਇਹ ਵੇਰਵਾ ਉਸ ਸਮਾਜਿਕ ਤਬਦੀਲੀ ਵੱਲ ਸੰਕੇਤ ਕਰਦਾ ਹੈ, ਜਿਸ ਰਾਹੀਂ ਬਾਬਾ ਜੀ ਨੇ ਆਮ ਲੋਕਾਂ ਵਿੱਚ ਸਵੈਮਾਣ ਅਤੇ ਅਧਿਕਾਰਾਂ ਦੀ ਭਾਵਨਾ ਜਗਾਈ। ਇਹ ਗੁਰੂ ਗੋਬਿੰਦ ਸਿੰਘ ਜੀ ਦੇ ਉਸ ਆਦਰਸ਼ ਦੀ ਪੂਰਤੀ ਸੀ, ਜਿਸ ਵਿੱਚ ਗਰੀਬ ਅਤੇ ਨਿਮਾਣੇ ਸਿੱਖਾਂ ਨੂੰ ਪਾਤਸ਼ਾਹੀ ਦੇਣ ਦੀ ਕਲਪਨਾ ਕੀਤੀ ਗਈ ਸੀ।

ਬਾਬਾ ਬੰਦਾ ਬਹਾਦਰ ਸਿੱਖ ਕੌਮ ਦੇ ਮਹਾਨ ਨਾਇਕ ਹਨ, ਪਰ ਨਿਆਂ, ਬਰਾਬਰੀ ਅਤੇ ਮਨੁੱਖੀ ਮਰਿਆਦਾ ਲਈ ਉਨ੍ਹਾਂ ਦਾ ਸੰਘਰਸ਼ ਵਿਆਪਕ ਮਨੁੱਖੀ ਮਹੱਤਤਾ ਵੀ ਰੱਖਦਾ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਵੀ ਉਨ੍ਹਾਂ ਦੀ ਬਹਾਦਰੀ ਅਤੇ ਬਲੀਦਾਨ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਦੇਸ਼ ਲਈ ਪ੍ਰੇਰਣਾ ਦਾ ਸਰੋਤ ਦੱਸਿਆ ਹੈ। ਮਹਾਨ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਅਦੁੱਤੀ ਸ਼ਹਾਦਤ, ਅਟੱਲ ਸਿਦਕ ਅਤੇ ਮਨੁੱਖੀ ਮਰਿਆਦਾ ਲਈ ਕੀਤੇ ਸੰਘਰਸ਼ ਨੂੰ ਲੱਖ-ਲੱਖ ਵਾਰ ਸਿੱਜਦਾ ਕਰਦਾ ਹਾਂ।

-ਪ੍ਰੋ. ਸਰਚਾਂਦ ਸਿੰਘ ਖਿਆਲਾ
9781355522

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਸਾਹਿਬ ਯਾਦਗਾਰ ਪਾਤਸ਼ਾਹੀ 8ਵੀਂ ਪਿੰਡ ਫੱਗੂ ਸਿਰਸਾ ਵਿਖੇ

# ਲੰਗਰ ਹਾਲ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਪੰਜ ਪਿਆਰਿਆਂ ਵਲੋਂ ਰੱਖਿਆ ਗਿਆ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸਿੱਖ ਸੰਗਤਾਂ ਨਾਲ ਗੁਰਮਤਿ ਦੀ ਵਿਚਾਰਾਂ ਦੀ ਸਾਂਝ ਪਾਈ








ਆਵਾਜ਼ਿ ਕੌਮ AWAZE QAUM International Newspaper & WEB TV






ਗੁਰਦੁਆਰਾ ਸਾਹਿਬ ਯਾਦਗਾਰ ਪਾਤਸ਼ਾਹੀ 8ਵੀਂ ਪਿੰਡ ਫੱਗੂ ਸਿਰਸਾ ਵਿਖੇ ਅੱਜ 25 ਅਕਤੂਬਰ 2026 ਨੂੰ ਲੰਗਰ ਹਾਲ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਪੰਜ ਪਿਆਰਿਆਂ ਵਲੋਂ ਰੱਖਿਆ ਗਿਆ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸਿੱਖ ਸੰਗਤਾਂ ਨਾਲ ਗੁਰਮਤਿ ਦੀ ਵਿਚਾਰਾਂ ਦੀ ਸਾਂਝ ਪਾਈ,ਭਾਈ ਪਵਿੱਤਰ ਸਿੰਘ ਬਠਿੰਡਾ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਇਸ ਸਮੇਂ ਸਰਦਾਰ ਪ੍ਰਕਾਸ਼ ਸਿੰਘ ਸਾਹੂਵਾਲਾ ਮੈਂਬਰ ਹਰਿਆਣਾ ਕਮੇਟੀ,ਇਲਾਕੇ ਦੇ ਗੁਰੂ ਘਰਾਂ ਦੇ ਗ੍ਰੰਥੀ ਸਿੰਘ, ਗੁਰਦੁਆਰਾ ਪ੍ਰਬੰਧਕ, ਨਗਰ ਪੰਚਾਇਤਾਂ ਪੰਚ ਸਰਪੰਚ ਵੀ ਹਾਜ਼ਰ ਸਨ,ਪ੍ਰਬੰਧਕ ਗਿਆਨੀ ਕੁਲਦੀਪ ਸਿੰਘ ਫੱਗੂ ਮੈਂਬਰ ਹਰਿਆਣਾ ਕਮੇਟੀ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ

# ਮਹਾਰਿਸ਼ੀ ਵਾਲਮੀਕਿ ਜੀ ਦਾ ਜਨਮ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ




**ਬਿਲਾਸਪੁਰ/ਮੋਗਾ (ਵਰਿਆਮ ਹਠੂਰ)**-ਸੁਪਰੀਮ ਕੌਨਵੈਂਟ ਸਕੂਲ, ਬਿਲਾਸਪੁਰ (ਮੋਗਾ) ਵਿਖੇ ਮਹਾਨ ਰਿਸ਼ੀ, ਆਦਿ ਕਵੀ ਅਤੇ ਰਾਮਾਇਣ ਦੇ ਰਚੇਤਾ ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੂੰ ਮਹਾਰਿਸ਼ੀ ਵਾਲਮੀਕਿ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸਮਾਜ ਪ੍ਰਤੀ ਉਨ੍ਹਾਂ ਦੇ ਮਹਾਨ ਯੋਗਦਾਨ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਭਾਸ਼ਣਾਂ, ਕਵਿਤਾਵਾਂ ਤੇ ਉਹਨਾਂ ਦੇ ਜੀਵਨ ਤੇ ਅਧਾਰਿਤ ਨਾਟਕ ਅਤੇ ਵਿਚਾਰਾਂ ਰਾਹੀਂ ਮਹਾਰਿਸ਼ੀ ਵਾਲਮੀਕਿ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਮਹਾਰਿਸ਼ੀ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਸਾਨੂੰ ਸੱਚਾਈ, ਸਮਾਨਤਾ, ਦਇਆ, ਨਿਮਰਤਾ ਅਤੇ ਮਨੁੱਖਤਾ ਦੇ ਮਾਰਗ ’ਤੇ ਚੱਲਣ ਲਈ ਪ੍ਰੇਰਿਤ ਕਰਦੀਆਂ ਹਨ। ਸਕੂਲ ਦੇ ਪ੍ਰਿੰਸੀਪਲ ਸ. ਜਸਮੇਲ ਸਿੰਘ ਕਲਸੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਜੀ ਦਾ ਜੀਵਨ ਸਮੁੱਚੀ ਮਨੁੱਖਤਾ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਦਾ ਅਸਲ ਉਦੇਸ਼ ਕੇਵਲ ਕਿਤਾਬੀ ਗਿਆਨ ਪ੍ਰਾਪਤ ਕਰਨਾ ਹੀ ਨਹੀਂ, ਸਗੋਂ ਬੱਚਿਆਂ ਅੰਦਰ ਚੰਗੇ ਸੰਸਕਾਰ, ਨੈਤਿਕ ਕਦਰਾਂ-ਕੀਮਤਾਂ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਵੀ ਹੈ। ਅੰਤ ਵਿੱਚ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਚਰਨ ਸਿੰਘ ਤੇ ਸਕੂਲ ਚੇਅਰਮੈਂਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਮਹਾਰਿਸ਼ੀ ਵਾਲਮੀਕਿ ਜਯੰਤੀ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੀਆਂ ਮਹਾਨ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੁਨੇਹਾ ਦਿੱਤਾ।

## ਸਰਕਲ ਹਠੂਰ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਹੋਈ ਅਹਿਮ ਮੀਟਿੰਗ

# ਡੋਰ-ਟੂ-ਡੋਰ ਮੁਹਿੰਮ ਦਾ ਕੀਤਾ ਆਗਾਜ਼



### 4 ਨਵੰਬਰ ਦੀ ਯੂਥ ਅਕਾਲੀ ਦਲ ਦੀ ਰੈਲੀ ਅਤੇ 16 ਨਵੰਬਰ ਨੂੰ ਬੀਬਾ ਹਰਸਿਮਰਤ ਕੌਰ ਬਾਦਲ ਦੀ ਰੈਲੀ ਨੂੰ ਸਫ਼ਲ ਬਣਾਉਣ ਲਈ ਵਰਕਰਾਂ ਦੀ ਲਾਮਬੰਦੀ

**ਹਠੂਰ/ਜਗਰਾਉਂ (ਵਰਿਆਮ ਹਠੂਰ)**-ਸਰਕਲ ਹਠੂਰ ਦੇ ਵੱਖ-ਵੱਖ ਪਿੰਡਾਂ ਦੇ ਆਗੂਆਂ ਅਤੇ ਵਰਕਰਾਂ ਦੀ ਅਹਿਮ ਮੀਟਿੰਗ ਸੀਨੀਅਰ ਅਕਾਲੀ ਆਗੂ ਜਥੇਦਾਰ ਮਲਕੀਤ ਸਿੰਘ ਧਾਲੀਵਾਲ (ਸਾਬਕਾ ਸਰਪੰਚ) ਹਠੂਰ ਦੇ ਗ੍ਰਹਿ ਵਿਖੇ ਹੋਈ। ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐੱਸ.ਆਰ. ਕਲੇਰ ਸਾਬਕਾ ਵਿਧਾਇਕ ਜਗਰਾਉਂ, ਨੇ ਵਿਸ਼ੇਸ਼ ਤੌਰ ’ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਪਾਰਟੀ ਦੀਆਂ ਆਉਣ ਵਾਲੀਆਂ ਸਰਗਰਮੀਆਂ, ਪੰਜਾਬ ਦੇ ਮੌਜੂਦਾ ਹਾਲਾਤ ਅਤੇ ਪਾਰਟੀ ਦੀਆਂ ਨੀਤੀਆਂ ਤੇ ਪ੍ਰਾਪਤੀਆਂ ਨੂੰ ਘਰ-ਘਰ ਪਹੁੰਚਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ 4 ਨਵੰਬਰ ਨੂੰ ਜਗਰਾਓਂ ਵਿਖੇ ਹੋਣ ਵਾਲੀ ਯੂਥ ਅਕਾਲੀ ਦਲ ਦੀ ਰੈਲੀ ਅਤੇ 16 ਨਵੰਬਰ ਨੂੰ ਬੀਬਾ ਹਰਸਿਮਰਤ ਕੌਰ ਬਾਦਲ ਦੀ ਅਗਵਾਈ ਹੇਠ ਜਗਰਾਓਂ ਵਿਖੇ ਹੋਣ ਵਾਲੀ ਰੈਲੀ ਨੂੰ ਸਫ਼ਲ ਬਣਾਉਣ ਲਈ ਰਣਨੀਤੀ ਉਲੀਕੀ ਗਈ। ਸਆਗੂਆਂ ਸ੍ਰੀ ਐੱਸ ਆਰ ਕਲੇਰ ਨੇ ਕਿਹਾ ਕਿ ਦੋਵਾਂ ਰੈਲੀਆਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਲਈ ਸਰਕਲ ਦੇ ਹਰੇਕ ਪਿੰਡ ਵਿੱਚ ਵਰਕਰਾਂ ਨਾਲ ਸੰਪਰਕ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ। ਇਸ ਮੌਕੇ ਪੰਜਾਬ ਦੇ ਮੌਜੂਦਾ ਹਾਲਾਤ ਅਤੇ ਗੰਭੀਰ ਮੁੱਦਿਆਂ ’ਤੇ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਵਧਦਾ ਪ੍ਰਕੋਪ ਸੂਬੇ ਦੀ ਜਵਾਨੀ ਨੂੰ ਖੋਖਲਾ ਕਰ ਰਿਹਾ ਹੈ। ਨਸ਼ਿਆਂ ਕਾਰਨ ਅਨੇਕਾਂ ਪਰਿਵਾਰਾਂ ਦੇ ਸੁਪਨੇ ਟੁੱਟ ਰਹੇ ਹਨ ਅਤੇ ਨੌਜਵਾਨ ਪੀੜ੍ਹੀ ਦਾ ਭਵਿੱਖ ਖ਼ਤਰੇ ਵਿੱਚ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ, ਨਸ਼ਿਆਂ ਦੇ ਖ਼ਾਤਮੇ ਅਤੇ ਸੂਬੇ ਦੇ ਹੱਕਾਂ ਦੀ ਰਾਖੀ ਲਈ ਠੋਸ ਉਪਰਾਲਿਆਂ ਦੀ ਲੋੜ ਹੈ। ਪੰਜਾਬ ਦੀ ਤਰੱਕੀ, ਕਿਸਾਨਾਂ ਦੀ ਖ਼ੁਸ਼ਹਾਲੀ ਅਤੇ ਨੌਜਵਾਨਾਂ ਨੂੰ ਬਿਹਤਰ ਭਵਿੱਖ ਦੇਣ ਲਈ ਸਾਰਿਆਂ ਨੂੰ ਇਕਜੁੱਟ ਹੋ ਕੇ ਯਤਨ ਕਰਨੇ ਚਾਹੀਦੇ ਹਨ। ਮੀਟਿੰਗ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਕਾਰਾਂ ਸਮੇਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ-ਭਲਾਈ ਦੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਸਰਕਲ ਹਠੂਰ ਵਿੱਚ ਡੋਰ-ਟੂ-ਡੋਰ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਮੁਹਿੰਮ ਤਹਿਤ ਪਾਰਟੀ ਦੇ ਆਗੂ ਅਤੇ ਵਰਕਰ ਪਿੰਡਾਂ ਵਿੱਚ ਘਰ-ਘਰ ਜਾ ਕੇ ਲੋਕਾਂ ਨਾਲ ਸਿੱਧਾ ਸੰਪਰਕ ਕਰਨਗੇ ਅਤੇ ਪਾਰਟੀ ਦੀਆਂ ਨੀਤੀਆਂ, ਪ੍ਰਾਪਤੀਆਂ ਅਤੇ ਪੰਜਾਬ ਪ੍ਰਤੀ ਪਾਰਟੀ ਦੇ ਨਜ਼ਰੀਏ ਬਾਰੇ ਜਾਣੂ ਕਰਵਾਉਣਗੇ। ਆਗੂਆਂ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਲੋਕਾਂ ਨਾਲ ਸਿੱਧਾ ਸੰਪਰਕ ਬਹੁਤ ਜ਼ਰੂਰੀ ਹੈ। ਡੋਰ-ਟੂ-ਡੋਰ ਮੁਹਿੰਮ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਦੀ ਆਵਾਜ਼ ਨੂੰ ਉੱਚ ਪੱਧਰ ਤੱਕ ਪਹੁੰਚਾਉਣ ਦਾ ਯਤਨ ਕੀਤਾ ਜਾਵੇਗਾ। ਐੱਸ ਆਰ ਕਲੇਰ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਮਿਹਨਤ, ਲਗਨ ਅਤੇ ਇਕਜੁੱਟਤਾ ਨਾਲ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਜੋੜਨ। ਇਸ ਦੇ ਨਾਲ ਹੀ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਨ ਅਤੇ ਪਾਰਟੀ ਦੀਆਂ ਸਰਗਰਮੀਆਂ ਵਿੱਚ ਆਪਣੀ ਸ਼ਮੂਲੀਅਤ ਦਰਜ ਕਰਵਾਉਣ ਲਈ ਜਾਰੀ ਕੀਤੇ ਗਏ ਸੰਪਰਕ ਨੰਬਰਾਂ ’ਤੇ ਮਿਸਡ ਕਾਲ ਕਰਨ, ਤਾਂ ਜੋ ਪੰਜਾਬ ਦੇ ਹੱਕਾਂ, ਤਰੱਕੀ ਅਤੇ ਬਿਹਤਰ ਭਵਿੱਖ ਲਈ ਚੱਲ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਮੀਟਿੰਗ ਦੇ ਅੰਤ ਵਿੱਚ ਸਮੂਹ ਆਗੂਆਂ ਅਤੇ ਵਰਕਰਾਂ ਨੇ ਪਾਰਟੀ ਦੀ ਮਜ਼ਬੂਤੀ, ਪਿੰਡ-ਪਿੰਡ ਲੋਕਾਂ ਨਾਲ ਸੰਪਰਕ ਵਧਾਉਣ ਅਤੇ ਆਉਣ ਵਾਲੀਆਂ ਰੈਲੀਆਂ ਨੂੰ ਸਫ਼ਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ , ਹਲਕਾ ਪ੍ਰਧਾਨ ਬੀ.ਸੀ. ਵਿੰਗ ਪਰਮਿੰਦਰ ਸਿੰਘ ਕੰਬੋ ਹਠੂਰ, ਹਲਕਾ ਪ੍ਰਧਾਨ ਐੱਸ.ਸੀ. ਵਿੰਗ ਰੇਸ਼ਮ ਸਿੰਘ ਮਾਣੂੰਕੇ, ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਪ੍ਰਧਾਨ ਸੁਖਵਿੰਦਰ ਸਿੰਘ ਫਰਵਾਹਾ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ ਕੁਲਾਰਾ, ਨਿਰਮਲ ਸਿੰਘ ਬੁਰਜ ਕੁਲਾਰਾ, ਬਲਵੰਤ ਸਿੰਘ ਬਾਦਲ ਹਠੂਰ, ਪ੍ਰਧਾਨ ਸੁਰਵੇਸ਼ ਕੁਮਾਰ ਗੁੱਡੋਗੇ ਮਾਣੂੰਕੇ, ਜਸਨਪ੍ਰੀਤ ਸਿੰਘ ਯੂਥ ਆਗੂ ਹਠੂਰ, ਚੰਦਰਭਾਨ ਸਿੰਘ ਹਠੂਰ, ਜੰਗੀਰ ਸਿੰਘ ਹਠੂਰ, ਸੀਨੀਅਰ ਅਕਾਲੀ ਆਗੂ ਸੁਰਜੀਤ ਸਿੰਘ ਲੱਖਾ, ਗੁਰਬਚਨ ਸਿੰਘ ਹਠੂਰ, ਆੜ੍ਹਤੀਆ ਅਵਤਾਰ ਸਿੰਘ ਕਲੇਰ ਹਠੂਰ, ਪ੍ਰਧਾਨ ਹਰਪਾਲ ਸਿੰਘ ਪਾਲਾ ਹਠੂਰ, ਦਿਲਬਾਗ ਸਿੰਘ ਚੀਮਾ, ਬੂਟਾ ਸਿੰਘ ਚਕਰ, ਜਗਸੀਰ ਸਿੰਘ ਚਕਰ, ਮਹਿੰਦਰ ਸਿੰਘ ਪੰਚ ਚਕਰ, ਕੇਵਲ ਸਿੰਘ ਚਕਰ, ਬਲਜੀਤ ਸਿੰਘ ਫੌਜੀ ਚਕਰ, ਝਲਮਣ ਸਿੰਘ ਚਕਰ, ਰੂਪ ਸਿੰਘ ਬਾਠ ਚਕਰ, ਅਤੇ ਹੋਰ ਆਗੂ ਤੇ ਵਰਕਰ ਹਾਜ਼ਰ ਸਨ

# ਗੁਰਦੁਆਰਾ ਨਾਨਕਸਰ ਸਾਹਿਬ ਨਗਰ ਨਾਨਕਸਰ ਜੰਡਿਆਲਾ ਗੁਰੂ ਤੋਂ ਮਹਾਨ ਨਗਰ ਕੀਰਤਨ 27 ਨੂੰ : ਸੰਤ ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ/ਚੌਕ ਮਹਿਤਾ, 25 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਨਾਨਕਸਰ ਸਾਹਿਬ ਨਗਰ ਨਾਨਕਸਰ ਜੰਡਿਆਲਾ ਗੁਰੂ ਤੋਂ 27ਅਕੂਤਬ ਦਿਨ ਮੰਗਲਵਾਰ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜਾ ਪਿਆਰਿਆਂ ਦੀਡ ਅਗਵਾਈ ਹੇਠ ਅਤੇ ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ, ਜੰਡਿਆਲਾ ਗੁਰੂ ਦੇ ਮੌਜੂਦਾ ਮੁੱਖੀ ਸੰਤ ਬਾਬਾ ਬਿਬੇਕ ਸਿੰਘ ਸਹਿਯੋਗ ਦੇ ਨਾਲ ਮਹਾਨ ਨਗਰ ਕੀਰਤਨ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ, ਜੰਡਿਆਲਾ ਗੁਰੂ ਤੋਂ ਸਜਾਇਆ ਜਾ ਰਿਹਾ ਹੈ। ਇਹ ਨਗਰ ਕੀਰਤਨ ਧੰਨ ਧੰਨ ਸਾਹਿਬ ਸ਼੍ਰੀ ਰਾਮਦਾਸ ਸਾਹਿਬ ਜੀ ਦੇ ਪਵਿੱਤਰ ਪਾਵਨ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਰਜਾਇਆ ਜਾ ਰਿਹਾ ਹੈ। ਇਹ ਨਗਰ ਕੀਰਤਨ ਸਵੇਰੇ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ, ਜੰਡਿਆਲਾ ਗੁਰੂ ਤੋਂ ਆਰੰਭ ਹੋ ਕੇ ਬਿਜਲੀ ਘਰ ਵਾਲੀ ਸੜਕ ਗੁਰੂ ਤੇਗ ਬਹਾਦੁਰ ਕਲੋਨੀ,ਜੀ ਟੀ ਰੋਡ,, ਸਰਾਂ ਰੋਡ ਬਿਜਲੀ ਘਰ ਵਾਲੀ ਸੜਕ , ਬਾਬਾ ਇੰਦਰ ਸਿੰਘ ਪੇਟੀਆ ਵਾਲੀ ਦੁਕਾਨ,ਬੱਸ ਅੱਡਾ, ਸ਼ਹੀਦ ਉਧਮ ਚੌਕ, ਬਾਬਾ ਹੰਦਾਲ ਜੀ,ਮੋਰੀ ਗੇਟ, ਗੁਰਦੁਆਰਾ ਸਾਮ ਸਿੰਘ ਜੀ, ਸਿੱਖ ਫਤਹਿ ਦਰਵਾਜ਼ਾ, ਗੁਰਦੁਆਰਾ ਸੁਖਮਨੀ ਚੌਕ, ਵੈਰੋਵਾਲ ਰੋਡ,ਸੂਵਾ ਲੰਗਰ ਹਾਲ, ਤੋਂ ਹੁੰਦਾ ਹੋਇਆ ਗੁਰਦੁਆਰਾ ਨਾਨਕਸਰ ਸਾਹਿਬ ਨਗਰ ਨਾਨਕਸਰ ਜੰਡਿਆਲਾ ਗੁਰੂ ਵਿਖੇ ਸ਼ਾਮ ਨੂੰ ਸਮਾਪਤੀ ਹੋਵੇਗੀ ਸਮੂਹ ਦੇਸਾ ਵਿਦੇਸ਼ਾਂ ਅਤੇ ਇਲਾਕੇ ਦੀਆਂ ਸੰਗਤਾਂ ਨੂੰ ਸੰਤ ਬਾਬਾ ਬਿਬੇਕ ਸਿੰਘ ਵੱਲੋਂ ਬੇਨਤੀ ਕੀਤੀ ਜਾਂਦੀ ਹੈ ਹੈਂ ਕਿ ਵੱਧ ਤੋਂ ਵੱਧ ਆਪਣੇ ਸਾਧਨਾ ਨੂੰ ਲੈਕੇ ਮਹਾਨ ਨਗਰ ਕੀਰਤਨ ਦੀਆਂ ਰੋਣਕਾਂ ਨੂੰ ਵਧਾਇਆ ਜਾਵੇ।

# ਰਾਜੇਸ਼ ਇੰਦਰ ਸਿੰਘ ਸਿੱਧੂ ਨੇ ਪੰਜਾਬ ਕਾਂਗਰਸ ਪ੍ਰਧਾਨ ਪ੍ਰਗਟ ਸਿੰਘ ਨਾਲ ਕੀਤੀ ਮੁਲਾਕਾਤ

## 2027 ਦੀਆਂ ਚੋਣਾਂ ਸਬੰਧੀ ਹੋਈ ਵਿਚਾਰ-ਚਰਚਾ



ਚੰਡੀਗੜ੍ਹ (ਵਰਿਆਮ ਹਠੂਰ) : ਕਾਂਗਰਸ ਦੇ ਸੀਨੀਅਰ ਆਗੂ ਰਾਜੇਸ਼ ਇੰਦਰ ਸਿੰਘ ਸਿੱਧੂ, (ਉਪ ਚੇਅਰਮੈਨ ਐਸ.ਸੀ. ਡਿਪਾਰਟਮੈਂਟ ਪੰਜਾਬ) ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਪ੍ਰਗਟ ਸਿੰਘ ਨਾਲ ਪੰਜਾਬ ਕਾਂਗਰਸ ਭਵਨ ਚੰਡੀਗੜ੍ਹ ਵਿਖੇ ਮੁਲਾਕਾਤ ਕਰਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਮਿਲਣ ’ਤੇ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਦੋਵਾਂ ਆਗੂਆਂ ਵਿਚਕਾਰ ਪੰਜਾਬ ਦੀ ਮੌਜੂਦਾ ਰਾਜਨੀਤਿਕ ਸਥਿੱਤੀ ਅਤੇ ਸਾਲ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਪਾਰਟੀ ਦੀ ਮਜ਼ਬੂਤੀ, ਜਥੇਬੰਦੀ ਨੂੰ ਹੋਰ ਸਰਗਰਮ ਕਰਨ ਅਤੇ ਲੋਕਾਂ ਨਾਲ ਬਿਹਤਰ ਤਾਲਮੇਲ ਬਣਾਉਣ ਸਬੰਧੀ ਵੀ ਚਰਚਾ ਹੋਈ। ਰਾਜੇਸ਼ ਇੰਦਰ ਸਿੰਘ ਸਿੱਧੂ ਨੇ ਉਮੀਦ ਜਤਾਈ ਕਿ ਨਵੀਂ ਜ਼ਿੰਮੇਵਾਰੀ ਤਹਿਤ ਪਾਰਟੀ ਹੋਰ ਮਜ਼ਬੂਤ ਹੋਵੇਗੀ ਅਤੇ ਕਾਂਗਰਸ ਪਾਰਟੀ ਲੋਕਾਂ ਦੀਆਂ ਉਮੀਦਾਂ ’ਤੇ ਖਰਾ ਉਤਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰੇਗੀ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੂੰ ਇਕਜੁੱਟ ਹੋ ਕੇ ਮਿਹਨਤ ਕਰਨ ਦੀ ਲੋੜ ਹੈ। ਇਸ ਮੌਕੇ ਪ੍ਰਧਾਨ ਪ੍ਰਗਟ ਸਿੰਘ ਨੇ ਕਿਹਾ ਕਿ ਸਾਰੇ ਪਾਰਟੀ ਲੀਡਰ ਇੱਕਜੁਟ ਹੋ ਕੇ ਵਿਧਾਨ ਸਭਾ ਚੋਣਾਂ ਲੜਨਗੇ। ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਹਾਈ ਕਮਾਂਨ ਵੱਲੋਂ ਸੀਨੀਅਰ ਕਾਂਗਰਸੀ ਆਗੂਆਂ ਦੀਆਂ ਵਿਸ਼ੇਸ਼ ਤੌਰ ਤੇ ਡਿਊਟੀਆਂ ਲਗਾਈਆਂ ਗਈਆਂ ਹਨ ਤਾਂ ਕਿ ਹਰ ਇੱਕ ਕਾਂਗਰਸੀ ਵਰਕਰ ਤੱਕ ਪਹੁੰਚ ਕੀਤੀ ਜਾ ਸਕੇ।

# ਐਸ.ਡੀ.ਓ. ਕੇਵਲ ਕਿਸ਼ਨ ਸ਼ਰਮਾ ਦੇ ਮਾਤਾ ਕੁਸ਼ਿਲਆ ਦੇਵੀ ਸਦੀਵੀ ਵਿਛੋੜਾ ਦੇ ਗਏ—ਅੰਤਿਮ ਅਰਦਾਸ 27 ਅਕਤੂਬਰ ਨੂੰ



**ਫ਼ਿਰੋਜ਼ਪੁਰ, 25 ਅਕਤੂਬਰ (ਮਨੋਹਰ ਲਾਲ)** :— ਪੰਜਾਬ ਮੰਡੀ ਬੋਰਡ ਫਿਰੋਜ਼ਪੁਰ ਵਿਖੇ ਬਤੌਰ ਐਸ.ਡੀ.ਓ. ਸੇਵਾਵਾਂ ਨਿਭਾ ਰਹੇ ਕੇਵਲ ਕਿਸ਼ਨ ਸ਼ਰਮਾ ਦੇ ਸਤਿਕਾਰਯੋਗ ਮਾਤਾ ਜੀ ਅਤੇ ਪਿੰਡ ਲੂਥੜ ਦੇ ਸਾਬਕਾ ਸਰਪੰਚ ਸਵਰਗਵਾਸੀ ਪੰਡਿਤ ਬਰਮਾ ਨੰਦ ਸ਼ਰਮਾ ਦੀ ਧਰਮ ਪਤਨੀ ਸ਼੍ਰੀਮਤੀ ਕੁਸ਼ਿਲਆ ਦੇਵੀ ਬੀਤੀ 15 ਅਕਤੂਬਰ 2026 ਦਿਨ ਵੀਰਵਾਰ ਨੂੰ ਆਪਣੀ ਸੰਸਾਰਕ ਯਾਤਰਾ ਪੂਰੀ ਕਰਦਿਆਂ ਸਰੀਰਕ ਤੌਰ ’ਤੇ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ। ਮਾਤਾ ਸ਼੍ਰੀਮਤੀ ਕੁਸ਼ਿਲਆ ਦੇਵੀ ਆਪਣੀ ਜ਼ਿੰਦਗੀ ਦੇ 95 ਸਾਲਾਂ ਦੇ ਲੰਬੇ ਸਫ਼ਰ ਨੂੰ ਤੈਅ ਕਰਦਿਆਂ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਮਾਤਾ ਸ਼੍ਰੀਮਤੀ ਕੁਸ਼ਿਲਆ ਦੇਵੀ ਬਹੁਤ ਹੀ ਧਾਰਮਿਕ ਖ਼ਿਆਲਾਂ ਦੇ ਮਾਲਕ ਸਨ ਉਹ ਹਰ ਕਿਸੇ ਨਾਲ ਹਮੇਸ਼ਾ ਹੱਸ ਕੇ ਬੋਲਦੇ ਸਨ ਅਤੇ ਹਰ ਵੇਲੇ ਪ੍ਰਮਾਤਮਾ ਦਾ ਜਾਪ ਕਰਦੇ ਰਹਿੰਦੇ ਸਨ, ਪਿੰਡ ਲੂਥੜ ਵਿਖੇ ਰਹਿੰਦਿਆਂ ਉਨ੍ਹਾਂ ਨੇ ਆਪਣੇ ਬੱਚਿਆਂ ਨੂੰ ਬਹੁਤ ਹੀ ਉੱਤਮ ਸੰਸਕਾਰ ਦਿੱਤੇ, ਜਿਸ ਦਾ ਨਤੀਜਾ ਹੈ ਕਿ ਅੱਜ ਉਨ੍ਹਾਂ ਦੇ ਬੱਚੇ ਪੜ੍ਹਲਿਖ ਕੇ ਸਮਾਜ ਵਿੱਚ ਉੱਚੇ ਅਤੇ ਵੱਡੇ ਅਹੁਦਿਆਂ ’ਤੇ ਦੇਸ਼ ਤੇ ਸਮਾਜ ਦੀ ਸੇਵਾ ਕਰ ਰਹੇ ਹਨ ਉਨ੍ਹਾਂ ਦੇ ਅਕਾਲ ਚਲਾਣੇ ਨਾਲ ਪਰਿਵਾਰ ਅਤੇ ਪਿੰਡ ਵਿੱਚ ਸੋਗ ਦੀ ਲਹਿਰ ਹੈ ਕਿਉਂਕਿ ਬਜ਼ੁਰਗਾਂ ਦਾ ਆਸਰਾ ਪਰਿਵਾਰ ਲਈ ਸਭ ਤੋਂ ਵੱਡਾ ਆਸਰਾ ਹੁੰਦਾ ਹੈ। ਮਾਤਾ ਜੀ ਆਪਣੇ ਪਿੱਛੇ ਭਰਿਆ ਪੂਰਿਆ ਪਰਿਵਾਰ ਛੱਡ ਗਏ ਹਨ, ਜਿਨ੍ਹਾਂ ਵਿੱਚ ਦੋ ਪੁੱਤਰ ਕੇਵਲ ਕਿਸ਼ਨ ਸ਼ਰਮਾ (ਐਸ.ਡੀ.ਓ., ਪੰਜਾਬ ਮੰਡੀ ਬੋਰਡ, ਫਿਰੋਜ਼ਪੁਰ) ਅਤੇ ਵਿਜੇ ਸ਼ਰਮਾ (ਪ੍ਰਿੰਸੀਪਲ, ਬੀ.ਐਨ.ਐਸ ਮੈਮੋਰੀਅਲ ਹਾਈ ਸਕੂਲ ਖਾਈ ਫੇਮੇ ਕੀ ਜ਼ਿਲ੍ਹਾ ਫਿਰੋਜ਼ਪੁਰ ਅਤੇ ਦੋ ਧੀਆਂ ਪੁਸ਼ਪਾ ਦੇਵੀ ਅਤੇ ਸਪਨਾ ਸਮੇਤ ਕਾਜਲ, ਪ੍ਰਵੀਨ ਸ਼ਰਮਾ, ਪਵਨ ਕੁਮਾਰ (ਜਵਾਈ) ਅਤੇ ਰਾਜੇਸ਼ ਕੁਮਾਰ (ਜਵਾਈ ਨੂੰ ਰੌਂਦਿਆਂ ਕੁਰਲਾਉਂਦਿਆਂ ਛੱਡ ਇਸ ਫਾਨੀ ਦੁਨਿਆ ਨੂੰ ਅਲਵਿਦਾ ਆਖ ਗਏ ਹਨ। ਮਾਤਾ ਸ਼੍ਰੀਮਤੀ ਕੁਸ਼ਿਲਆ ਦੇਵੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਗਰੁੜ ਪੁਰਾਣ ਜੀ ਦੇ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 27 ਅਕਤੂਬਰ 2026 ਦਿਨ ਮੰਗਲਵਾਰ ਨੂੰ ਦੁਪਹਿਰ 12:00 ਵਜੇ ਤੋਂ 02:00 ਵਜੇ ਤੱਕ ਪਰਮਾਰਥ ਭਵਨ ਫਿਰੋਜ਼ਪੁਰ ਸ਼ਹਿਰ ਵਿਖੇ ਹੋਵੇਗੀ, ਜਿਥੇ ਸਮੂਹ ਰਿਸ਼ਤੇਦਾਰਾਂ, ਸੱਜਣਾਂ ਮਿੱਤਰਾਂ ਅਤੇ ਇਲਾਕਾ ਨਿਵਾਸੀ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਂਟ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

### ਖਾਲਸਾ ਕਾਲਜ ਮਹਿਤਾ ਵਿਖੇ

# ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਚੌਕ ਮਹਿਤਾ,25 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਅਤੇ ਖਾਲਸਾ ਕਾਲਜੀਏਟ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਅਤੇ ਵਿਦਿਆਰਥੀਆਂ ਵੱਲੋਂ ਰਸ-ਭਿੰਨਾ ਕੀਰਤਨ ਕੀਤਾ ਗਿਆ। ਇਸ ਪਾਵਨ ਮੌਕੇ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਗੁਰੂ ਸਾਹਿਬ ਜੀ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਜੀਵਨ ਸੇਵਾ, ਸਿਮਰਨ, ਨਿਮਰਤਾ ਅਤੇ ਮਨੁੱਖਤਾ ਦੀ ਭਲਾਈ ਦਾ ਪ੍ਰਤੀਕ ਹੈ।ਸ੍ਰੀ ਗੁਰੂ ਰਾਮਦਾਸ ਜੀ ਨੇ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਅਤੇ ਬਾਣੀ ਰਚਨਾ ਵਿੱਚ ਅਹਿਮ ਯੋਗਦਾਨ ਪਾਇਆ ਅਤੇ ਅੰਮ੍ਰਿਤਸਰ ਸ਼ਹਿਰ ਦੀ ਸਥਾਪਨਾ ਕੀਤੀ।ਉਨ੍ਹਾਂ ਦੀਆਂ ਸਿੱਖਿਆਵਾਂ ਮਨੁੱਖਤਾ ਨੂੰ ਆਪਸੀ ਪਿਆਰ, ਭਾਈਚਾਰੇ ਅਤੇ ਸਦਭਾਵਨਾ ਦਾ ਸੰਦੇਸ਼ ਦਿੰਦੀਆਂ ਹਨ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਮੈਡਮ ਕੁਲਦੀਪ ਕੌਰ, ਸੁਖਦੇਵ ਸਿੰਘ ਅਤੇ ਸਮੂਹ ਸਟਾਫ਼ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ, ਅਤੇ ਪ੍ਰਕਾਸ਼ ਪੁਰਬ ਦੀ ਮੁਬਾਰਕਬਾਦ ਦਿੱਤੀ।

### ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ 'ਚਲਦਾ ਵਹੀਰ ਅੰਮ੍ਰਿਤ ਸੰਚਾਰ ਲਹਿਰ' ਦੀ

# ਤੇਜ਼ੀ ਲਈ ਮਾਲਵੇ ਦੇ ਪ੍ਰਚਾਰਕਾਂ ਨਾਲ ਕੀਤੀ ਮੀਟਿੰਗ



**ਤਲਵੰਡੀ ਸਾਬੋ, 25 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸੰਗਤਾਂ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣਾਉਣ ਦੇ ਮਕਸਦ ਨਾਲ ਆਰੰਭੀ ਗਈ 'ਚਲਦਾ ਵਹੀਰ ਗੁਰਮਤਿ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਲਹਿਰ' ਨੂੰ ਮਾਲਵਾ ਖੇਤਰ ਅੰਦਰ ਪ੍ਰਭਾਵਸ਼ਾਲੀ ਰੂਪ ਨਾਲ ਚਲਾਉਣ ਲਈ ਅੱਜ ਇੱਕ ਅਹਿਮ ਇਕੱਤਰਤਾ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਈ ਜਿਸ ਵਿੱਚ ਮਾਲਵਾ ਜ਼ੋਨ ਦੇ ਪ੍ਰਚਾਰਕਾਂ, ਕਵੀਸ਼ਰਾਂ, ਢਾਡੀ ਜਥਿਆਂ ਅਤੇ ਰਾਗੀ ਸਿੰਘਾਂ ਨੇ ਹਾਜ਼ਰੀ ਭਰੀ ਜਦੋਂਕਿ ਇਕੱਤਰਤਾ ਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਵਿਸ਼ੇਸ ਤੌਰ ਤੇ ਸ਼ਮੂਲੀਅਤ ਕੀਤੀ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਜੋਕੇ ਪੰਜਾਬ ਦੇ ਹਾਲਾਤਾਂ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਪੰਜਾਬ ਦੀ ਨੌਜਵਾਨੀ ਨੂੰ ਸੋਚੀ-ਸਮਝੀ ਸਾਜ਼ਿਸ਼ ਤਹਿਤ ਆਪਣੇ ਸ਼ਾਨਾਮੱਤੇ ਇਤਿਹਾਸ,ਮਰਯਾਦਾ ਅਤੇ ਅਮੀਰ ਸੱਭਿਆਚਾਰ ਨਾਲੋਂ ਤੋੜਿਆ ਜਾ ਰਿਹੈ।ਪਤਿਤਪੁਣਾ ਤੇ ਨਸ਼ਿਆਂ ਦਾ ਕੋਹੜ ਕੌਮ ਸਾਹਮਣੇ ਗੰਭੀਰ ਚੁਣੌਤੀਆਂ ਬਣ ਖੜ੍ਹੇ ਹਨ ਤੇ ਇਨ੍ਹਾਂ ਚੁਣੌਤੀਆਂ ਦਾ ਮੁਕਾਬਲਾ ਪਿੰਡ-ਪਿੰਡ ਜਾ ਕੇ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਰਾਬਤਾ ਕਾਇਮ ਕਰਕੇ ਹੀ ਕੀਤਾ ਜਾ ਸਕਦਾ ਹੈ।ਉਨ੍ਹਾਂ ਪ੍ਰਚਾਰਕਾਂ ਨੂੰ ਆਖਿਆ ਕਿ ਨੌਜਵਾਨਾਂ ਦੀ ਮਾਨਸਿਕਤਾ ਨੂੰ ਸਮਝ ਕੇ ਪ੍ਰੇਮ-ਭਾਵਨਾ ਨਾਲ ਉਨ੍ਹਾਂ ਨੂੰ ਗੁਰੂ ਲੜ ਲਾਇਆ ਜਾਵੇ।ਪਿੰਡ ਪੱਧਰ 'ਤੇ ਵੱਡੇ ਸਮਾਗਮ ਕਰਵਾਏ ਜਾਣ,ਜਿੱਥੇ ਨੌਜਵਾਨੀ ਨੂੰ ਗੁਰਮਤਿ ਦੇ ਨਾਲ ਜੋੜਿਆ ਜਾਵੇ। ਇਨ੍ਹਾਂ ਸਮਾਗਮਾਂ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਤੋਂ ਰਾਗੀ ਜਥੇ,ਹਲਕਾ ਮੈਂਬਰ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਿਆ ਕਰਨਗੇ। ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਢਾਡੀ,ਕਵੀਸ਼ਰ ਅਤੇ ਰਾਗੀ ਸਿੰਘ ਸਿੱਖ ਪੰਥ ਦੀ ਉਹ ਆਵਾਜ਼ ਹਨ ਜਿਨ੍ਹਾਂ ਨੇ ਹਮੇਸ਼ਾ ਇਤਿਹਾਸ ਦੇ ਨਾਜ਼ੁਕ ਮੋੜਾਂ 'ਤੇ ਕੌਮ ਅੰਦਰ ਜਜ਼ਬਾ ਪੈਦਾ ਕੀਤਾ ਹੈ।ਅਜੋਕੇ ਡਿਜੀਟਲ ਦੌਰ ਵਿੱਚ ਜਦੋਂ ਨੌਜਵਾਨ ਪੀੜ੍ਹੀ ਦਿਸ਼ਾਹੀਣ ਹੋ ਰਹੀ ਹੈ ਤਾਂ ਇਹ ਜਥੇ ਆਪਣੀ ਕਲਾ ਅਤੇ ਗੁਰਬਾਣੀ ਦੇ ਸੁਨੇਹੇ ਰਾਹੀਂ ਘਰ-ਘਰ ਸਿੱਖੀ ਸਿਧਾਂਤਾਂ ਦਾ ਚਾਨਣ ਪਹੁੰਚਾਉਣ।ਸਿੰਘ ਸਾਹਿਬ ਨੇ ਜ਼ੋਰ ਦਿੱਤਾ ਕਿ ਮਾਲਵੇ ਦੇ ਸਰਹੱਦੀ ਅਤੇ ਪੱਛੜੇ ਇਲਾਕਿਆਂ ਵਿੱਚ ਵਿਸ਼ੇਸ਼ ਗੁਰਮਤਿ ਕੈਂਪ ਅਤੇ ਅੰਮ੍ਰਿਤ ਸੰਚਾਰ ਸਮਾਗਮ ਕੀਤੇ ਜਾਣ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਅੰਤ੍ਰਿਗ ਮੈਂਬਰ ਭਾਈ ਮੇਜਰ ਸਿੰਘ ਢਿੱਲੋਂ, ਜਥੇਦਾਰ ਮੋਹਨ ਸਿੰਘ ਬੰਗੀ, ਬੀਬੀ ਜੋਗਿੰਦਰ ਕੌਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸੁਰਜੀਤ ਸਿੰਘ ਰਾਇਪੁਰ, ਬਾਬਾ ਬੂਟਾ ਸਿੰਘ ਗੁਰਥੜੀ ਪੰਜੇ ਮੈਂਬਰ ਸ਼੍ਰੋਮਣੀ ਕਮੇਟੀ, ਵਿੱਦਿਆ ਸਕੱਤਰ ਇੰਜ: ਸੁਖਮਿੰਦਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਭਗਵੰਤ ਸਿੰਘ ਧੰਗੇੜਾ, ਤਖਤ ਸਾਹਿਬ ਮੈਨੇਜ਼ਰ ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਧਰਮ ਪ੍ਰਚਾਰ ਉਪ ਦਫਤਰ ਇੰਚਾਰਜ ਭੋਲਾ ਸਿੰਘ ਤੋਂ ਇਲਾਵਾ ਮਾਲਵਾ ਜ਼ੋਨ ਅਤੇ ਰਾਜਸਥਾਨ ਤੋਂ ਪ੍ਰਚਾਰਕ ਸ਼ਾਮਿਲ ਹੋਏ। ਸਟੇਜ ਦੀ ਸੇਵਾ ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਨਿਭਾਈ।

**ਜਥੇ: ਬਾਬਾ ਟੇਕ ਸਿੰਘ ਨੇ ਵੀ ਸ਼ਮੂਲੀਅਤ ਕਰਦਿਆਂ ਦਿਸ਼ਾਹੀਨ ਨੌਜਵਾਨੀ ਨੂੰ ਸਿੱਖੀ ਨਾਲ ਜੋੜਨ ਲਈ ਪ੍ਰਚਾਰਕਾਂ ਨੂੰ ਪ੍ਰੇਰਿਆ**





# ਮਾਤਾ ਰਣਜੀਤ ਕੌਰ ਦੀ ਅੰਤਿਮ ਅਰਦਾਸ 'ਚ ਹਜ਼ਾਰਾਂ ਸੰਗਤਾਂ ਨੇ ਨਤਮਸਤਕ ਹੋ ਕੇ ਦਿੱਤੀ ਸ਼ਰਧਾਂਜਲੀ



**ਨਵੀਂ ਦਿੱਲੀ 25 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਅਖੰਡ ਕੀਰਤਨੀ ਜਥਾ ਦਿੱਲੀ ਦੇ ਮੁੱਖ ਸੇਵਾਦਾਰ ਭਾਈ ਅਰਵਿੰਦਰ ਸਿੰਘ ਰਾਜਾ ਦੇ ਮਾਤਾ ਸਰਦਾਰਨੀ ਰਣਜੀਤ ਕੌਰ, ਜੋ ਬੀਤੀ 20 ਅਕਤੂਬਰ ਨੂੰ ਅਕਾਲ ਚਲਾਣਾ ਕਰ ਗਏ ਸਨ, ਨਮਿਤ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਹੋਈ ਅੰਤਿਮ ਅਰਦਾਸ ਵਿੱਚ ਹਜ਼ਾਰਾਂ ਸੰਗਤਾਂ ਨੇ ਸ਼ਮੂਲੀਅਤ ਕਰਕੇ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਧਾਰਮਿਕ, ਸਮਾਜਿਕ ਅਤੇ ਪੰਥਕ ਖੇਤਰ ਨਾਲ ਸਬੰਧਤ ਸ਼ਖ਼ਸੀਅਤਾਂ ਤੋਂ ਇਲਾਵਾ ਦੂਰ-ਦੁਰਾਡੇ ਤੋਂ ਪੁੱਜੀਆਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਮਾਤਾ ਜੀ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ। ਇਸ ਤੋਂ ਪਹਿਲਾਂ ਮਾਤਾ ਜੀ ਦੀ ਯਾਦ ਵਿੱਚ ਗੁਰਦੁਆਰਾ ਭਾਈ ਜੋਗਾ ਸਿੰਘ ਵਿਖੇ ਵੀਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਸਨ, ਜਿਨ੍ਹਾਂ ਦੀ ਸਮਾਪਤੀ ਸ਼ਨੀਵਾਰ ਨੂੰ ਹੋਈ। ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਸਵੇਰੇ 6 ਵਜੇ ਤੋਂ 11:30 ਵਜੇ ਤੱਕ ਆਸਾ ਕੀ ਵਾਰ ਅਤੇ ਗੁਰਬਾਣੀ ਕੀਰਤਨ ਦਾ ਪ੍ਰਵਾਹ ਚੱਲਿਆ, ਜਿਸ ਉਪਰੰਤ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਸਾਹਿਬ ਵੱਲੋਂ ਅਰਦਾਸ ਕੀਤੀ ਗਈ। ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਲਈ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਅੰਤਿਮ ਅਰਦਾਸ ਉਪਰੰਤ ਭਾਈ ਅਰਵਿੰਦਰ ਸਿੰਘ ਰਾਜਾ ਨੇ ਮਾਤਾ ਰਣਜੀਤ ਕੌਰ ਨੂੰ ਯਾਦ ਕਰਦਿਆਂ ਭਾਵੁਕ ਹੁੰਦੇ ਹੋਏ ਕਿਹਾ ਕਿ ਮਾਤਾ ਜੀ ਦਾ ਜੀਵਨ ਗੁਰਬਾਣੀ, ਸੇਵਾ, ਸਿਮਰਨ ਅਤੇ ਪਰਿਵਾਰਕ ਸੰਸਕਾਰਾਂ ਨੂੰ ਸਮਰਪਿਤ ਰਿਹਾ। ਉਨ੍ਹਾਂ ਕਿਹਾ ਕਿ ਮਾਤਾ ਜੀ ਨੇ ਸਾਰੀ ਉਮਰ ਪਰਿਵਾਰ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਜੋੜ ਕੇ ਰੱਖਿਆ ਅਤੇ ਹਰ ਔਖੀ ਘੜੀ ਵਿੱਚ ਹੌਸਲਾ, ਸਬਰ ਅਤੇ ਚੜ੍ਹਦੀ ਕਲਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀ ਸਾਦਗੀ, ਨਿਮਰਤਾ ਅਤੇ ਗੁਰਸਿੱਖੀ ਜੀਵਨ-ਜਾਚ ਪਰਿਵਾਰ ਅਤੇ ਨਜ਼ਦੀਕੀ ਸੰਗਤ ਲਈ ਹਮੇਸ਼ਾਂ ਪ੍ਰੇਰਣਾ ਦਾ ਸਰੋਤ ਰਹੇਗੀ। ਭਾਈ ਅਰਵਿੰਦਰ ਸਿੰਘ ਰਾਜਾ ਨੇ ਕਿਹਾ ਕਿ ਮਾਤਾ ਜੀ ਦਾ ਸਰੀਰਕ ਵਿਛੋੜਾ ਪਰਿਵਾਰ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ, ਪਰ ਉਨ੍ਹਾਂ ਵੱਲੋਂ ਦਿੱਤੇ ਸੰਸਕਾਰ ਅਤੇ ਗੁਰਬਾਣੀ ਨਾਲ ਜੁੜਨ ਦੀ ਪ੍ਰੇਰਣਾ ਸਦਾ ਪਰਿਵਾਰ ਦੇ ਜੀਵਨ ਦਾ ਹਿੱਸਾ ਬਣੀ ਰਹੇਗੀ। ਇਸ ਮੌਕੇ ਸਮੂਹ ਸੰਗਤ ਵੱਲੋਂ ਮਾਤਾ ਜੀ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ। ਅੰਤ ਵਿੱਚ ਪਰਿਵਾਰ ਵੱਲੋਂ ਅੰਤਿਮ ਅਰਦਾਸ ਵਿੱਚ ਹਾਜ਼ਰੀ ਭਰਨ ਵਾਲੀਆਂ ਸਮੂਹ ਸੰਗਤਾਂ, ਰਿਸ਼ਤੇਦਾਰਾਂ, ਸਨੇਹੀਆਂ ਅਤੇ ਪੰਥਕ ਸ਼ਖ਼ਸੀਅਤਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ।

# ਮਹਿਲਾ ਕਾਂਗਰਸ ਨੂੰ ਮਜ਼ਬੂਤ ਕਰਨ ਲਈ ਸਿਮਰਤ ਕੌਰ ਧਾਲੀਵਾਲ ਵੱਲੋਂ ਨਿਯੁਕਤੀਆਂ, ਅਮਰਜੀਤ ਕੌਰ ਬੰਗੀ ਰੁਲਦੂ ਹਲਕਾ ਪ੍ਰਧਾਨ ਬਣੇ

## ਮਨਦੀਪ ਕੌਰ ਬਹਿਮਣ ਨੂੰ ਤਲਵੰਡੀ ਸਾਬੋ ਅਤੇ ਗੁਰਮੀਤ ਕੌਰ ਕਮਾਲੂ ਨੂੰ ਰਾਮਾਂ ਮੰਡੀ ਦਾ ਬਣਾਇਆ ਬਲਾਕ ਪ੍ਰਧਾਨ




**ਤਲਵੰਡੀ ਸਾਬੋ, 25 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਮਹਿਲਾ ਕਾਂਗਰਸ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਅਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਪ੍ਰਧਾਨ ਸਿਮਰਤ ਕੌਰ ਧਾਲੀਵਾਲ ਵੱਲੋਂ ਅਹਿਮ ਨਿਯੁਕਤੀਆਂ ਕੀਤੀਆਂ ਗਈਆਂ। ਤਲਵੰਡੀ ਸਾਬੋ ਦੇ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੇ ਮੁੱਖ ਦਫ਼ਤਰ ਵਿਖੇ ਹੋਏ ਇਸ ਮੌਕੇ ਅਮਰਜੀਤ ਕੌਰ ਬੰਗੀ ਰੁਲਦੂ ਨੂੰ ਮਹਿਲਾ ਵਿੰਗ ਦੀ ਹਲਕਾ ਪ੍ਰਧਾਨ ਨਿਯੁਕਤ ਕੀਤਾ ਗਿਆ, ਜਦਕਿ ਮਨਦੀਪ ਕੌਰ ਬਹਿਮਣ ਨੂੰ ਤਲਵੰਡੀ ਸਾਬੋ ਅਤੇ ਗੁਰਮੀਤ ਕੌਰ ਕਮਾਲੂ ਨੂੰ ਰਾਮਾਂ ਮੰਡੀ ਦਾ ਬਲਾਕ ਪ੍ਰਧਾਨ ਬਣਾਇਆ ਗਿਆ। ਇਸ ਮੌਕੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਮਹਿਲਾਵਾਂ ਕਿਸੇ ਵੀ ਸਿਆਸੀ ਪਾਰਟੀ ਦੀ ਮਜ਼ਬੂਤ ਤਾਕਤ ਹੁੰਦੀਆਂ ਹਨ ਅਤੇ ਉਨ੍ਹਾਂ ਦੀ ਸਰਗਰਮ ਸ਼ਮੂਲੀਅਤ ਤੋਂ ਬਿਨਾਂ ਸਮਾਜ ਦੀ ਬਿਹਤਰੀ ਲਈ ਕੀਤੇ ਜਾਣ ਵਾਲੇ ਯਤਨ ਅਧੂਰੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਮਹਿਲਾਵਾਂ ਨੂੰ ਜਥੇਬੰਦੀ ਵਿੱਚ ਜ਼ਿੰਮੇਵਾਰੀਆਂ ਦੇ ਕੇ ਅੱਗੇ ਵਧਣ ਦੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਨਵ-ਨਿਯੁਕਤ ਅਹੁਦੇਦਾਰ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਦੇ ਨਾਲ-ਨਾਲ ਮਹਿਲਾਵਾਂ ਦੀਆਂ ਸਮੱਸਿਆਵਾਂ ਨੂੰ ਉਠਾਉਣ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਗੇ। ਉਨ੍ਹਾਂ ਕਿਹਾ ਕਿ ਪਾਰਟੀ ਨੂੰ ਪਿੰਡ ਪੱਧਰ 'ਤੇ ਮਜ਼ਬੂਤ ਕਰਨ ਲਈ ਮਹਿਲਾ ਵਰਕਰਾਂ ਦੀ ਭੂਮਿਕਾ ਬੇਹੱਦ ਅਹਿਮ ਹੈ। ਇਸ ਮੌਕੇ ਨਵ-ਨਿਯੁਕਤ ਅਹੁਦੇਦਾਰਾਂ ਨੇ ਪਾਰਟੀ ਹਾਈਕਮਾਂਡ ਅਤੇ ਜ਼ਿਲ੍ਹਾ ਪ੍ਰਧਾਨ ਸਿਮਰਤ ਕੌਰ ਧਾਲੀਵਾਲ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣਗੀਆਂ ਅਤੇ ਪਾਰਟੀ ਦੀ ਮਜ਼ਬੂਤੀ ਲਈ ਲਗਾਤਾਰ ਕੰਮ ਕਰਨਗੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੇਅੰਤ ਸਿੰਘ ਸਾਬਕਾ ਚੇਅਰਮੈਨ, ਜਗਤਾਰ ਸਿੰਘ ਮੈਨੂੰਆਣਾ ਸਾਬਕਾ ਚੇਅਰਮੈਨ, ਦਿਲਪ੍ਰੀਤ ਸਿੰਘ ਸਾਬਕਾ ਬਲਾਕ ਪ੍ਰਧਾਨ, ਬਲਵਿੰਦਰ ਸਿੰਘ ਸੀਂਗੋ ਪ੍ਰਧਾਨ ਕਿਸਾਨ ਸੈੱਲ ਬਲਾਕ ਤਲਵੰਡੀ ਸਾਬੋ, ਇਕਬਾਲ ਸਿੰਘ ਸੇਖੂ ਪ੍ਰਧਾਨ ਕਿਸਾਨ ਸੈੱਲ ਬਲਾਕ ਰਾਮਾ ਮੰਡੀ, ਜ਼ਿਲ੍ਹਾ ਉਪ ਪ੍ਰਧਾਨ ਰਣਬੀਰ ਸਿੰਘ ਸ਼ੇਖਪੁਰਾ, ਜਿਲਾ ਜਨਰਲ ਸੈਕਟਰੀ ਮੇਜਰ ਸਿੰਘ ਜਗ੍ਹਾ ਰਾਮ ਤੀਰਥ ਆਦਿ ਹਾਜ਼ਰ ਸਨ।

### ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ

# ਸਿਵਲ ਹਸਪਤਾਲ ਤੇ ਥਾਣਾ ਸਿਟੀ ਦੀ ਅਚਨਚੇਤ ਚੈਕਿੰਗ



ਫ਼ਿਰੋਜ਼ਪੁਰ, 25 ਅਕਤੂਬਰ (ਮਨੋਹਰ ਲਾਲ) :— ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਜਤਿੰਦਰ ਸਿੰਘ ਸ਼ੰਟੀ ਵੱਲੋਂ ਅੱਜ ਸਵੇਰੇ 9 ਵਜੇ ਫਿਰੋਜ਼ਪੁਰ ਦੇ ਸਿਵਲ ਹਸਪਤਾਲ ਅਤੇ ਥਾਣਾ ਸਿਟੀ ਦੀ ਅਚਨਚੇਤ ਚੈਕਿੰਗ ਕੀਤੀ ਗਈ ਜਿਸ ਨੂੰ ਲੈਕੇ ਵਿਭਾਗ ਅਲਰਟ ਹੋਏ ਨਜ਼ਰ ਆਏ। ਵਰਨਯੋਗ ਹੈ ਕਿ ਬੀਤੇ ਕੱਲ੍ਹ ਜਤਿੰਦਰ ਸਿੰਘ ਸ਼ੰਟੀ ਵੱਲੋਂ ਜ਼ੀਰਾ ਵਿਖੇ ਜਨਤਕ ਸੁਣਵਾਈ ਕੀਤੀ ਸੀ ਅਤੇ ਅੱਜ ਸਵੇਰੇ ਫ਼ਿਰੋਜ਼ਪੁਰ ਦੇ ਸਿਵਲ ਹਸਪਤਾਲ ਅਤੇ ਥਾਣਾ ਸਿਟੀ ਦੀ ਚੈਕਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਹਸਪਤਾਲ ਦੀ ਸਫ਼ਾਈ ਵਿਵਸਥਾ ਅਤੇ ਹੋਰ ਸਹੂਲਤਾਂ ਦਾ ਜਾਇਜ਼ਾ ਲਿਆ ਸਿਵਲ ਹਸਪਤਾਲ ਦੇ ਦੌਰੇ ਦੌਰਾਨ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਪਿਛਲੀ ਵਾਰ ਜਦੋਂ ਉਨ੍ਹਾਂ ਨੇ ਹਸਪਤਾਲ ਦਾ ਦੌਰਾ ਕੀਤਾ ਸੀ ਤਾਂ ਉਥੇ ਗੰਦਗੀ ਅਤੇ ਕਈ ਹੋਰ ਕਮੀਆਂ ਸਾਹਮਣੇ ਆਈਆਂ ਸਨ, ਇਸ ਵਾਰ ਹਸਪਤਾਲ ਦੀ ਸਫ਼ਾਈ ਵਿਵਸਥਾ ਵਿੱਚ ਕਾਫ਼ੀ ਸੁਧਾਰ ਦੇਖਣ ਨੂੰ ਮਿਲਿਆ ਹੈ ਅਤੇ ਹਸਪਤਾਲ ਪਹਿਲਾਂ ਦੇ ਮੁਕਾਬਲੇ ਵਧੇਰੇ ਸਾਫ਼ ਸੁਥਰਾ ਹੈ, ਉਨ੍ਹਾਂ ਇਸ ਸੁਧਾਰ ਤੇ ਤਸੱਲੀ ਪ੍ਰਗਟਾਈ। ਨਿਰੀਖਣ ਦੌਰਾਨ 108 ਐਂਬੂਲੈਂਸ ਦੇ ਰਿਕਾਰਡ ਨੂੰ ਨਿਯਮਤ ਤੌਰ ਤੇ ਸੰਭਾਲਣ ਵਿੱਚ ਕਮੀਆਂ ਦਾ ਮਾਮਲਾ ਸਾਹਮਣੇ ਆਇਆ ਦੱਸਿਆ ਗਿਆ ਕਿ ਕਾਫ਼ੀ ਸਮੇਂ ਤੋਂ ਐਂਬੂਲੈਂਸ ਦਾ ਰਿਕਾਰਡ ਨਿਯਮਤ ਤੌਰ ਤੇ ਦਰਜ ਨਹੀਂ ਕੀਤਾ ਜਾ ਰਿਹਾ ਜਿਸ ਦੀ ਰਿਪੋਰਟ ਇੱਕ ਹਫ਼ਤੇ ਅੰਦਰ ਮੰਗੀ ਗਈ। ਇਸ ਤੋਂ ਇਲਾਵਾ ਮੁਰਦਾਘਰ ਵਿੱਚ ਲਾਸ਼ਾਂ ਨੂੰ ਸੁਰੱਖਿਅਤ ਰੱਖਣ ਲਈ ਫਰਿੱਜਾਂ ਦੀ ਘਾਟ ਬਾਰੇ ਵੀ ਧਿਆਨ ਦਿਵਾਇਆ ਗਿਆ, ਜਿਸ ਤੇ ਸ਼ੰਟੀ ਨੇ ਕਿਹਾ ਕਿ ਇਨ੍ਹਾਂ ਕਮੀਆਂ ਸਬੰਧੀ ਰਿਪੋਰਟ ਤਿਆਰ ਕਰਕੇ ਮੁੱਖ ਸਕੱਤਰ ਨੂੰ ਭੇਜੀ ਜਾਵੇਗੀ ਤਾਂ ਜੋ ਲੋੜੀਂਦੇ ਸੁਧਾਰ ਕੀਤੇ ਜਾ ਸਕਣ। ਅੱਖਾਂ ਦਾ ਹਸਪਤਾਲ ਲੰਬੇ ਸਮੇਂ ਤੋਂ ਚਾਲੂ ਨਾ ਹੋਣ ਕਾਰਨ ਉੱਥੇ ਹੋਈਆਂ ਚੋਰੀਆਂ ਦਾ ਮਾਮਲਾ ਵੀ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਗਿਆ, ਜਿਸ ਤੇ ਸ਼ੰਟੀ ਨੇ ਇਸ ਸਬੰਧੀ ਐਸ.ਐਮ.ਓ ਤੋਂ ਜਾਣਕਾਰੀ ਲਈ ਅਤੇ ਕਿਹਾ ਕਿ ਮਾਮਲੇ ਬਾਰੇ ਸਬੰਧਤ ਐਸ.ਐਮ.ਓ ਨੂੰ ਨੋਟਿਸ ਜਾਰੀ ਕੀਤਾ ਜਾਵੇਗਾ। ਇਸ ਤੋਂ ਬਾਅਦ ਉਹ ਥਾਣਾ ਸਿਟੀ ਵਿਖੇ ਚੈਕਿੰਗ ਲਈ ਪੁੱਜੇ, ਜਿਥੇ ਇਕ ਮਾਮਲੇ ਸਬੰਧੀ ਥਾਣਾ ਮੁਖੀ ਸੁਖਚੈਨ ਮਹਿਤਾ ਨਾਲ ਵਿਚਾਰ ਵਟਾਂਦਰਾ ਕਰਕੇ ਉਸ ਨੂੰ ਜਲਦ ਹੱਲ ਕਰਨ ਦੇ ਨਿਰਦੇਸ਼ ਦਿੱਤੇ ਅਤੇ ਥਾਣੇ ਅੰਦਰ ਹਵਾਲਾਤ, ਮਾਲਖਾਨਾ, ਬਾਥ਼ਰੂਮ ਆਦਿ ਦੀ ਚੈਕਿੰਗ ਕੀਤੀ ਗਈ ਅਤੇ ਲੋੜੀਂਦੇ ਸੁਧਾਰ ਕਰਨ ਦੀ ਹਦਾਇਤ ਕੀਤੀ ਗਈ। ਇਸ ਮੌਕੇ ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ ਦੇ ਫਿਰੋਜ਼ਪੁਰ ਕੌਰ ਗਰੁੱਪ ਦੇ ਮੈਂਬਰ ਗੁਰਨਾਮ ਸਿੱਧੂ ਗਾਮਾ, ਨਰਿੰਦਰ ਸਿੰਘ ਕੇਸਰ, ਗੁਰਨੂਰ ਬਰਾੜ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਐਂਬੂਲੈਂਸ ਦੇ ਰਿਕਾਰਡ ਤੇ ਮੁਰਦਾਘਰ ਵਿੱਚ ਫਰਿੱਜਾਂ ਦੀ ਘਾਟ ਬਾਰੇ ਮੁੱਖ ਸਕੱਤਰ ਨੂੰ ਭੇਜਾਂਗਾ ਰਿਪੋਰਟ—ਸ਼ੰਟੀ**

### ਨਰ ਸਿੰਘ ਕਲੋਨੀ ਵਿਖੇ CASO ਆਪ੍ਰੇਸ਼ਨ ਦੌਰਾਨ 10 ਗ੍ਰਾਮ ਹੈਰੋਇਨ ਅਤੇ

# 165 ਪ੍ਰੈਗਾਬਾਲਿਨ ਕੈਪਸੂਲ ਬਰਾਮਦ, 3 ਮੁਕੱਦਮੇ ਦਰਜ



ਬਠਿੰਡਾ, 25 ਅਕਤੂਬਰ (ਗੁਰਜੰਟ ਸਿੰਘ ਨਥੇਹਾ)-ਮਾਣਯੋਗ ਐੱਸ.ਐੱਸ.ਪੀ. ਬਠਿੰਡਾ ਸ੍ਰੀ ਸੁਹੇਲ ਕਾਸਿਮ ਮੀਰ, ਆਈ.ਪੀ.ਐੱਸ. ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਸੰਗਤ ਦੇ ਏਰੀਏ ਵਿੱਚ ਪੈਂਦੇ ਡਰੱਗ ਹੌਟਸਪੌਟ ਨਰ ਸਿੰਘ ਕਲੋਨੀ ਵਿਖੇ CASO (ਕੋਰਡਨ ਐਂਡ ਸਰਚ ਆਪ੍ਰੇਸ਼ਨ) ਚਲਾਇਆ ਗਿਆ। ਇਹ ਆਪ੍ਰੇਸ਼ਨ ਸ੍ਰੀ ਮਨੋਜ ਗੋਰਸੀ, ਪੀ.ਪੀ.ਐੱਸ., ਐੱਸ.ਪੀ.(ਡੀ), ਬਠਿੰਡਾ ਦੀ ਨਿਗਰਾਨੀ ਹੇਠ ਅਤੇ ਸ੍ਰੀ ਹਰਵਿੰਦਰ ਸਿੰਘ ਸਰਾਂ, ਪੀ.ਪੀ.ਐੱਸ., ਉਪ ਕਪਤਾਨ ਪੁਲਿਸ, ਬਠਿੰਡਾ ਦਿਹਾਤੀ ਅਤੇ ਇੰਸਪੈਕਟਰ ਹਰਬੰਸ ਸਿੰਘ, ਮੁੱਖ ਅਫ਼ਸਰ ਥਾਣਾ ਸੰਗਤ ਦੀ ਅਗਵਾਈ ਵਿੱਚ ਕੀਤਾ ਗਿਆ। ਸਰਚ ਅਭਿਆਨ ਦੌਰਾਨ ਕਰੀਬ 125 ਪੁਲਿਸ ਮੁਲਾਜ਼ਮਾਂ ਨੇ ਹਿੱਸਾ ਲਿਆ। ਅਭਿਆਨ ਦੀ ਸ਼ੁਰੂਆਤ ਮੌਕੇ ਸਰਚ ਕੀਤੇ ਜਾਣ ਵਾਲੇ ਏਰੀਏ ਨੂੰ ਚਾਰੋਂ ਪਾਸਿਓਂ ਵਿਸ਼ੇਸ਼ ਨਾਕਾਬੰਦੀ ਕਰਕੇ ਘੇਰਾਬੰਦੀ ਕੀਤੀ ਗਈ ਅਤੇ ਅੰਦਰ-ਬਾਹਰ ਜਾਣ ਵਾਲੇ ਰਸਤਿਆਂ ਨੂੰ ਸੀਲ ਕੀਤਾ ਗਿਆ। ਇਸ ਤੋਂ ਬਾਅਦ ਪੁਲਿਸ ਟੀਮਾਂ ਵੱਲੋਂ ਸ਼ੱਕੀ ਘਰਾਂ, ਥਾਵਾਂ ਅਤੇ ਵਾਹਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ। ਅਰਸ਼ਦੀਪ ਸਿੰਘ ਪੁੱਤਰ ਲਖਵਿੰਦਰ ਸਿੰਘ, ਵਾਸੀ ਧੋਬੀਆਣਾ ਬਸਤੀ, ਬਠਿੰਡਾ ਨੂੰ 4 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ। ਇਸ ਸਬੰਧੀ ਐੱਨ.ਡੀ.ਪੀ.ਐੱਸ. ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ। ਮਨਦੀਪ ਸਿੰਘ ਪੁੱਤਰ ਬਿੰਦਰ ਸਿੰਘ, ਵਾਸੀ ਡੂੰਮਵਾਲੀ ਨੂੰ ਪ੍ਰੈਗਾਬਾਲਿਨ ਕੈਪਸੂਲਾਂ ਦੇ ਕੁੱਲ 165 ਕੈਪਸੂਲਾਂ ਸਮੇਤ ਕਾਬੂ ਕੀਤਾ ਗਿਆ। ਇਸ ਸਬੰਧੀ ਬੀ.ਐੱਨ.ਐੱਸ. ਦੀ ਧਾਰਾ 223 ਤਹਿਤ ਮੁਕੱਦਮਾ ਦਰਜ ਕੀਤਾ ਗਿਆ। ਅਮਰਜੀਤ ਕੌਰ ਪਤਨੀ ਸੁਖਦੇਵ ਸਿੰਘ ਅਤੇ ਯਾਦਪਾਲ ਸਿੰਘ ਪੁੱਤਰ ਸੁਖਮੰਦਰ ਸਿੰਘ, ਵਾਸੀਆਨ ਨਰ ਸਿੰਘ ਕਲੋਨੀ, ਨੂੰ 6 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ। ਇਸ ਸਬੰਧੀ ਐੱਨ.ਡੀ.ਪੀ.ਐੱਸ. ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ। ਇਸ ਤਰ੍ਹਾਂ ਉਕਤ ਕਾਰਵਾਈ ਦੌਰਾਨ ਕੁੱਲ 10 ਗ੍ਰਾਮ ਹੈਰੋਇਨ ਅਤੇ 165 ਪ੍ਰੈਗਾਬਾਲਿਨ ਕੈਪਸੂਲ ਬਰਾਮਦ ਕੀਤੇ ਗਏ ਅਤੇ ਥਾਣਾ ਸੰਗਤ ਵਿਖੇ ਕੁੱਲ 3 ਵੱਖ-ਵੱਖ ਮੁਕੱਦਮੇ ਦਰਜ ਕੀਤੇ ਗਏ। ਇਸ ਤੋਂ ਇਲਾਵਾ, CASO ਆਪ੍ਰੇਸ਼ਨ ਦੌਰਾਨ 6 ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ 5 ਮੋਟਰਸਾਈਕਲਾਂ ਨੂੰ ਕਬਜ਼ੇ ਵਿੱਚ ਲੈ ਕੇ ਉਨ੍ਹਾਂ ਦੀ ਤਸਦੀਕ ਕੀਤੀ ਜਾ ਰਹੀ ਹੈ। ਬਠਿੰਡਾ ਪੁਲਿਸ ਨਸ਼ਿਆਂ ਦੇ ਖ਼ਾਤਮੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਨਸ਼ਿਆਂ ਦੀ ਤਸਕਰੀ ਤੇ ਗੈਰ-ਕਾਨੂੰਨੀ ਗਤੀਵਿਧੀਆਂ ਵਿਰੁੱਧ ਕਾਰਵਾਈ ਲਗਾਤਾਰ ਜਾਰੀ ਰਹੇਗੀ।




ਆਵਾਜ਼ਿ ਕੌਮ AWAZE QAUM International Newspaper & WEB TV

# ਆਸ਼ੂ ਬੰਗੜ ਤੇ ਬਲਜੀਤ ਕੌਰ ਬੰਗੜ ਨੇ ਗੁਰਭੇਜ ਸਿੰਘ ਟਿੱਬੀ ਨੂੰ ਦਿੱਤੀ ਮੁਬਾਰਕਬਾਦ





ਫ਼ਿਰੋਜ਼ਪੁਰ, 25 ਅਕਤੂਬਰ (ਮਨੋਹਰ ਲਾਲ) :— ਫਿਰੋਜ਼ਪੁਰ ਦਿਹਾਤੀ ਦੇ ਰਹਿਣ ਵਾਲੇ ਅਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਬਹੁਤ ਹੀ ਸਤਿਕਾਰਯੋਗ ਤੇ ਸੀਨੀਅਰ ਕਾਂਗਰਸੀ ਆਗੂ ਗੁਰਭੇਜ ਸਿੰਘ ਟਿੱਬੀ ਨੂੰ ਪੰਜਾਬ ਪ੍ਰਦੇਸ਼ ਓ.ਬੀ.ਸੀ ਕਾਂਗਰਸ ਦਾ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤੇ ਜਾਣ ’ਤੇ ਸਮੁੱਚੇ ਹਲਕਾ ਫਿਰੋਜ਼ਪੁਰ ਦਿਹਾਤੀ ਲਈ ਇਹ ਬੇਹੱਦ ਮਾਣ ਅਤੇ ਖੁਸ਼ੀ ਵਾਲੀ ਗੱਲ ਹੈ। ਇਹ ਵਿਚਾਰ ਸਾਂਝੇ ਕਰਦਿਆਂ ਆਸ਼ੂ ਬੰਗੜ ਅਤੇ ਬਲਜੀਤ ਕੌਰ ਬੰਗੜ ਨੇ ਗੁਰਭੇਜ ਸਿੰਘ ਟਿੱਬੀ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਹਮੇਸ਼ਾ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਤਨਦੇਹੀ ਨਾਲ ਕੰਮ ਕੀਤਾ ਹੈ ਅਤੇ ਪਾਰਟੀ ਦੀ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਗੁਰਭੇਜ ਸਿੰਘ ਟਿੱਬੀ ਨੇ ਆਪਣੇ ਸਮਾਜ ਅਤੇ ਖ਼ਾਸ ਕਰਕੇ ਓਬੀਸੀ ਵਰਗ ਦੇ ਹੱਕਾਂ ਲਈ ਹਮੇਸ਼ਾ ਡਟ ਕੇ ਸੰਘਰਸ਼ ਕੀਤਾ ਹੈ, ਉਨ੍ਹਾਂ ਨੇ ਪਛੜੇ ਵਰਗ ਦੇ ਲੋਕਾਂ ਨੂੰ ਇਨਸਾਫ਼ ਦਿਵਾਉਣ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਉੱਚ ਪੱਧਰ ਤੱਕ ਪਹੁੰਚਾਉਣ ਅਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਲਈ ਹਮੇਸ਼ਾ ਆਪਣੀ ਆਵਾਜ਼ ਬੁਲੰਦ ਕੀਤੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਸਮੇਂ—ਸਮੇਂ ’ਤੇ ਗੁਰਭੇਜ ਸਿੰਘ ਟਿੱਬੀ ਨੂੰ ਮਾਣ—ਸਤਿਕਾਰ ਅਤੇ ਅਹਿਮ ਜ਼ਿੰਮੇਵਾਰੀਆਂ ਨਾਲ ਨਿਵਾਜਿਆ ਜਾਂਦਾ ਰਿਹਾ ਹੈ ਹੁਣ ਪੰਜਾਬ ਪ੍ਰਦੇਸ਼ ਓਬੀਸੀ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਵਜੋਂ ਨਵੀਂ ਜ਼ਿੰਮੇਵਾਰੀ ਮਿਲਣਾ ਉਨ੍ਹਾਂ ਦੀ ਮਿਹਨਤ, ਲਗਨ, ਸੰਘਰਸ਼ ਅਤੇ ਪਾਰਟੀ ਪ੍ਰਤੀ ਵਫ਼ਾਦਾਰੀ ਦਾ ਸਨਮਾਨ ਹੈ। ਗੱਲਬਾਤ ਕਰਦਿਆਂ ਆਸ਼ੂ ਬੰਗੜ ਅਤੇ ਬਲਜੀਤ ਕੌਰ ਬੰਗੜ ਨੇ ਕਿਹਾ ਕਿ ਫਿਰੋਜ਼ਪੁਰ ਦਿਹਾਤੀ ਦੀ ਧਰਤੀ ਨਾਲ ਸਬੰਧਤ ਇੱਕ ਸੀਨੀਅਰ ਆਗੂ ਨੂੰ ਸੂਬਾ ਪੱਧਰ ’ਤੇ ਇੰਨੀ ਅਹਿਮ ਜ਼ਿੰਮੇਵਾਰੀ ਮਿਲਣਾ ਸਮੁੱਚੇ ਇਲਾਕੇ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਗੁਰਭੇਜ ਸਿੰਘ ਟਿੱਬੀ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਉਂਦਿਆਂ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨਗੇ ਅਤੇ ਓਬੀਸੀ ਵਰਗ ਸਮੇਤ ਸਮਾਜ ਦੇ ਹਰ ਵਰਗ ਦੇ ਹੱਕਾਂ ਲਈ ਆਪਣਾ ਸੰਘਰਸ਼ ਜਾਰੀ ਰੱਖਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਵੱਲੋਂ ਉਡੀਕ ਸਿੰਘ ਕੁੰਡੇ ਨੂੰ ਸ਼ਰਧਾਂਜਲੀ ਭੇਂਟ—ਪਰਿਵਾਰ ਨਾਲ ਕੀਤਾ ਦੁੱਖ ਸਾਂਝਾ

**ਫ਼ਿਰੋਜ਼ਪੁਰ, 25 ਅਕਤੂਬਰ (ਮਨੋਹਰ ਲਾਲ)** :— ਪੰਜਾਬ ਦੇ ਹਰਿਆਵਲ ਦਸਤੇ ਵਜੋਂ ਜਾਣੀ ਜਾਂਦੀ ਜਥੇਬੰਦੀ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ (ਰਜਿ:140) ਪੰਜਾਬ ਵੱਲੋਂ ਸਮਾਜ ਸੇਵੀ ਅਤੇ ਸਤਿਕਾਰਯੋਗ ਸ਼ਖ਼ਸੀਅਤ ਉਡੀਕ ਸਿੰਘ ਕੁੰਡੇ ਦੇ ਆਕਾਲ ਚਲਾਣੇ ਤੇ ਗਹਿਰੇ ਦੁਖ ਦਾ ਪ੍ਰਗਟਾਵਾ ਕੀਤਾ ਗਿਆ ਜੋ ਕਿ ਪਿਛਲੇ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ। ਵਿਛੜੇ ਸਾਥੀ ਦੀ ਆਤਮਿਕ ਸ਼ਾਂਤੀ ਲਈ ਅੰਤਿਮ ਅਰਦਾਸ ਗੁਰਦੁਆਰਾ ਵਿਖੇ ਪੂਰੀ ਗੁਰਮਤਿ ਮਰਿਆਦਾ ਨਾਲ ਸੰਪੰਨ ਹੋਈ ਅਤੇ ਇਸ ਦੁੱਖ ਦੀ ਘੜੀ ਵਿੱਚ ਸੋਸਾਇਟੀ ਦੇ ਅਹੁਦੇਦਾਰਾਂ ਨੇ ਗੁਰਦੁਆਰਾ ਘਰ ਵਿਖੇ ਨਤਮਸਤਕ ਹੋ ਕੇ ਵਿਛੜੀ ਰੂਹ ਨੂੰ ਭਾਵਪੂਰਤ ਸ਼ਰਧਾਂਜਲੀ ਭੇਂਟ ਕੀਤੀ। ਸੋਸਾਇਟੀ ਵੱਲੋਂ ਸ਼ੋਕ ਸੰਦੇਸ਼ ਜਾਰੀ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਿਛਲੇ ਪਰਿਵਾਰ ਨੂੰ ਇਹ ਅਸਹਿ ਘਾਟਾ ਸਹਿਣ ਦਾ ਬਲ ਪ੍ਰਦਾਨ ਕਰਨ। ਇਸ ਮੌਕੇ ਸੋਸਾਇਟੀ ਦੇ ਅਹੁਦੇਦਾਰਾਂ ਨੇ ਮ੍ਰਿਤਕ ਦੇ ਭਰਾ ਬਲਵੀਰ ਸਿੰਘ ਕੁੰਡੇ ਅਤੇ ਸਮੁੱਚੇ ਕੁੰਡੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਉਡੀਕ ਸਿੰਘ ਕੁੰਡੇ ਦਾ ਚਲੇ ਜਾਨਾ ਪਰਿਵਾਰ ਅਤੇ ਸਮਾਜ ਲਈ ਇੱਕ ਨਾ ਪੂਰੀਆ ਜਾਣ ਵਾਲਾ ਘਾਟਾ ਹੈ ਸੋਸਾਇਟੀ ਹਰ ਔਖੀ ਘੜੀ ਵਿੱਚ ਪਰਿਵਾਰ ਨਾਲ ਚਟਾਂਨ ਵਾਂਗ ਖੜ੍ਹੀ ਹੈ। ਇਸ ਮੌਕੇ ਸੋਸਾਇਟੀ ਦੇ ਪ੍ਰਮੁੱਖ ਅਹੁਦੇਦਾਰ ਸਮਾਜਿਕ ਅਤੇ ਧਾਰਮਿਕ ਸ਼ਖਸ਼ੀਅਤਾਂ ਜਿਵੇਂ ਕਿ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ, ਸੁਖਮਿੰਦਰ ਸਿੰਘ ਜੱਬਲ ਸਕੱਤਰ ਜਨਰਲ ਪੰਜਾਬ, ਜਸਵਿੰਦਰ ਸਿੰਘ ਸੰਧੂ ਵਾਈਸ ਚੇਅਰਮੈਨ ਪੰਜਾਬ, ਪ੍ਰਮਜੀਤ ਸਿੰਘ ਕਲਸੀ ਜਰਨਲ ਕੋਸਲ ਸ਼੍ਰੋਮਣੀ ਅਕਾਲੀ ਦੱਲ ਬਾਦਲ, ਦਵਿੰਦਰ ਸਿੰਘ ਕਲਸੀ ਜ਼ਿਲ੍ਹਾ ਪ੍ਰਧਾਨ ਬੀਸੀ ਵਿੰਗ ਸ਼੍ਰੋਮਣੀ ਅਕਾਲੀ ਦੱਲ ਬਾਦਲ, ਬਲਵੀਰ ਸਿੰਘ ਕੁੰਡੇ, ਰਾਜਵਿੰਦਰ ਸਿੰਘ ਗੋਲਡੀ, ਮਨਜੀਤ ਸਿੰਘ ਲੋਕੋ, ਬਲਵਿੰਦਰ ਸਿੰਘ ਖਾਲਸਾ, ਬਲਦੇਵ ਸਿੰਘ ਬਿਟੂ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਚੋਰ ਦੁਕਾਨਦਾਰ ਔਰਤ ਦੀਆਂ ਵਾਲੀਆਂ ਖੋਹ ਕੇ ਭੱਜੇ

**ਚੌਂਕ ਮਹਿਤਾ, 25 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਚੋਰਾਂ ਦੇ ਵੱਲੋਂ ਦੁਕਾਨ ਤੇ ਬੈਠੀ ਇਕ ਬਜ਼ੁਰਗ ਔਰਤ ਦੀਆਂ ਵਾਲੀਆਂ ਝਪਟ ਲੈਣ ਦੀ ਵਾਰਦਾਤ ਸਾਹਮਣੇ ਆਈ ਹੈ ।ਸਥਾਨਕ ਕਸਬਾ ਚੌਂਕ ਮਹਿਤਾ ਵਿਖੇ ਇਕ ਜਨਰਲ ਸਟੋਰ ਦੀ ਮਾਲਕ ਮਾਤਾ ਸੁਰਿੰਦਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੋਜਾਨਾ ਦੀ ਤਰ੍ਹਾਂ ਉਹ ਆਪਣੀ ਦੁਕਾਨ ਤੇ ਬੈਠੇ ਸਨ। ਸ਼ਾਮ ਕਰੀਬ 5: 20 ਮਿੰਟ ਤੇ ਮੋਟਰਸਾਈਕਲ ਸਵਾਰ 2 ਵਿਅਕਤੀ ਦੁਕਾਨ ਦੇ ਸਾਹਮਣੇ ਰੁਕਦੇ ਹਨ, ਜਿਨਾਂ ਦੇ ਚੋਂ ਇੱਕ ਵਿਅਕਤੀ ਕੁਝ ਸਮਾਨ ਲੈਣ ਦੇ ਬਹਾਨੇ ਦੁਕਾਨ ਦੇ ਅੰਦਰ ਆਉਂਦਾ ਹੈ ਅਤੇ ਸਮਾਨ ਲੈਣ ਤੋਂ ਬਾਅਦ ਵਾਪਸ ਬਾਹਰ ਨਹੀਂ ਜਾਂਦਾ। ਉਕਤ ਵਿਅਕਤੀ ਦੀ ਨੀਅਤ ਤੇ ਸ਼ੱਕ ਹੋਣ ਕਰਕੇ ਜਦ ਮੈਂ ਉਸ ਨੂੰ ਬਾਹਰ ਜਾਣ ਲਈ ਕਿਹਾ ਤਾਂ ਉਹ ਵਿਅਕਤੀ ਮੇਰੇ ਕੰਨਾਂ ਦੀਆਂ ਵਾਲੀਆਂ ਝਪਟ ਕੇ ਫੌਰਨ ਦੌੜ ਗਿਆ ਅਤੇ ਬਾਹਰ ਮੋਟਰਸਾਈਕਲ ਤੇ ਬੈਠੇ ਆਪਣੇ ਦੂਜੇ ਸਾਥੀ ਦੇ ਪਿੱਛੇ ਬੈਠ ਕੇ ਦੋਵੇਂ ਰਫੂਚੱਕਰ ਹੋ ਗਏ। ਬਜ਼ੁਰਗ ਮਾਤਾ ਦੇ ਪਤੀ ਠੇਕੇਦਾਰ ਸੁਰਿੰਦਰ ਸਿੰਘ ਨੇ ਦੱਸਿਆ ਕਿ ਮਾਤਾ ਜੀ ਦੇ ਵੱਲੋਂ ਵਿਰੋਧ ਕਰਨ ਦੇ ਬਾਵਜੂਦ ਉਹ ਵਿਅਕਤੀ ਵਾਲੀਆਂ ਝਪਟ ਕੇ ਲੈ ਗਏ ਇਸ ਸ਼ੋਰ ਸ਼ਰਾਬੇ ਦੀ ਆਵਾਜ਼ ਸੁਣ ਕੇ ਸਾਡੇ ਗੁਆਂਢੀ ਦੁਕਾਨ ਤੇ ਆ ਗਏ, ਲੇਕਿਨ ਉਕਤ ਚੋਰਾਂ ਦਾ ਕੋਈ ਪਤਾ ਨਹੀਂ ਲੱਗ ਸਕਿਆ। ਉਨਾਂ ਚਿੰਤਾ ਜਾਹਿਰ ਕਰਦਿਆਂ ਆਖਿਆ ਕਿ ਅੱਜ ਦੇ ਸਮੇਂ ਵਿੱਚ ਕ੍ਰਾਈਮ ਬਹੁਤ ਜਿਆਦਾ ਵੱਧ ਚੁੱਕਾ ਹੈ, ਦੁਕਾਨਦਾਰ ਆਪਣੀਆਂ ਦੁਕਾਨਾਂ ਦੇ ਅੰਦਰ ਬੈਠ ਕੇ ਵੀ ਮਹਿਫੂਜ ਨਹੀਂ ਹਨ। ਇਸ ਲਈ ਪ੍ਰਸ਼ਾਸਨ ਨੂੰ ਸੁਹਿਰਦ ਹੋਣ ਦੀ ਲੋੜ ਹੈ, ਲੋਕਲ ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕਰਦਿਆਂ ਉਨ੍ਹਾਂ ਮੰਗ ਕੀਤੀ ਕਿ ਸਥਾਨਕ ਕਸਬੇ ਦੀਆਂ ਮੁੱਖ ਗਲੀਆਂ ਅਤੇ ਬਾਜ਼ਾਰਾਂ ਵਿੱਚ ਪੁਲਿਸ ਦੀ ਗਸ਼ਤ ਵਧਾਈ ਜਾਵੇ ਤਾਂ ਜੋ ਇਸ ਤਰਾਂ ਵਾਪਰਦੀਆਂ ਵਾਰਦਾਤਾਂ ਨੂੰ ਠੱਲ ਪੈ ਸਕੇ।



### ਨਸੀਬਪੁਰਾ ਵਿੱਚ ਭਾਜਪਾ ਨੂੰ ਹੁਲਾਰਾ

# 16 ਪਰਿਵਾਰ ਪਾਰਟੀ ਵਿੱਚ ਸ਼ਾਮਲ ਹੋਏ



ਤਲਵੰਡੀ ਸਾਬੋ, 25 ਅਕਤੂਬਰ (ਗੁਰਜੰਟ ਸਿੰਘ ਨਥੇਹਾ)-ਭਾਰਤੀ ਜਨਤਾ ਪਾਰਟੀ ਵੱਲੋਂ ਚਲਾਈ ਜਾ ਰਹੀ 'ਪਰਿਵਾਰ ਜੋੜੋ ਮੁਹਿੰਮ' ਤਹਿਤ ਅੱਜ ਪਿੰਡ ਨਸੀਬਪੁਰਾ ਵਿਖੇ ਪਾਰਟੀ ਨੂੰ ਉਸ ਸਮੇਂ ਹੁਲਾਰਾ ਮਿਲਿਆ, ਜਦੋਂ ਯੂਥ ਕਲੱਬ ਦੇ ਪ੍ਰਧਾਨ ਸ਼ੰਬਰ ਸਿੰਘ ਸਮੇਤ ਕਈ ਪਰਿਵਾਰਾਂ ਨੇ ਭਾਜਪਾ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਸ਼ਾਮਲ ਹੋਏ ਪਰਿਵਾਰਾਂ ਨੇ ਭਾਜਪਾ ਦੇ ਜ਼ਿਲ੍ਹਾ ਬਠਿੰਡਾ ਦਿਹਾਤੀ ਦੇ ਸੀਨੀਅਰ ਆਗੂ ਨਵਜੋਤ ਸਿੰਘ ਗੁਣੀ ਗਾਟਵਾਲੀ ਦੀ ਸੋਚ ਅਤੇ ਹਲਕੇ ਦੇ ਵਿਕਾਸ ਸਬੰਧੀ ਉਨ੍ਹਾਂ ਦੇ ਵਿਜ਼ਨ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੂੰ ਆਪਣਾ ਸਮਰਥਨ ਦੇਣ ਦੀ ਗੱਲ ਕਹੀ। ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਥੀਆਂ ਅਤੇ ਪਰਿਵਾਰਾਂ ਵਿੱਚ ਉਤਸ਼ਾਹ ਦੇਖਣ ਨੂੰ ਮਿਲਿਆ। ਉਨ੍ਹਾਂ ਨੇ ਨਵਜੋਤ ਸਿੰਘ ਗੁਣੀ ਗਾਟਵਾਲੀ ਨੂੰ ਸਮਰਥਨ ਦੇਣ ਦਾ ਭਰੋਸਾ ਦਿੰਦਿਆਂ ਉਨ੍ਹਾਂ ਦੇ ਨਾਲ ਚੱਲਣ ਦਾ ਐਲਾਨ ਕੀਤਾ। ਭਾਜਪਾ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਯੂਥ ਕਲੱਬ ਦੇ ਪ੍ਰਧਾਨ ਸ਼ੰਬਰ ਸਿੰਘ ਤੋਂ ਇਲਾਵਾ ਜਗਦੀਪ ਸਿੰਘ, ਜਗਸੀਰ ਸਿੰਘ, ਕੁਲਵਿੰਦਰ ਸਿੰਘ, ਕੀਰਤਪਾਲ ਸਿੰਘ, ਅਮਨਦੀਪ ਸਿੰਘ, ਭੀਮਟ ਸਿੰਘ, ਗਿੰਦਾ ਸਿੰਘ, ਅੰਕੁਸ਼ ਸਿੰਘ, ਜੋਧਾ ਸਿੰਘ, ਗੁਰਪ੍ਰੀਤ ਸਿੰਘ, ਘੋਟਾ ਸਿੰਘ, ਜਸਵੰਤ ਸਿੰਘ, ਰੇਸ਼ਮ ਸਿੰਘ, ਸੋਹਣ ਸਿੰਘ, ਜੱਟਾ ਸਿੰਘ, ਸੋਨੀ, ਪ੍ਰਦੀਪ ਸਿੰਘ, ਕਾਲਾ ਸਿੰਘ, ਰਾਜਾ ਸਿੰਘ ਅਤੇ ਹੋਰ ਪਰਿਵਾਰ ਸ਼ਾਮਲ ਹਨ। ਇਸ ਮੌਕੇ ਖੁਸ਼ੀ ਪ੍ਰਗਟ ਕਰਦਿਆਂ ਭਾਜਪਾ ਦੇ ਜ਼ਿਲ੍ਹਾ ਬਠਿੰਡਾ ਦਿਹਾਤੀ ਦੇ ਸੀਨੀਅਰ ਆਗੂ ਨਵਜੋਤ ਸਿੰਘ ਗੁਣੀ ਗਾਟਵਾਲੀ ਨੇ ਕਿਹਾ ਕਿ ਪਾਰਟੀ ਦੀ 'ਪਰਿਵਾਰ ਜੋੜੋ ਮੁਹਿੰਮ' ਦਾ ਮੁੱਖ ਮਕਸਦ ਲੋਕਾਂ ਨਾਲ ਸੰਪਰਕ ਮਜ਼ਬੂਤ ਕਰਨਾ ਅਤੇ ਉਨ੍ਹਾਂ ਨੂੰ ਪਾਰਟੀ ਦੀ ਵਿਚਾਰਧਾਰਾ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਵੱਲੋਂ ਮਿਲ ਰਹੇ ਸਮਰਥਨ ਨਾਲ ਪਾਰਟੀ ਨੂੰ ਜਨ-ਸੰਪਰਕ ਮੁਹਿੰਮ ਅੱਗੇ ਵਧਾਉਣ ਲਈ ਹੌਸਲਾ ਮਿਲਦਾ ਹੈ ਉਨ੍ਹਾਂ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਠਾਉਣ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਇਸ ਸ਼ਮੂਲੀਅਤ ਨੂੰ ਪਿੰਡ ਨਸੀਬਪੁਰਾ ਵਿੱਚ ਭਾਜਪਾ ਦੀ 'ਪਰਿਵਾਰ ਜੋੜੋ ਮੁਹਿੰਮ' ਤਹਿਤ ਹੋਏ ਇੱਕ ਮਹੱਤਵਪੂਰਨ ਸਿਆਸੀ ਘਟਨਾਕ੍ਰਮ ਵਜੋਂ ਦੇਖਿਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਯੂਥ ਕਲੱਬ ਪ੍ਰਧਾਨ ਸ਼ੰਬਰ ਸਿੰਘ ਸਮੇਤ ਸਾਥੀਆਂ ਨੇ ਨਵਜੋਤ ਸਿੰਘ ਗੁਣੀ ਗਾਟਵਾਲੀ ਨੂੰ ਸਮਰਥਨ ਦੇਣ ਦਾ ਕੀਤਾ ਐਲਾਨ**

## ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ(ਲੁਧਿ.) ਵਿਖੇ

# ਯੂਥ ਐਂਡ ਹੈਰੀਟੇਜ਼ ਫੈਸਟੀਵਲ ਜ਼ੋਨ-1 ਦੇ ਦੂਜੇ ਦਿਨ ਵੀ ਰਹੀ ਚਹਿਲ-ਪਹਿਲ

ਮਾਛੀਵਾੜਾ ਸਾਹਿਬ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ(ਲੁਧਿ.)ਵਿਖੇ ਪੰਜਾਬ ਯੂਨੀਵਰਸਿਟੀ,ਚੰਡੀਗੜ੍ਹ ਵੱਲੋਂ ਕਰਵਾਏ ਜਾ ਰਹੇ ਯੂਥ ਐਂਡ ਹੈਰੀਟੇਜ਼ ਫੈਸਟੀਵਲ ਜ਼ੋਨ-1 ਦੇ ਦੂਜੇ ਦਿਨ ਵੀ ਚਹਿਲ -ਪਹਿਲ ਰਹੀ। ਯੂਥ ਫੈਸਟੀਵਲ ਦੇ ਸਵੇਰ ਦੇ ਸੈਸ਼ਨ ਦਾ ਉਦਘਾਟਨ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰ ਰਹੇ ਗਿਆਨੀਪਰਨਾਮ ਸਿੰਘ ਜੀ ਹੈਡ ਗ੍ਰੰਥੀ ਗੁਰਦੁਆਰਾ ਦੁਖ ਨਿਵਾਰਨ ਸਾਹਿਬ , ਡਾ.ਨਿਰਮਲ ਜੌੜਾ ਜੀ ਦੁਆਰਾ ਅਤੇ ਸ਼ਾਮਦੇ ਸੈਸ਼ਨ ਦਾ ਉਦਘਾਟਨ ਪੰਜਾਬ ਦੇ ਉਘੇ ਗਾਇਕਾ ਸੁੱਖੀ ਬਰਾੜ ਜੀ ਵੱਲੋਂ ਕੀਤਾ ਗਿਆ। ਸ.ਅਵਤਾਰ ਸਿੰਘ ਰਿਆਜੀ ਸੈਂਬਰ ਸ਼੍ਰੋ.ਗੁ.ਪ੍ਰੰ.ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ, ਸ.ਸੁਲੱਖਣ ਸਿੰਘ ਕੰਗ ਜੀ ਅਤੇ ਸ੍ਰੀ.ਰਾਜਵਿੰਦਰ ਸਮਰਾਲਾਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਗਿਆਨੀ ਪਰਨਾਮ ਸਿੰਘ ਜੀ ਨੇ ਵਿਦਿਆਰਥਣਾਂ ਨੂੰ ਵਿਰਾਸਤ, ਇਤਿਹਾਸ ਅਤੇ ਗੁਰਬਾਣੀ ਨਾਲ ਜੋੜਨ 'ਤੇ ਪੂਰੇ ਕਾਲਜ ਪਰਿਵਾਰ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਗੁਰਬਾਣੀ ਕੀਰਤਨ ਵਿੱਚੋਂ ਜੀਵਨ ਜਾਂਚ ਪ੍ਰਾਪਤ ਹੁੰਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦੁਨਿਆਵੀ ਵਿੱਦਿਆ ਦੇ ਨਾਲ-ਨਾਲ ਗੁਰਬਾਣੀ ਨਾਲ ਜੁੜਨ ਦਾ ਸੁਨੇਹਾ ਦਿੱਤਾ। ਸ. ਅਵਤਾਰ ਸਿੰਘ ਜੀ ਰਿਆ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਵਿਦਿਆਰਥੀ ਨੂੰ ਇਨ੍ਹਾਂ ਯੁਵਕ ਮੇਲਿਆਂ ਵਿੱਚ ਆਪਣੀ ਪ੍ਰਤਿਭਾ ਦਿਖਾਉਣ ਦਾ ਮੌਕਾ ਮਿਲਿਆ ਹੈ ਤਾਂ ਉਹ ਖੁੱਲ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ । ਉਨ੍ਹਾਂ ਨੇ ਵਿਦਿਆਰਥਣਾਂ ਨੂੰ ਆਪਣੀ ਕਲਾ ਦੀ ਪੇਸ਼ਕਾਰੀ ਦੀ ਸਫਲਤਾ ਲਈ ਸ਼ੁਭ ਇੱਛਾਵਾਂ ਦਿੱਤੀਆਂ ਅਤੇ ਇਸ ਆਯੋਜਨ ਲਈ ਕਾਲਜ ਨੂੰ ਇੱਕਲੱਖ ਰੁ. ਦੇਣ ਦਾ ਐਲਾਨ ਕੀਤਾ ।ਸੁਲੱਖਣ ਸਿੰਘ ਕੰਗ ਜੀ ਨੇ ਕਾਲਜ ਨੂੰ ਪੰਜਾਹ ਹਜਾਰ ਦੀ ਰਾਸ਼ੀ ਭੇਂਟ ਕੀਤੀ। ਪ੍ਰਿੰਸੀਪਲ ਡਾ. ਰਜਿੰਦਰ ਕੌਰ ਵੱਲੋਂ ਮਹਿਮਾਨਾਂ ਦਾ ਸੁਆਗਤ ਕੀਤਾ ਗਿਆ। ਉਪਰੰਤ ਯੁਵਕ ਮੇਲੇ ਦੇ ਦੂਜੇ ਦਿਨ ਦੇ ਮੁਕਾਬਲੇ ਸ਼ੁਰੂ ਕੀਤੇ ਗਏ । ਇਨ੍ਹਾਂ ਮੁਕਾਬਲਿਆਂ ਵਿੱਚ ਸਵੇਰ ਦੇ ਸੈਸ਼ਨ ਵਿੱਚ ਸ਼ਬਦ, ਭਜਨ ਗਾਇਨ, ਕਲਾਸੀਕਲ ਮਿਊਜ਼ਿਕ ਵੋਕਲ, ਕਵਿਤਾ ਉਚਾਰਨ, ਗੀਤ/ਗਜ਼ਲ, ਵਨ ਐਕਟ ਪਲੇਅ, ਹਿਸਟ੍ਰੋਨਿਕ ,ਸੁੰਦਰ ਲਿਖਾਈ (ਪੰਜਾਬੀ, ਹਿੰਦੀ, ਅੰਗਰੇਜੀ,ਸੰਸਕ੍ਰਿਤ) ਅਤੇ ਸ਼ਾਮ ਦੇ ਸੈਸ਼ਨ ਵਿੱਚ ਗਰੁੱਪ ਗੀਤ(ਇੰਡੀਅਨ), ਲੋਕ ਗੀਤ,ਡਿਬੇਟ, ਭਾਸ਼ਣ, ਕਵਿਤਾ ਲਿਖਣਾ, ਕਹਾਣੀ ਲਿਖਣਾ ਅਤੇ ਲੇਖ ਲਿਖਣ ਵੰਨਗੀਆਂ ਸ਼ਾਮਿਲ ਸਨ। ਸ਼ਬਦ ਮੁਕਾਬਲੇ ਵਿੱਚ ਡੀ. ਐਸ.ਡਬਲਿਊ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੀ ਟੀਮ ਨੇ ਪਹਿਲਾ ਸਥਾਨ ਅਤੇ ਵਿਅਕਤੀਗਤ ਵੀ ਪਹਿਲਾ ਸਥਾਨ,ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਸੈਕਟਰ-26, ਚੰਡੀਗੜ੍ਹਦੀ ਟੀਮ ਨੇ ਦੂਜਾ ਅਤੇਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ (ਲੁਧਿ.) ਦੀ ਟੀਮ ਨੇ ਤੀਜਾ ਸਥਾਨ ਅਤੇ ਵਿਅਕਤੀਗਤ ਦੂਜਾ ਸਥਾਨ, ਪੀ.ਜੀ.ਜੀ. ਕਾਲਜ ਸੈਕਟਰ-46, ਚੰਡੀਗੜ੍ਹ ਨੇ ਵਿਅਕਤੀਗਤ ਤੀਜਾ ਸਥਾਨ ਹਾਸਲਕੀਤਾ। ਭਜਨ ਮੁਕਾਬਲੇ ਵਿੱਚ ਡੀ. ਏ. ਵੀ. ਪੀ. ਜੀ. ਕਾਲਜ ਸੈਕਟਰ-10, ਚੰਡੀਗੜ੍ਹ ਦੀ ਟੀਮ ਨੇ ਪਹਿਲਾ ਅਤੇਵਿਅਕਤੀਗਤ ਵੀ ਪਹਿਲਾ ਸਥਾਨ,ਜੀ.ਜੀ.ਡੀ.ਐਸ.ਡੀ.ਕਾਲਜ , ਸੈਕਟਰ-32ਸੀ, ਚੰਡੀਗੜ੍ਹ ਦੀ ਟੀਮ ਨੇ ਦੂਜਾਅਤੇ ਵਿਅਕਤੀਗਤ ਵੀ ਦੂਜਾ ਸਥਾਨ ਅਤੇ ਪੀ.ਜੀ.ਜੀ. ਕਾਲਜ ਫਾਰ ਕੋ-ਐਡ , ਸੈਕਟਰ-11, ਚੰਡੀਗੜ੍ਹ , ਪੀ.ਜੀ.ਜੀ. ਕਾਲਜ ਫਾਰ ਗਰਲਜ਼, ਸੈਕਟਰ-11, ਚੰਡੀਗੜ੍ਹ ਅਤੇ ਵਿਅਕਤੀਗਤ ਤੀਜਾ ਸਥਾਨ ਦੀ ਟੀਮ ਨੇ ਤੀਜਾ ਸਥਾਨਹਾਸਲ ਕੀਤਾ। ਕਲਾਸੀਕਲ ਮਿਊਜ਼ਿਕ ਵੋਕਲ ਮੁਕਾਬਲੇ ਵਿੱਚ ਐਮ.ਸੀ.ਐਮ.ਡੀ.ਏ.ਵੀ. ਕਾਲਜ ਫਾਰ ਵੂਮੈਨ , ਸੈਕਟਰ-36-ਏ, ਚੰਡੀਗੜ੍ਹ ਨੇ ਪਹਿਲਾ ਸਥਾਨ, ਡੀ.ਐਸ.ਡਬਲਿਊ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਦੂਜਾ,ਪੀ.ਜੀ.ਜੀ. ਕਾਲਜ ਫਾਰ ਕੋ-ਐਡ , ਸੈਕਟਰ-11, ਚੰਡੀਗੜ੍ਹ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਸੈਕਟਰ-26, ਚੰਡੀਗੜ੍ਹ ਨੇ ਤੀਜਾ ਸਥਾਨ ਹਾਸਲ ਕੀਤਾ। ਕਵਿਤਾ ਉਚਾਰਣ ਮੁਕਾਬਲੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਸੈਕਟਰ-26, ਚੰਡੀਗੜ੍ਹ ਨੇ ਪਹਿਲਾ ਸਥਾਨ, ਐਮ.ਸੀ.ਐਮ.ਡੀ.ਏ.ਵੀ. ਕਾਲਜ ਫਾਰ ਵੂਮੈਨ , ਸੈਕਟਰ-36-ਏ, ਚੰਡੀਗੜ੍ਹ ਨੇ ਦੂਜਾ ਅਤੇ ਡੀ.ਏ.ਵੀ.ਪੀ.ਜੀ.ਕਾਲਜ, ਸੈਕਟਰ-10, ਚੰਡੀਗੜ੍ਹ ਨੇ ਤੀਜਾ ਸਥਾਨ ਹਾਸਲ ਕੀਤਾ। ਗਜ਼ਲਮੁਕਾਬਲੇ ਵਿੱਚ ਡੀ.ਐਸ.ਡਬਲਿਊ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਪਹਿਲਾ ਸਥਾਨ, ਸ੍ਰੀ ਗੁਰੂ ਗੋਬਿੰਦ ਸਿੰਘਕਾਲਜ ਸੈਕਟਰ-26, ਚੰਡੀਗੜ ਨੇ ਦੂਜਾ ਅਤੇ ਪੀ.ਜੀ.ਜੀ. ਕਾਲਜ ਫਾਰ ਕੋ-ਐਡ , ਸੈਕਟਰ-11, ਚੰਡੀਗੜ੍ਹ ਨੇ ਤੀਜਾ ਸਥਾਨ ਹਾਸਲ ਕੀਤਾ। ਗੀਤ ਮੁਕਾਬਲੇ ਵਿੱਚ ਪੀ.ਜੀ.ਜੀ. ਕਾਲਜ ਫਾਰ ਗਰਲਜ਼ , ਸੈਕਟਰ-11, ਚੰਡੀਗੜ੍ਹ ਨੇ ਪਹਿਲਾ ਸਥਾਨ, ਐਮ. ਸੀ. ਐਮ. ਡੀ.ਏ.ਵੀ. ਕਾਲਜ ਫਾਰ ਵੂਮੈਨ , ਸੈਕਟਰ-36-ਏ, ਚੰਡੀਗੜ੍ਹ ਨੇ ਦੂਜਾ ਅਤੇ ਗੌਰਮਿੰਟ ਹੋਮ ਸਾਇੰਸ ਕਾਲਜ ਸੈਕਟਰ-10, ਚੰਡੀਗੜ੍ਹ ਨੇ ਤੀਜਾ ਸਥਾਨ ਹਾਸਲ ਕੀਤਾ। ਵਨ ਐਕਟ ਪਲੇਅ ਮੁਕਾਬਲੇ ਵਿੱਚ ਐਮ.ਸੀ.ਐਮ.ਡੀ.ਏ.ਵੀ. ਕਾਲਜ ਫਾਰ ਵੂਮੈਨ , ਸੈਕਟਰ-36-ਏ, ਚੰਡੀਗੜ੍ਹ ਨੇ ਪਹਿਲਾ ਸਥਾਨ, ਡੀ.ਏ.ਵੀ. ਪੀ.ਜੀ.ਕਾਲਜ , ਸੈਕਟਰ-10, ਚੰਡੀਗੜ੍ਹ ਨੇ ਦੂਜਾ ਅਤੇ ਗੁਰੂ ਗੋਬਿੰਦ ਸਿੰਘ ਕਾਲਜ ਫਾਰ ਵੂਮੈਨ ਸੈਕਟਰ-26, ਚੰਡੀਗੜ੍ਹ, ਜੀ.ਜੀ.ਡੀ.ਐਸ.ਡੀ.ਕਾਲਜ, ਸੈਕਟਰ-32ਸੀ, ਚੰਡੀਗੜ੍ਹ ਨੇ ਤੀਜਾ ਸਥਾਨ ਹਾਸਲ ਕੀਤਾ।ਵਿਅਕਤੀਗਤ ਪਹਿਲਾ ਇਨਾਮ ਪੀ.ਜੀ.ਜੀ. ਕਾਲਜ ਫਾਰ ਗਰਲਜ਼, ਸੈਕਟਰ-11, ਚੰਡੀਗੜ੍ਹ, ਦੂਜਾ ਵਿਅਤਕੀਗਤਪੀ.ਜੀ.ਜੀ. ਕਾਲਜ ਫਾਰ ਕੋ-ਐਡ, ਸੈਕਟਰ-11, ਚੰਡੀਗੜ੍ਹ ਅਤੇ ਤੀਜਾ ਵਿਅਕਤੀਗਤ ਇਨਾਮ ਪੀ.ਜੀ.ਜੀ.ਕਾਲਜ , ਸੈਕਟਰ-46, ਚੰਡੀਗੜ ਨੇ ਪ੍ਰਾਪਤ ਕੀਤਾ। ਹਿਸਟ੍ਰੋਨਿਕ ਮੁਕਾਬਲੇ ਵਿੱਚ ਪੀ.ਜੀ.ਜੀ. ਕਾਲਜ ਫਾਰ ਕੋ-ਐਡ ,ਸੈਕਟਰ-11, ਚੰਡੀਗੜ੍ਹ ਨੇ ਪਹਿਲਾ ਸਥਾਨ, ਐਮ. ਸੀ. ਐਮ.ਡੀ. ਏ.ਵੀ. ਕਾਲਜ ਫਾਰ ਵੂਮੈਨ, ਸੈਕਟਰ-36-ਏ,ਚੰਡੀਗੜ੍ਹ ਨੇ ਦੂਜਾ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਸੈਕਟਰ-26, ਚੰਡੀਗੜ, ਡੀ.ਏ.ਵੀ. ਪੀ.ਜੀ.ਕਾਲਜ, ਸੈਕਟਰ-10, ਚੰਡੀਗੜ੍ਹ ਨੇ ਤੀਜਾ ਸਥਾਨ ਹਾਸਲ ਕੀਤਾ। ਸੁੰਦਰ ਲਿਖਾਈ-ਪੰਜਾਬੀ ਮੁਕਾਬਲੇ ਵਿੱਚ ਡੀ.ਐਸ.ਡਬਲਿਊ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਪਹਿਲਾ ਸਥਾਨ,ਪੀ.ਜੀ.ਜੀ. ਕਾਲਜ ਫਾਰ ਕੋ-ਐਡ , ਸੈਕਟਰ-11,ਚੰਡੀਗੜ੍ਹ ਨੇ ਦੂਜਾ ਅਤੇ ਗੌਰਮਿੰਟ ਕਾਲਜ, ਮਾਛੀਵਾੜਾ ਨੇ ਤੀਜਾ ਸਥਾਨ ਹਾਸਲ ਕੀਤਾ। ਸੁੰਦਰ ਲਿਖਾਈ-ਹਿੰਦੀ ਮੁਕਾਬਲੇ ਵਿੱਚ ਡੀ.ਏ.ਵੀ. ਪੀ.ਜੀ.ਕਾਲਜ , ਸੈਕਟਰ-10, ਚੰਡੀਗੜ੍ਹ ਨੇ ਪਹਿਲਾ ਸਥਾਨ,ਗੌਰਮਿੰਟ ਹੋਮ ਸਾਇੰਸ ਕਾਲਜ ਸੈਕਟਰ-10, ਚੰਡੀਗੜ੍ਹ ਨੇ ਦੂਜਾ ਅਤੇ ਡੀ.ਐਸ.ਡਬਲਿਊ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਤੀਜਾ ਸਥਾਨ ਹਾਸਲ ਕੀਤਾ। ਸੁੰਦਰ ਲਿਖਾਈ-ਅੰਗਰੇਜੀ ਮੁਕਾਬਲੇ ਵਿੱਚ ਡੀ.ਐਸ.ਡਬਲਿਊ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਪਹਿਲਾ ਸਥਾਨ, ਡੀ.ਏ.ਵੀ. ਪੀ.ਜੀ.ਕਾਲਜ , ਸੈਕਟਰ-10, ਚੰਡੀਗੜ੍ਹ ਨੇ ਦੂਜਾ ਅਤੇ ਪੀ.ਜੀ.ਜੀ. ਕਾਲਜ ਫਾਰ ਕੋ-ਐਡ , ਸੈਕਟਰ-11, ਚੰਡੀਗੜ੍ਹ ਨੇ ਤੀਜਾ ਸਥਾਨ ਹਾਸਲ ਕੀਤਾ। ਸੁੰਦਰ ਲਿਖਾਈ-ਸੰਸਕ੍ਰਿਤਮੁਕਾਬਲੇ ਵਿੱਚ ਡੀ.ਏ.ਵੀ. ਪੀ.ਜੀ.ਕਾਲਜ , ਸੈਕਟਰ-10, ਚੰਡੀਗੜ੍ਹ ਨੇ ਪਹਿਲਾ ਸਥਾਨ, ਦੇਵ ਸਮਾਜ ਕਾਲਜਫਾਰ ਵੂਮੈਨ, ਸੈਕਟਰ-45ਬੀ, ਚੰਡੀਗੜ੍ਹ ਨੇ ਦੂਜਾ ਅਤੇ ਪੀ.ਜੀ.ਜੀ. ਕਾਲਜ ਫਾਰ ਗਰਲਜ਼, ਸੈਕਟਰ-11,ਚੰਡੀਗੜ੍ਹਨੇ ਤੀਜਾ ਸਥਾਨ ਹਾਸਲ ਕੀਤਾ। ਗਰੁੱਪ ਗੀਤ(ਇੰਡੀਅਨ) ਮੁਕਾਬਲੇ ਵਿੱਚ ਪੀ.ਜੀ.ਜੀ. ਕਾਲਜ ਫਾਰ ਗਰਲਜ਼ ਸੈਕਟਰ-11, ਚੰਡੀਗੜ੍ਹ ਦੀ ਟੀਮ ਨੇ ਪਹਿਲਾ ਸਥਾਨ ਅਤੇ ਵਿਅਕਤੀਗਤ ਵੀ ਪਹਿਲਾ ਸਥਾਨ, ਡੀ.ਏ.ਵੀ. ਪੀ.ਜੀ.ਕਾਲਜ, ਸੈਕਟਰ-10, ਚੰਡੀਗੜ੍ਹ ਦੀ ਟੀਮ ਨੇ ਦੂਜਾ ਅਤੇ ਵਿਅਕਲਤੀਗਤ ਵੀ ਦੂਜਾ ਸਥਾਨ ,ਐਮ.ਸੀ.ਐਮ.ਡੀ.ਏ.ਵੀ. ਕਾਲਜ ਫਾਰ ਵੂਮੈਨ , ਸੈਕਟਰ-36-ਏ, ਚੰਡੀਗੜ੍ਹ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਵਿਅਤਕੀਗਤ ਤੀਜਾ ਸਥਾਨ ਪੀ.ਜੀ.ਜੀ. ਕਾਲਜ , ਸੈਕਟਰ-46, ਚੰਡੀਗੜ੍ਹ ਨੇ ਹਾਸਲ ਕੀਤਾ। ਡਿਬੇਟ ਮੁਕਾਬਲੇ ਵਿੱਚ ਪੀ.ਜੀ.ਜੀ. ਕਾਲਜ ਫਾਰ ਗਰਲਜ਼ , ਸੈਕਟਰ-11, ਚੰਡੀਗੜ੍ਹ ਨੇ ਪਹਿਲਾ ਸਥਾਨ, ਪੀ.ਜੀ.ਜੀ. ਕਾਲਜ ਫਾਰ ਕੋ-ਐਡ ,ਸੈਕਟਰ-11, ਚੰਡੀਗੜ੍ਹ ਨੇ ਦੂਜਾ ਅਤੇ ਡੀ.ਐਸ.ਡਬਲਿਊ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਤੀਜਾ ਸਥਾਨ ਹਾਸਲ ਕੀਤਾ। ਭਾਸ਼ਣ ਮੁਕਾਬਲੇ ਵਿੱਚ ਐਮ. ਸੀ. ਐਮ.ਡੀ. ਏ.ਵੀ. ਕਾਲਜ ਫਾਰ ਵੂਮੈਨ , ਸੈਕਟਰ-36 ਏ, ਚੰਡੀਗੜ੍ਹ ਨੇ ਪਹਿਲਾ ਸਥਾਨ, ਡੀ. ਏ. ਵੀ. ਪੀ.ਜੀ. ਕਾਲਜ , ਸੈਕਟਰ-10, ਚੰਡੀਗੜ੍ਹ ਨੇ ਦੂਜਾ ਅਤੇ ਡੀ.ਐਸ.ਡਬਲਿਊ ਪੰਜਾਬ ਯੂਨੀਵਰਸਿਟੀ, ਚੰਡੀਗੜ ਨੇ ਤੀਜਾ ਸਥਾਨ ਹਾਸਲ ਕੀਤਾ। ਕਹਾਣੀ ਲਿਖਣ ਮੁਕਾਬਲੇ ਵਿੱਚ ਜੀ.ਜੀ.ਡੀ.ਐਸ.ਡੀ. ਕਾਲਜ , ਸੈਕਟਰ-32 ਸੀ, ਚੰਡੀਗੜ੍ਹ ਨੇ ਪਹਿਲਾ ਸਥਾਨ,ਪੀ.ਜੀ.ਜੀ. ਕਾਲਜ ਫਾਰ ਕੋ-ਐਡ ,ਸੈਕਟਰ-11, ਚੰਡੀਗੜ ਨੇ ਦੂਜਾ ਅਤੇ ਗੁਰੂ ਗੋਬਿੰਦ ਸਿੰਘ ਕਾਲਜ ਫਾਰ ਵੂਮੈਨ ਸੈਕਟਰ-26, ਚੰਡੀਗੜਨੇ ਤੀਜਾਸਥਾਨ ਹਾਸਲ ਕੀਤਾ। ਲੇਖ ਲਿਖਣ ਮੁਕਾਬਲੇ ਵਿੱਚ ਪੀ.ਜੀ.ਜੀ. ਕਾਲਜ ਫਾਰ ਗਰਲਜ਼ , ਸੈਕਟਰ-11, ਚੰਡੀਗੜ੍ਹਨੇ ਪਹਿਲਾ ਸਥਾਨ,ਐਮ.ਸੀ.ਐਮ.ਡੀ.ਏ.ਵੀ. ਕਾਲਜ ਫਾਰ ਵੂਮੈਨ , ਸੈਕਟਰ-36-ਏ, ਚੰਡੀਗੜ੍ਹ ਨੇ ਦੂਜਾ ਅਤੇ ਡੀ.ਏ.ਵੀ. ਪੀ.ਜੀ.ਕਾਲਜ , ਸੈਕਟਰ-10, ਚੰਡੀਗੜ੍ਹ ਨੇ ਤੀਜਾ ਸਥਾਨ ਹਾਸਲ ਕੀਤਾ। ਸ.ਹਰਜਤਿੰਦਰ ਸਿੰਘ ਬਾਜਵਾਐਡੀ.ਆਨਰੇਰੀ ਸਕੱਤਰ ਕਾਲਜ ਲੋਕਲ ਕਮੇਟੀ ਨੇ ਅੰਤ ਵਿੱਚ ਕਾਲਜ ਪਹੁੰਚੇ ਸਾਰੇ ਭਾਗੀਦਾਰਾਂ, ਇੰਚਾਰਜ ਸਾਹਿਬਾਨ ਅਤੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਯੁਵਕ ਮੇਲੇ ਯੁਵਾ ਪੀੜ੍ਹੀ ਨੂੰ ਆਪਣੀ ਵਿਰਾਸਤ ਨਾਲ ਜੋੜਨ ਵਿੱਚ ਸਹਾਈ ਸਿੱਧ ਹੁੰਦੇ ਹਨ ਅਤੇ ਮਿਲਵਰਤਣ ਦੀ ਭਾਵਨਾ ਵਧਦੀ ਹੈ ਅਤੇ ਸਭ ਦੇ ਸਹਿਯੋਗ ਨਾਲ ਇਸ ਯੁਵਕ ਮੇਲੇ ਦਾ ਦੂਜਾ ਦਿਨਵੀ ਨਿਰਵਿਘਨ ਸਮਾਪਤ ਹੋਇਆ ਹੈ।

## ਇੱਕ ਨਜ਼ਰ ...



# ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਲੋਕਾਂ ਨੇ ਬਾਹਰੀ ਉਮੀਦਵਾਰਾਂ ਵਿਰੁੱਧ ਬੁਲੰਦ ਕੀਤੀ ਆਵਾਜ਼

### ਭਰਵੇਂ ਇਕੱਠ ਦੌਰਾਨ ਹਲਕੇ ਦੇ ਜੰਮਪਲ ਉਮੀਦਵਾਰ ਦੀ ਕੀਤੀ ਵਕਾਲਤ

ਸ੍ਰੀ ਅਨੰਦਪੁਰ ਸਾਹਿਬ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਵਿਧਾਨ ਸਭਾ ਹਲਕਾ ਸ਼੍ਰੀ ਅਨੰਦਪੁਰ ਸਾਹਿਬ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਹਲਕੇ ਦੀ ਸਿਆਸਤ ਵਿੱਚ ਸਥਾਨਕ ਉਮੀਦਵਾਰ ਦੀ ਭੂਮਿਕਾ ਨੂੰ ਲੈ ਕੇ ਇਲਾਕੇ ਦੇ ਲੋਕ ਇੱਕ ਮੰਚ 'ਤੇ ਇਕੱਠੇ ਹੋਏ। ਇਸ ਮੌਕੇ ਵੱਖ-ਵੱਖ ਪਿੰਡਾਂ ਤੋਂ ਪਹੁੰਚੇ ਪੰਚਾਂ, ਸਰਪੰਚਾਂ, ਸਮਾਜ ਸੇਵੀਆਂ ਅਤੇ ਹੋਰ ਮੋਹਤਬਰ ਵਿਅਕਤੀਆਂ ਨੇ ਜ਼ੋਰਦਾਰ ਢੰਗ ਨਾਲ ਆਵਾਜ਼ ਬੁਲੰਦ ਕਰਦਿਆਂ ਕਿਹਾ ਕਿ ਕਿਸੇ ਵੀ ਸਿਆਸੀ ਪਾਰਟੀ ਵੱਲੋਂ ਹਲਕੇ ਤੋਂ ਬਾਹਰੀ ਉਮੀਦਵਾਰ ਉਤਾਰਨ ਦੀ ਬਜਾਏ ਇੱਥੋਂ ਦੇ ਜੰਮਪਲ ਵਿਅਕਤੀ ਨੂੰ ਹੀ ਮੌਕਾ ਦਿੱਤਾ ਜਾਣਾ ਚਾਹੀਦਾ ਹੈ। ਭਰਵੇਂ ਇਕੱਠ ਦੌਰਾਨ ਸਾਬਕਾ ਡੀਆਈਜੀ ਦਲਜੀਤ ਸਿੰਘ ਰਾਣਾ ਦੇ ਹੱਕ ਵਿੱਚ ਵੀ ਕਈ ਆਵਾਜ਼ਾਂ ਉੱਠੀਆਂ। ਇਕੱਠ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਹਲਕਾ ਸ੍ਰੀ ਅਨੰਦਪੁਰ ਸਾਹਿਬ ਲੰਮੇ ਸਮੇਂ ਤੋਂ ਕਈ ਬੁਨਿਆਦੀ ਸਮੱਸਿਆਵਾਂ ਨਾਲ ਜੂਝ ਰਿਹਾ ਹੈ। ਉਨ੍ਹਾਂ ਦਾ ਕਹਿਣਾ ਸੀ ਕਿ ਸਮੇਂ-ਸਮੇਂ 'ਤੇ ਬਾਹਰੋਂ ਆਏ ਉਮੀਦਵਾਰਾਂ ਨੇ ਇੱਥੋਂ ਚੋਣਾਂ ਜਿੱਤੀਆਂ, ਪਰ ਹਲਕੇ ਦੀਆਂ ਲੋੜਾਂ ਅਤੇ ਲੋਕਾਂ ਦੀਆਂ ਉਮੀਦਾਂ ਅਨੁਸਾਰ ਵਿਕਾਸ ਨਹੀਂ ਹੋ ਸਕਿਆ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਹਲਕੇ ਵਿੱਚੋਂ ਹੋਣ ਵਾਲੀ ਮਾਈਨਿੰਗ ਰਾਹੀਂ ਲੱਖਾਂ-ਕਰੋੜਾਂ ਰੁਪਏ ਦੇ ਸਰੋਤਾਂ ਦਾ ਲਾਭ ਬਾਹਰਲੇ ਖੇਤਰਾਂ ਨੂੰ ਮਿਲਦਾ ਰਿਹਾ, ਜਦਕਿ ਸਥਾਨਕ ਲੋਕਾਂ ਨੂੰ ਉਮੀਦ ਅਨੁਸਾਰ ਫਾਇਦਾ ਨਹੀਂ ਮਿਲਿਆ। ਉਨ੍ਹਾਂ ਇਹ ਵੀ ਕਿਹਾ ਕਿ ਹਲਕੇ ਵਿੱਚ ਹੋਣ ਵਾਲੇ ਵਿਕਾਸ ਕਾਰਜਾਂ ਅਤੇ ਸਹੂਲਤਾਂ ਦਾ ਲਾਭ ਵੀ ਸਥਾਨਕ ਲੋਕਾਂ ਤੱਕ ਪੂਰੀ ਤਰ੍ਹਾਂ ਨਹੀਂ ਪਹੁੰਚਿਆ। ਸਿਹਤ ਸਹੂਲਤਾਂ ਦੇ ਮੁੱਦੇ 'ਤੇ ਚਿੰਤਾ ਪ੍ਰਗਟ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਇਲਾਕੇ ਵਿੱਚ ਅੱਜ ਵੀ ਇੱਕ ਵੱਡੇ ਅਤੇ ਆਧੁਨਿਕ ਹਸਪਤਾਲ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਹੈ। ਉਨ੍ਹਾਂ ਅਨੁਸਾਰ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਠੋਸ ਉਪਰਾਲਿਆਂ ਦੀ ਲੋੜ ਹੈ, ਤਾਂ ਜੋ ਮਰੀਜ਼ਾਂ ਨੂੰ ਇਲਾਜ ਲਈ ਦੂਰ-ਦੁਰਾਡੇ ਦੇ ਸ਼ਹਿਰਾਂ ਵਿੱਚ ਨਾ ਜਾਣਾ ਪਵੇ। ਇਸ ਦੇ ਨਾਲ ਹੀ ਬੁਲਾਰਿਆਂ ਨੇ ਹਲਕੇ ਵਿੱਚ ਨਸ਼ਿਆਂ ਦੀ ਵਧ ਰਹੀ ਸਮੱਸਿਆ 'ਤੇ ਚਿੰਤਾ ਜਤਾਈ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਪਿੰਡਾਂ ਦੇ ਵਿਕਾਸ ਲਈ ਲੋਕਾਂ ਨੂੰ ਜਾਗਰੂਕ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਇਕਜੁੱਟ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਆਪਣੇ ਹੱਕਾਂ ਅਤੇ ਹਲਕੇ ਦੀਆਂ ਸਮੱਸਿਆਵਾਂ ਪ੍ਰਤੀ ਜਾਗਰੂਕ ਕੀਤਾ ਜਾਣਾ ਚਾਹੀਦਾ ਹੈ। ਬੁਲਾਰਿਆਂ ਨੇ ਕਿਹਾ ਕਿ ਹਲਕੇ ਦੀ ਨੁਮਾਇੰਦਗੀ ਅਜਿਹੇ ਵਿਅਕਤੀ ਦੇ ਹੱਥ ਵਿੱਚ ਹੋਣੀ ਚਾਹੀਦੀ ਹੈ, ਜੋ ਇੱਥੋਂ ਦੀਆਂ ਸਮੱਸਿਆਵਾਂ ਨੂੰ ਨੇੜਿਓਂ ਸਮਝਦਾ ਹੋਵੇ ਅਤੇ ਲੋਕਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਵਚਨਬੱਧ ਹੋਵੇ ।ਇਸ ਮੌਕੇ ਮੁੱਖ ਮੰਗ ਇਹੀ ਰਹੀ ਕਿ ਹਲਕੇ ਦੇ ਵਿਕਾਸ, ਨੌਜਵਾਨਾਂ ਦੇ ਭਵਿੱਖ ਅਤੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਸਥਾਨਕ ਉਮੀਦਵਾਰ ਨੂੰ ਪਹਿਲ ਦਿੱਤੀ ਜਾਵੇ। ਇਸ ਮੌਕੇ ਕੁਲਵੰਤ ਸਿੰਘ ਬਾਠ, ਅਮਰਜੀਤ ਸਿੰਘ ਵਾਲੀਆ, ਜਸਵੀਰ ਸਿੰਘ ਟਿੱਕਾ ਭਲਾਣ, ਗੁਰਨਾਮ ਸਿੰਘ ਠੇਕੇਦਾਰ, ਡਾ. ਦੀਵਾਨ, ਪ੍ਰਦੀਪ ਸੋਨੀ, ਰਣਜੀਤ ਸਿੰਘ ਓਲੰਪੀਅਨ, ਪਰਮਜੀਤ ਸਿੰਘ ਓਲੰਪੀਅਨ, ਹਰਜਿੰਦਰ ਸਿੰਘ ਗੱਜਪੁਰ, ਬਲਵੀਰ ਸਿੰਘ ਭੀਰੀ, ਕੈਪਟਨ ਬਹਾਦਰ ਸਿੰਘ, ਹੈੱਡ ਕਲਰਕ ਸ਼ਿਵ ਕੁਮਾਰ, ਕੈਪਟਨ ਸਵਿਕਰ ਚੰਦ ਅਤੇ ਸੁਰਿੰਦਰ ਸਿੰਘ ਢੇਰ ਸਮੇਤ ਵੱਖ-ਵੱਖ ਪਿੰਡਾਂ ਦੇ ਪੰਚ, ਸਰਪੰਚ ਅਤੇ ਹੋਰ ਮੋਹਤਬਰ ਵਿਅਕਤੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਹਰਗੋਬਿੰਦ ਸਾਹਿਬ ਸੀਨੀਅਰ ਸਕੈਂਡਰੀ ਸਕੂਲ ਜਾਮਾਰਾਏ ਦੇ ਵਿਦਿਆਰਥੀਆਂ ਲਈ ਵਿੱਦਿਅਕ ਟੂਰ ਦਾ ਆਯੋਜਨ



ਤਰਨ ਤਾਰਨ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਪਿੰਡ ਜਾਮਾਰਾਏ ਵਿਖੇ ਬਾਬਾ ਬਿਧੀ ਚੰਦ ਜੀ ਦੀ ਸੇਵਾ ਸੰਸਥਾ ਮੁੰਡਾ ਪਿੰਡ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਵਿਦਿਅਕ ਸੰਸਥਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਸੀਨੀਅਰ ਸਕੈਂਡਰੀ ਸਕੂਲ ਜਾਮਾਰਾਏ ਦੇ ਵਿਦਿਆਰਥੀਆਂ ਲਈ ਇੱਕ ਮਨੋਰੰਜਕ ਅਤੇ ਵਿੱਦਿਅਕ ਟੂਰ ਦਾ ਆਯੋਜਨ ਕੀਤਾ ਗਿਆ। ਇਸ ਟੂਰ ਦੌਰਾਨ ਪਹਿਲੀ ਤੋ ਬਾਰਵੀਂ ਜਮਾਤ ਦੇ ਲੜਕੇ ਅਤੇ ਲੜਕੀਆਂ ਨੇ ਕੰਗ ਨਿਰਵਾਣਾ ਰਿਜ਼ੋਰਟ, ਹੁਸ਼ਿਆਰਪੁਰ ਵਿਖੇ ਪਹੁੰਚ ਕੇ ਖੂਬ ਆਨੰਦ ਮਾਣਿਆ। ਇਸ ਟੂਰ ਦੌਰਾਨ ਬੱਚਿਆਂ ਨੇ ਵੱਖ-ਵੱਖ ਐਡਵੈਂਚਰ ਗਤੀਵਿਧੀਆਂ, ਵਾਟਰ ਪਾਰਕ ਅਤੇ ਹੋਰ ਮਨੋਰੰਜਕ ਖੇਡਾਂ ਵਿੱਚ ਭਾਗ ਲਿਆ। ਇਨ੍ਹਾਂ ਗਤੀਵਿਧੀਆਂ ਰਾਹੀਂ ਬੱਚਿਆਂ ਨੂੰ ਸਰੀਰਕ ਕਸਰਤ ਕਰਨ, ਨਵੀਆਂ ਚੀਜ਼ਾਂ ਸਿੱਖਣ, ਆਪਸੀ ਸਹਿਯੋਗ ਦੀ ਭਾਵਨਾ ਵਿਕਸਿਤ ਕਰਨ ਅਤੇ ਆਤਮ-ਵਿਸ਼ਵਾਸ ਵਧਾਉਣ ਦਾ ਮੌਕਾ ਮਿਲਿਆ। ਇਸ ਵਿੱਦਿਅਕ ਟੂਰ ਦਾ ਮੁੱਖ ਉਦੇਸ਼ ਬੱਚਿਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਵਿਹਾਰਕ ਅਨੁਭਵ ਪ੍ਰਦਾਨ ਕਰਨਾ, ਉਨ੍ਹਾਂ ਦੇ ਸਰਵਪੱਖੀ. ਵਿਕਾਸ ਨੂੰ ਉਤਸ਼ਾਹਿਤ ਕਰਨਾ ਅਤੇ ਪੜ੍ਹਾਈ ਦੇ ਨਾਲ ਮਨੋਰੰਜਨ ਦੇ ਪਲ ਪ੍ਰਦਾਨ ਕਰਨਾ ਸੀ। ਬੱਚਿਆਂ ਨੇ ਆਪਣੇ ਅਧਿਆਪਕਾਂ ਦੀ ਦੇਖ-ਰੇਖ ਹੇਠ ਇਸ ਯਾਤਰਾ ਦਾ ਭਰਪੂਰ ਆਨੰਦ ਮਾਣਿਆ। ਸਕੂਲ ਪ੍ਰਬੰਧਕਾਂ ਅਨੁਸਾਰ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਮਾਨਸਿਕ, ਸਰੀਰਕ ਅਤੇ ਸਮਾਜਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਇਹ ਟੂਰ ਬੱਚਿਆਂ ਲਈ ਯਾਦਗਾਰੀ ਅਤੇ ਖੁਸ਼ੀਆਂ ਭਰਿਆ ਅਨੁਭਵ ਸਾਬਤ ਹੋਇਆ। ਇਸ ਮੌਕੇ ਤੇ ਸਕੂਲ ਦੇ ਮੈਨੇਜਰ ਡਾਇਰੈਕਟਰ ਹਰਪ੍ਰੀਤ ਕੌਰ ਸੰਧੂ, ਕੁਆਰਡੀਨੇਟਰ ਸੁਖਵਿੰਦਰ ਕੌਰ, ਗੁਰਦੀਪ ਸਿੰਘ, ਛਿੰਦਰ ਸਿੰਘ, ਸਰਬਜੀਤ ਕੌਰ, ਅਰਸ਼ਦੀਪ ਕੌਰ, ਸਮੂਹ ਸਟਾਫ਼ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243